PAIGAM-E-JAGAT

ਪੈ.ਗਾਮ-ਏ-ਜਗਤ

Title code : CHAMUL00914 | E-mail : Info@paigamejagat.com | ਬੁੱਧਵਾਰ, 23 ਸਤੰਬਰ 2026, ਸਾਲ-4, ਅੰਕ-7, ਚੰਡੀਗੜ੍ਹ, ਮੁੱਖ ਸੰਪਾਦਕ : ਦਵਿੰਦਰ ਕੁਮਾਰ, ਸੰਪਰਕ-9878862733, 9872340701

ਜ਼ਿੰਦਗੀ ਬਾਰੇ ਇੰਨਾ ਨਾ ਸੋਚੋ; ਜਿਸਨੇ ਤੁਹਾਨੂੰ ਜ਼ਿੰਦਗੀ ਦਿੱਤੀ ਹੈ, ਉਸਨੇ ਵੀ ਕੁਝ ਸੋਚਿਆ ਹੋਵੇਗਾ।

ਸ਼ਹਿਰੀ ਅਤੇ ਪੇਂਡੂ ਸਥਾਨਕ ਸੰਸਥਾਵਾਂ ਲਈ ਮਜ਼ਬੂਤ ਵਿੱਤੀ ਢਾਂਚਾ ਜਰੂਰੀ : ਭਗਵੰਤ ਮਾਨ

ਕਮਿਸ਼ਨ 30 ਸਤੰਬਰ, 2027 ਤੱਕ ਆਪਣੀ ਰਿਪੋਰਟ ਸੌਂਪੇਗਾ: ਭਗਵੰਤ ਮਾਨ



ਚੰਡੀਗੜ੍ਹ, 22 ਸਤੰਬਰ (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ਼ਹਿਰੀ ਅਤੇ ਪੇਂਡੂ ਸਥਾਨਕ ਸੰਸਥਾਵਾਂ ਲਈ ਮਜ਼ਬੂਤ ਵਿੱਤੀ ਢਾਂਚੇ ਦੀ ਵਕਾਲਤ ਕੀਤੀ। ਉਨ੍ਹਾਂ ਵਿੱਤੀ ਸਥਿਰਤਾ ਅਤੇ ਜ਼ਮੀਨੀ ਪੱਧਰ ਉੱਤੇ ਪ੍ਰਭਾਵਸ਼ਾਲੀ ਸ਼ਾਸਨ ਯਕੀਨੀ ਬਣਾਉਣ ਲਈ ਸੂਬਿਆਂ ਵਾਸਤੇ ਅਨੁਸ਼ਾਸਿਤ ਵਿੱਤੀ ਰਾਹ ਅਤੇ ਟਿਕਾਊ ਵਿੱਤੀ ਸੰਸਥਾਵਾਂ ਦੀ ਲੋੜ 'ਤੇ ਜ਼ੋਰ ਦਿੱਤਾ।

ਨਵੇਂ ਬਣੇ ਸੱਤਵੇਂ ਪੰਜਾਬ ਵਿੱਤ ਕਮਿਸ਼ਨ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਕਮਿਸ਼ਨ ਦਾ ਗਠਨ ਪੰਚਾਇਤਾਂ/ਨਗਰਪਾਲਿਕਾਵਾਂ ਅਤੇ ਰਾਜ ਵਿਚਕਾਰ ਟੈਕਸਾਂ, ਡਿਊਟੀਆਂ, ਰੋਡ ਟੈਕਸ ਅਤੇ ਹੋਰਾਂ ਦੀ ਵੰਡ ਲਈ ਵਿਸ਼ੇਸ਼ ਸਿਫ਼ਾਰਸ਼ਾਂ ਕਰਨ ਤੋਂ ਇਲਾਵਾ ਇਨ੍ਹਾਂ ਨਾਗਰਿਕ ਸੰਸਥਾਵਾਂ ਦੀ ਵਿੱਤੀ ਸਥਿਤੀ ਸੁਧਾਰਨ ਲਈ ਹੋਰ ਸਿਫ਼ਾਰਸ਼ਾਂ ਕਰਨ ਲਈ ਕੀਤਾ ਗਿਆ ਹੈ।

ਮੁੱਖ ਮੰਤਰੀ ਨੇ ਕਿਹਾ, ਕਮਿਸ਼ਨ ਪੰਚਾਇਤੀ ਰਾਜ ਸੰਸਥਾਵਾਂ ਅਤੇ ਨਗਰਪਾਲਿਕਾਵਾਂ ਨੂੰ ਵਿੱਤੀ ਵਿਕੇਂਦਰੀਕਰਣ ਯਕੀਨੀ ਬਣਾਉਣ ਲਈ ਸੰਵਿਧਾਨਕ ਜ਼ਰੀਆ ਹੈ। ਇਸ ਦਾ ਮਨੋਰਥ ਇਹ ਯਕੀਨੀ ਬਣਾਉਣਾ ਹੈ ਕਿ 73ਵੀਂ ਸੰਵਿਧਾਨਕ ਸੋਧ ਤਹਿਤ ਬਣਾਈਆਂ ਗਈਆਂ ਜ਼ਮੀਨੀ ਪੱਧਰ ਦੀਆਂ ਸੰਸਥਾਵਾਂ ਕੋਲ ਆਪਣੀਆਂ ਜ਼ਿੰਮੇਵਾਰੀਆਂ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਲਈ ਵਿੱਤੀ ਸਮਰੱਥਾ ਹੋਵੇ।

ਕਮਿਸ਼ਨ ਦੇ ਚੇਅਰਮੈਨ ਅਤੇ ਮੈਂਬਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਕਿਹਾ, ਸੂਬਾਈ ਵਿੱਤ ਕਮਿਸ਼ਨ ਕੋਲ ਪੰਚਾਇਤੀ ਰਾਜ ਸੰਸਥਾਵਾਂ ਅਤੇ ਨਗਰਪਾਲਿਕਾਵਾਂ ਦੀ ਵਿੱਤੀ ਸਥਿਤੀ ਦੀ ਜਾਂਚ ਕਰਨ ਅਤੇ ਸਥਾਨਕ ਸਰਕਾਰਾਂ ਦੀਆਂ ਵਿੱਤੀ ਦੇਣਦਾਰੀਆਂ ਅਤੇ ਵਿੱਤੀ ਸਥਿਰਤਾ ਮਜ਼ਬੂਤ ਕਰਨ ਲਈ ਇੱਕ ਢਾਂਚੇ ਦੀ ਸਿਫ਼ਾਰਸ਼ ਕਰਨ ਦੀ ਮਹੱਤਵਪੂਰਨ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ, ਜ਼ਰੂਰੀ ਨਾਗਰਿਕ ਸੇਵਾਵਾਂ ਪ੍ਰਦਾਨ ਕਰਨ ਅਤੇ ਸਥਾਨਕ ਬੁਨਿਆਦੀ ਢਾਂਚੇ ਦੇ ਨਿਰਮਾਣ ਵਿੱਚ ਪੰਚਾਇਤਾਂ ਅਤੇ ਸ਼ਹਿਰੀ ਸਥਾਨਕ ਸੰਸਥਾਵਾਂ ਦੀਆਂ ਵਧਦੀਆਂ ਜ਼ਿੰਮੇਵਾਰੀਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਸਾਧਨਾਂ ਦੀ ਵੰਡ ਦੀ ਇੱਕ ਪਾਰਦਰਸ਼ੀ, ਨਿਆਂਪੂਰਨ ਅਤੇ ਟਿਕਾਊ ਪ੍ਰਣਾਲੀ ਦੀ ਲੋੜ ਹੈ।

ਮੁੱਖ ਮੰਤਰੀ ਨੇ ਕਿਹਾ, ਮੈਨੂੰ ਉਮੀਦ ਹੈ ਕਿ ਕਮਿਸ਼ਨ ਸਥਾਨਕ ਸੰਸਥਾਵਾਂ ਦੀ ਆਮਦਨ ਸੰਭਾਵਨਾ, ਖ਼ਰਚਿਆਂ ਦੀਆਂ ਜ਼ਿੰਮੇਵਾਰੀਆਂ ਅਤੇ ਵਿੱਤੀ ਲੋੜਾਂ ਦਾ ਵਿਆਪਕ ਮੁਲਾਂਕਣ ਕਰੇਗਾ ਅਤੇ ਉਨ੍ਹਾਂ ਦੀ ਵਿੱਤੀ ਸਮਰੱਥਾ ਨੂੰ ਮਜ਼ਬੂਤ ਕਰਨ ਅਤੇ ਉਨ੍ਹਾਂ ਨੂੰ ਆਪਣੇ ਕੰਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਿਭਾਉਣ ਦੇ ਯੋਗ ਬਣਾਉਣ ਲਈ ਵਿਹਾਰਕ ਅਤੇ ਭਵਿੱਖਮੁਖੀ ਸਿਫ਼ਾਰਸ਼ਾਂ ਕਰੇਗਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਕਮਿਸ਼ਨ ਕੋਲ ਇਹ ਅਧਿਕਾਰ ਹੈ ਕਿ ਉਹ ਸੂਬੇ ਵੱਲੋਂ ਲਗਾਏ ਜਾਣ (ਬਾਕੀ ਸਫ਼ਾ 2 ਤੇ)

Harmanpreet ਤੇ ਟੀਮ ਨੇ ਭਾਰਤ ਲਈ ਜਿੱਤਿਆ ਪਹਿਲਾ ਗੋਲਡ ਮੈਡਲ; ਸ੍ਰੀਲੰਕਾ ਨੂੰ 147 ਦੌੜਾਂ ਨਾਲ ਪਛਾੜਿਆ

ਜਪਾਨ, 22 ਸਤੰਬਰ (ਪੈ.ਗਾਮ-ਏ-ਜਗਤ)

ਭਾਰਤੀ ਮਹਿਲਾ ਕ੍ਰਿਕਟ ਟੀਮ ਨੇ ਏਸ਼ਿਆਈ ਖੇਡਾਂ ਵਿੱਚ ਆਪਣਾ ਦਬਦਬਾ ਬਰਕਰਾਰ ਰੱਖਦਿਆਂ ਸੋਨ ਤਗ਼ਮਾ ਆਪਣੇ ਨਾਂ ਕੀਤਾ ਹੈ। ਲੰਘੇ ਮੰਗਲਵਾਰ ਨੂੰ ਖੇਡੇ ਗਏ ਇੱਕਤਰਫ਼ਾ ਫ਼ਾਈਨਲ ਮੁਕਾਬਲੇ ਵਿੱਚ ਭਾਰਤ ਨੇ ਸ੍ਰੀਲੰਕਾ ਨੂੰ 147 ਦੌੜਾਂ ਦੇ ਵੱਡੇ ਫ਼ਰਕ ਨਾਲ ਕਰਾਰੀ ਹਾਰ ਦਿੱਤੀ।

ਹਰਮਨਪ੍ਰੀਤ ਕੌਰ ਦੀ ਅਗਵਾਈ ਵਾਲੀ ਭਾਰਤੀ ਟੀਮ ਦਾ ਚੱਲ ਰਹੀਆਂ ਖੇਡਾਂ ਵਿੱਚ ਇਹ ਪਹਿਲਾ ਸੋਨ ਤਗ਼ਮਾ ਹੈ, ਜੋ ਬੱਲੇਬਾਜ਼ਾਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਬਦੌਲਤ ਸੰਭਵ ਹੋਇਆ। ਭਾਰਤ ਨੇ ਸ੍ਰੀਲੰਕਾ ਸਾਹਮਣੇ ਜਿੱਤ ਲਈ 217 ਦੌੜਾਂ ਦਾ ਪਹਾੜ ਵਰਗਾ ਟੀਚਾ ਰੱਖਿਆ ਸੀ। ਭਾਰਤ ਵੱਲੋਂ ਸਮ੍ਰਿਤੀ ਮੰਧਾਨਾ ਨੇ ਸ਼ਾਨਦਾਰ ਬੱਲੇਬਾਜ਼ੀ ਕਰਦਿਆਂ 45 ਗੇਂਦਾਂ ਵਿੱਚ 79 ਦੌੜਾਂ ਬਣਾਈਆਂ, ਜਦਕਿ ਰਿਚਾ ਘੋਸ਼ ਨੇ ਆਖ਼ਰੀ ਓਵਰਾਂ ਵਿੱਚ ਤਾਬੜਤੋੜ ਬੱਲੇਬਾਜ਼ੀ ਕਰਦਿਆਂ 22 ਗੇਂਦਾਂ ਵਿੱਚ 48 ਦੌੜਾਂ ਦੀ ਅਜੇਤੂ ਪਾਰੀ ਖੇਡੀ। ਇਸ ਦੀ ਬਦੌਲਤ ਭਾਰਤ ਨੇ 3 ਵਿਕਟਾਂ ਦੇ ਨੁਕਸਾਨ 'ਤੇ 216 ਦੌੜਾਂ ਬਣਾਈਆਂ, ਜੋ ਏਸ਼ਿਆਈ ਖੇਡਾਂ ਦੇ ਇਤਿਹਾਸ ਦਾ ਸਭ ਤੋਂ ਵੱਡਾ ਸਕੋਰ ਹੈ। ਟੀਚੇ ਦਾ ਪਿੱਛਾ ਕਰਨ ਉੱਤਰੀ ਸ੍ਰੀਲੰਕਾ ਟੀਮ (ਬਾਕੀ ਸਫ਼ਾ 2 ਤੇ)



ਭਗਵੰਤ ਮਾਨ ਨੇ ਭਾਰਤੀ ਮਹਿਲਾ ਕ੍ਰਿਕਟ ਟੀਮ ਨੂੰ ਦਿੱਤੀ ਵਧਾਈ

ਚੰਡੀਗੜ੍ਹ - ਏਸ਼ੀਆਈ ਖੇਡਾਂ 2026 ਵਿੱਚ ਭਾਰਤੀ ਮਹਿਲਾ ਕ੍ਰਿਕਟ ਟੀਮ ਨੇ ਅੱਜ ਦੇਸ਼ ਨੂੰ ਪਹਿਲਾ ਸੋਨ ਤਗਮਾ ਦਿਵਾਇਆ। ਹਰਮਨਪ੍ਰੀਤ ਕੌਰ ਦੀ ਅਗਵਾਈ ਵਾਲੀ ਭਾਰਤੀ ਟੀਮ ਨੇ ਮਹਿਲਾ ਟੀ-20 ਫਾਈਨਲ ਵਿੱਚ ਸ਼੍ਰੀਲੰਕਾ ਨੂੰ 147 ਦੌੜਾਂ ਨਾਲ ਹਰਾ ਦਿੱਤਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਭਾਰਤੀ ਮਹਿਲਾ ਕ੍ਰਿਕਟ ਟੀਮ ਨੂੰ ਵਧਾਈ ਦਿੱਤੀ ਹੈ ਅਤੇ ਕਪਤਾਨ ਹਰਮਨਪ੍ਰੀਤ ਕੌਰ ਲਈ ਇਨਾਮੀ ਰਾਸ਼ੀ ਦਾ ਐਲਾਨ ਕੀਤਾ ਹੈ। ਸੀਐਮ ਮਾਨ ਨੇ ਟਵੀਟ ਕੀਤਾ ਕਿ ਏਸ਼ੀਅਨ ਗੇਮਜ਼ 'ਚ ਭਾਰਤੀ ਮਹਿਲਾ ਕ੍ਰਿਕਟ ਟੀਮ ਨੇ ਸੋਨ ਤਗਮਾ ਜਿੱਤ ਕੇ (ਬਾਕੀ ਸਫ਼ਾ 2 ਤੇ)

ਵੰਦੇ ਮਾਤਰਮ ਨਾ ਗਾਉਣ ਵਾਲੇ ਨੂੰ ਸਜ਼ਾ ਨਾ ਦਿੱਤੀ ਜਾਵੇ: ਸੁਪਰੀਮ ਕੋਰਟ

ਨਵੀਂ ਦਿੱਲੀ, 22 ਸਤੰਬਰ (ਪੈ.ਗਾਮ-ਏ-ਜਗਤ)



ਸੁਪਰੀਮ ਕੋਰਟ ਨੇ ਜ਼ਮੀਰ ਦੀ ਆਵਾਜ਼ ਜਾਂ ਧਾਰਮਿਕ ਆਸਥਾ ਕਾਰਨ ਵੰਦੇ ਮਾਤਰਮ ਗੀਤ ਗਾਉਣ ਤੋਂ ਇਨਕਾਰ ਕਰਨ ਵਾਲਿਆਂ ਨੂੰ ਸਜ਼ਾ ਨਾ ਦੇਣ ਦੀ ਕੇਂਦਰ ਸਰਕਾਰ ਨੂੰ ਹਦਾਇਤ ਕੀਤੀ ਹੈ। ਅਦਾਲਤ ਨੇ ਸਰਕਾਰ ਨੂੰ 1986 ਦੇ ਉਸ ਫ਼ੈਸਲੇ ਨੂੰ ਧਿਆਨ 'ਚ ਰੱਖਣ ਲਈ ਕਿਹਾ ਜਿਸ 'ਚ ਆਪਣੀ ਜ਼ਮੀਰ ਦੀ ਆਵਾਜ਼ ਦੇ ਆਧਾਰ 'ਤੇ ਕੌਮੀ ਤਰਾਨਾ ਗਾਉਣ ਤੋਂ ਇਨਕਾਰ ਕਰਨ ਵਾਲੇ ਬੱਚਿਆਂ ਨੂੰ ਰਾਹਤ ਦਿੱਤੀ ਗਈ ਸੀ। ਚੀਫ ਜਸਟਿਸ ਸੂਰਿਆ ਕਾਂਤ, ਜਸਟਿਸ ਜੌਇਮਾਲਿਆ ਬਾਗਚੀ ਅਤੇ ਵੀ ਮੋਹਨਾ 'ਤੇ ਆਧਾਰਿਤ ਬੈਂਚ ਕਰਨਾਟਕ ਦੇ ਗਾਇਕ ਟੀ ਐੱਮ ਕ੍ਰਿਸ਼ਨਾ ਵੱਲੋਂ ਦਾਖ਼ਲ ਕੀਤੀ ਗਈ ਉਸ ਪਟੀਸ਼ਨ 'ਤੇ ਸੁਣਵਾਈ ਕਰ ਰਿਹਾ ਸੀ, ਜਿਸ 'ਚ ਵੰਦੇ ਮਾਤਰਮ ਦੇ ਸਾਰੇ ਛੇ ਪੈਰੇ ਗਾਉਣਾ ਲਾਜ਼ਮੀ ਬਣਾਉਣ ਵਾਲੇ ਕਾਨੂੰਨ ਨੂੰ ਚੁਣੌਤੀ ਦਿੱਤੀ ਗਈ ਹੈ। ਪਟੀਸ਼ਨ 'ਚ ਦਲੀਲ ਦਿੱਤੀ ਗਈ ਕਿ ਆਖਰੀ ਚਾਰ ਪੈਰੇ ਮੁਲਕ ਦੇ ਧਰਮ-ਨਿਰਪੱਖ ਸਰੂਪ ਦੀ ਉਲੰਘਣਾ ਕਰਦੇ ਹਨ। ਪਟੀਸ਼ਨ 'ਤੇ ਕੇਂਦਰ ਸਰਕਾਰ ਤੋਂ ਜਵਾਬ ਤਲਬ ਕਰਦਿਆਂ ਬੈਂਚ ਨੇ ਕਿਹਾ ਕਿ ਉਹ ਇਹ ਉਮੀਦ ਕਰਦੇ ਹਨ ਕਿ ਅਦਾਲਤ ਵੱਲੋਂ 1986 ਦੇ 'ਬਿਜੋਏ ਇਮੈਨੂਅਲ ਬਨਾਮ ਕੇਰਲਾ ਰਾਜ' ਮਾਮਲੇ 'ਚ ਤੈਅ ਕੀਤੇ ਗਏ ਸਿਧਾਂਤ ਸੋਧੇ ਹੋਏ ਕਾਨੂੰਨ 'ਤੇ ਵੀ ਲਾਗੂ ਹੋਣਗੇ। (ਬਾਕੀ ਸਫ਼ਾ 2 ਤੇ)

ਮਾਝੇ 'ਚ ਅਕਾਲੀ ਦਲ ਨੂੰ ਵੱਡਾ ਝਟਕਾ

ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਸਾਥੀਆਂ ਸਣੇ ਆਪ 'ਚ ਸ਼ਾਮਲ



ਅੰਮ੍ਰਿਤਸਰ, 22 ਸਤੰਬਰ (ਪੈ.ਗਾਮ-ਏ-ਜਗਤ)

ਸ਼੍ਰੋਮਣੀ ਅਕਾਲੀ ਦਲ ਵੱਲੋਂ ਪਾਰਟੀ ਵਿੱਚੋਂ ਬਰਖ਼ਾਸਤ ਕੀਤੇ ਜਾਣ ਦੇ ਇੱਕ ਹਫ਼ਤੇ ਮਗਰੋਂ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਸਾਬਕਾ ਵਿਧਾਇਕ ਰਵਿੰਦਰ ਸਿੰਘ ਬ੍ਰਹਮਪੁਰਾ ਮੰਗਲਵਾਰ ਨੂੰ ਰਸਮੀ ਤੌਰ 'ਤੇ ਆਮ ਆਦਮੀ ਪਾਰਟੀ (ਆਪ) ਵਿੱਚ ਸ਼ਾਮਲ ਹੋ ਗਏ ਹਨ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੰਡੀਗੜ੍ਹ ਵਿਖੇ ਰਵਿੰਦਰ ਸਿੰਘ ਬ੍ਰਹਮਪੁਰਾ ਅਤੇ ਉਨ੍ਹਾਂ ਦੇ ਸਾਥੀਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ। ਇਸ ਮੌਕੇ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਅਕਾਲੀ ਦਲ ਹੁਣ ਪੰਥਕ ਪਾਰਟੀ ਨਹੀਂ ਰਿਹਾ, ਸਗੋਂ ਇਹ ਸਿਰਫ਼ ਇੱਕੋ ਪਰਿਵਾਰ ਤੱਕ ਸੀਮਤ ਹੋ ਕੇ ਰਹਿ ਗਿਆ ਹੈ, ਜਿਸ ਵਿੱਚ ਹੁਣ ਕਿਸੇ ਵੀ ਟਕਸਾਲੀ ਪਰਿਵਾਰ ਦੀ ਕੋਈ ਕਦਰ ਜਾਂ ਥਾਂ ਬਾਕੀ ਨਹੀਂ ਬਚੀ।

ਜ਼ਿਕਰਯੋਗ ਹੈ ਕਿ ਸਾਲ 2016 ਵਿੱਚ ਖਡੂਰ ਸਾਹਿਬ ਦੀ ਜ਼ਿਮਨੀ ਚੋਣ ਦੌਰਾਨ ਕਰੀਬ 65 ਹਜ਼ਾਰ ਵੋਟਾਂ ਦੇ ਵੱਡੇ ਫ਼ਰਕ ਨਾਲ ਜਿੱਤ ਦਰਜ ਕਰਨ ਵਾਲੇ ਰਵਿੰਦਰ ਸਿੰਘ ਬ੍ਰਹਮਪੁਰਾ ਪਿਛਲੇ ਲੰਮੇ ਸਮੇਂ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਲੀਡਰਸ਼ਿਪ ਖ਼ਿਲਾਫ਼ ਬਗਾਵਤੀ ਸੁਰ ਅਪਣਾਏ ਹੋਏ ਸਨ। ਪੱਟੀ ਹਲਕੇ ਨਾਲ (ਬਾਕੀ ਸਫ਼ਾ 2 ਤੇ)

ਅੰਮ੍ਰਿਤਸਰ ਵਿੱਚ ਗ਼ੈਰ-ਕਾਨੂੰਨੀ ਹਥਿਆਰ ਤਸਕਰੀ ਨੈਟਵਰਕਾਂ ਦੇ

ਅੱਠ ਕਾਰਕੁੰਨ 13 ਪਿਸਤੌਲਾਂ ਨਾਲ ਗ੍ਰਿਫਤਾਰ

ਅਗਲੇਰੀ ਜਾਂਚ ਜਾਰੀ: ਸੀਪੀ ਅੰਮ੍ਰਿਤਸਰ ਹਰਮਨਬੀਰ ਗਿੱਲ



ਚੰਡੀਗੜ੍ਹ/ਅੰਮ੍ਰਿਤਸਰ, 22 ਸਤੰਬਰ (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਦਰਜ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਅੱਠ ਵਿਅਕਤੀਆਂ ਨੂੰ 13 ਨਾਜਾਇਜ਼ ਪਿਸਤੌਲਾਂ ਅਤੇ 23 ਜ਼ਿੰਦਾ ਕਾਰਤੂਸਾਂ ਸਮੇਤ ਗ੍ਰਿਫਤਾਰ ਕਰਕੇ ਨਾਜਾਇਜ਼ ਹਥਿਆਰ ਸਪਲਾਈ ਕਰਨ ਵਾਲੇ ਛੇ ਨੈੱਟਵਰਕਾਂ ਦਾ ਪਰਦਾਫਾਸ਼ ਕੀਤਾ ਹੈ । ਇਹ ਜਾਣਕਾਰੀ ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਗੌਰਵ ਯਾਦਵ ਨੇ ਅੱਜ ਇੱਥੇ ਦਿੱਤੀ।



ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਗੁਰਦੀਪ ਸਿੰਘ ਉਰਫ਼ ਦੀਪ (24) ਅਤੇ ਧਰਮਿੰਦਰ ਸਿੰਘ ਉਰਫ਼ ਭਿੰਦਾ (34) ਦੋਵੇਂ ਵਾਸੀ ਪਿੰਡ ਰੰਗੜ੍ਹ (ਅੰਮ੍ਰਿਤਸਰ ਦਿਹਾਤੀ), ਅਮਿਤ (23), ਵਾਸੀ ਗੁਰੂ ਕੀ ਵਡਾਲੀ (ਅੰਮ੍ਰਿਤਸਰ), ਹਰਪ੍ਰੀਤ ਸਿੰਘ ਉਰਫ਼ ਹੈਪੀ ਨਿਆਣਾ (26) ਵਾਸੀ ਨਰਾਇਣਗੜ੍ਹ (ਅੰਮ੍ਰਿਤਸਰ), ਚਮਕੌਰ ਸਿੰਘ (30) ਵਾਸੀ ਪਿੰਡ ਵਾਨ ਤਾਰਾ ਸਿੰਘ (ਤਰਨ ਤਾਰਨ), ਕਰਨਪ੍ਰੀਤ ਸਿੰਘ (22)ਵਾਸੀ ਪਿੰਡ ਨੂਰਦੀ (ਤਰਨ ਤਾਰਨ), ਗੌਰਵ (26) ਵਾਸੀ ਕਟੜਾ ਕਰਮ ਸਿੰਘ (ਅੰਮ੍ਰਿਤਸਰ) ਅਤੇ ਵਰੁਣ ਕੁਮਾਰ ਉਰਫ਼ ਵਿੱਕੀ ਗਿੱਲ (33) ਵਾਸੀ ਭਾਈ ਮੰਜ ਸਿੰਘ ਰੋਡ (ਅੰਮ੍ਰਿਤਸਰ) ਵਜੋਂ ਕੀਤੀ ਗਈ ਹੈ। ਬਰਾਮਦ ਕੀਤੇ ਗਏ ਪਿਸਤੌਲਾਂ ਵਿੱਚ ਦੋ .30 ਬੋਰ ਜ਼ਿਗਾਨਾ (ਤੁਰਕੀ ਦੇ ਬਣੇ), ਦੋ .30 ਬੋਰ (ਬਾਕੀ ਸਫ਼ਾ 2 ਤੇ)


ਸੰਗਰੂਰ: ਮਾਂ ਨੇ ਪ੍ਰੇਮੀ ਨਾਲ ਮਿਲ ਕੇ 3 ਮਾਸੂਮ ਬੱਚਿਆਂ ਦਾ ਕੀਤਾ ਕਤਲ

ਸੰਗਰੂਰ, 22 ਸਤੰਬਰ (ਪੈ.ਗਾਮ-ਏ-ਜਗਤ)



ਸੰਗਰੂਰ ਦੇ ਭਵਾਨੀਗੜ੍ਹ ਇਲਾਕੇ ਤੋਂ ਇੱਕ ਬੇਹੱਦ ਸਨਸਨੀਖੇਜ਼ ਅਤੇ ਦਿਲ ਦਹਿਲਾਉਣ ਵਾਲਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਇੱਕ ਮਾਂ ਨੇ ਆਪਣੇ ਪ੍ਰੇਮੀ ਨਾਲ ਮਿਲ ਕੇ ਆਪਣੇ ਹੀ ਤਿੰਨ ਮਾਸੂਮ ਬੱਚਿਆਂ ਨੂੰ ਮੌਤ ਦੇ ਘਾਟ ਉਤਾਰ ਦਿੱਤਾ। ਰੱਖੜੀ ਵਾਲੇ ਦਿਨ ਮਿਠਾਈ ਵਿੱਚ ਜ਼ਹਿਰ ਦੇ ਕੇ ਇਸ ਖੌਫ਼ਨਾਕ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਸੀ, ਜਿਸ ਨੂੰ ਪਹਿਲਾਂ ਫੂਡ ਪੁਆਇਜ਼ਨਿੰਗ ਦਾ ਨਾਮ ਦਿੱਤਾ ਗਿਆ ਸੀ। ਪੁਲਿਸ ਨੇ ਹੁਣ ਕਤਲ ਦਾ ਮਾਮਲਾ ਦਰਜ ਕਰਕੇ ਕਲਯੁਗੀ ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। 26 ਅਗਸਤ ਨੂੰ ਸੰਗਰੂਰ ਦੇ ਭਵਾਨੀਗੜ੍ਹ ਵਿੱਚ ਵਾਪਰੀ ਇੱਕ ਘਟਨਾ ਨੇ ਸਭ ਨੂੰ ਹੈਰਾਨ ਕਰ (ਬਾਕੀ ਸਫ਼ਾ 2 ਤੇ)

ਸਮਝੌਤਾ ਕਰੇ ਇਰਾਨ, ਨਹੀਂ ਤਾਂ ਤਬਾਹ ਕਰ ਦੇਵਾਂਗੇ: ਟਰੰਪ



ਨਿਊਯਾਰਕ - ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਸੰਯੁਕਤ ਰਾਸ਼ਟਰ ਮਹਾਸਭਾ ਦੇ ਸੈਸ਼ਨ ਨੂੰ ਸੰਬੋਧਨ ਕਰਦਿਆਂ ਇਰਾਨ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਰਾਨ ਨਾਲ ਸ਼ਾਂਤੀ ਸਮਝੌਤਾ ਨਹੀਂ ਹੁੰਦਾ ਤਾਂ ਉਹ ਉਸ ਨੂੰ 'ਤਬਾਹ' ਕਰ ਸਕਦੇ ਹਨ। ਹਾਲਾਂਕਿ ਟਰੰਪ ਨੇ ਇਹ ਵੀ ਕਿਹਾ ਕਿ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਅਮਰੀਕਾ ਦੀਆਂ ਮੱਧਕਾਲੀ ਚੋਣਾਂ ਤੋਂ ਤੁਰੰਤ ਬਾਅਦ ਇਰਾਨ ਨਾਲ ਸਮਝੌਤਾ ਹੋ ਜਾਵੇਗਾ। ਟਰੰਪ ਨੇ ਕਿਹਾ, "ਮੇਰੇ ਸਾਹਮਣੇ ਇੱਕ ਵੱਡਾ ਫ਼ੈਸਲਾ ਹੈ।

ਮਮੂਥੀ-ਕਾਰਤਿਕ ਬੈਸਟ ਐਕਟਰ ਤੇ ਯਾਮੀ ਗੌਤਮ ਨੂੰ ਬੈਸਟ ਐਕਟਰਸ ਦਾ ਖਿਤਾਬ

ਨਵੀਂ ਦਿੱਲੀ : 72ਵੇਂ ਰਾਸ਼ਟਰੀ ਫਿਲਮ ਪੁਰਸਕਾਰ ਭਾਰਤੀ ਸਿਨੇਮਾ ਲਈ ਇੱਕ ਖਾਸ ਦਿਨ ਸੀ। ਦੇਸ਼ ਭਰ ਦੀਆਂ ਫਿਲਮਾਂ ਅਤੇ ਕਲਾਕਾਰਾਂ ਨੂੰ ਉਨ੍ਹਾਂ ਦੇ ਸ਼ਾਨਦਾਰ ਕੰਮ ਲਈ ਸਨਮਾਨਿਤ ਕੀਤਾ ਗਿਆ। ਇਸ ਸਾਲ, 'ਆਰਟੀਕਲ 370' ਅਤੇ ਯਾਮੀ ਗੌਤਮ ਤੋਂ ਲੈ ਕੇ ਮਮੂਥੀ ਕਾਰਤਿਕ ਆਰੀਅਨ ਅਤੇ ਰਾਜਕੁਮਾਰ ਪੇਰੀਆਸਾਮੀ ਤੱਕ, ਕਈ ਵੱਡੇ ਨਾਮ ਪੁਰਸਕਾਰ ਜਿੱਤ ਰਹੇ ਹਨ। ਵੱਖ-ਵੱਖ ਭਾਸ਼ਾਵਾਂ ਦੀਆਂ ਫਿਲਮਾਂ ਨੇ ਵੀ ਆਪਣੀ ਪਛਾਣ ਬਣਾਈ ਹੈ। ਅਨੁਭਵੀ ਅਦਾਕਾਰ ਅਨੰਤ ਨਾਗ ਨੂੰ ਦਾਦਾ ਸਾਹਿਬ ਫਾਲਕੇ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਇਸ ਸਾਲ ਦੇ ਰਾਸ਼ਟਰੀ ਫਿਲਮ ਪੁਰਸਕਾਰ ਇੱਕ ਮਹੱਤਵਪੂਰਨ ਪ੍ਰਾਪਤੀ ਸਨ। ਫਿਲਮ ਨੇ ਸਰਵੋਤਮ ਫੀਚਰ ਫਿਲਮ ਦਾ ਪੁਰਸਕਾਰ ਜਿੱਤਿਆ। ਯਾਮੀ ਗੌਤਮ ਨੂੰ ਉਸਦੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਲਈ ਸਰਵੋਤਮ ਮੁੱਖ ਭੂਮਿਕਾ ਵਿੱਚ ਅਦਾਕਾਰਾ ਦਾ ਪੁਰਸਕਾਰ ਵੀ ਮਿਲਿਆ। ਫਿਲਮ ਦੀ ਸਫਲਤਾ ਇੱਥੇ ਹੀ ਨਹੀਂ ਰੁਕੀ।

ਨਸ਼ੇ, ਗੈਂਗਸਟਰਵਾਦ ਅਤੇ ਰਾਸ਼ਟਰੀ ਸੁਰੱਖਿਆ ਦੇ ਮੁੱਦੇ 'ਤੇ ਸੰਸਦ ਮੈਂਬਰ ਰੰਧਾਵਾ ਨੇ ਕੇਂਦਰ ਅਤੇ ਪੰਜਾਬ ਸਰਕਾਰ ਨੂੰ ਘੇਰਿਆ

ਅਮਿਤ ਸ਼ਾਹ ਨੂੰ ਲਿਖਿਆ ਪੱਤਰ, ਭਾਜਪਾ ਦੀ ਯਾਤਰਾ 'ਤੇ ਚੁੱਕੇ ਸਵਾਲ, ਕਿਹਾ- ਪੰਜਾਬ ਨੂੰ ਬਦਨਾਮ ਨਾ ਕਰੋ

ਅੰਮ੍ਰਿਤਸਰ, 22 ਸਤੰਬਰ (ਪੈ.ਗਾਮ-ਏ-ਜਗਤ)



ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਅਤੇ ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ ਨੇ ਅੱਜ ਅੰਮ੍ਰਿਤਸਰ ਵਿੱਚ ਪ੍ਰੈਸ ਕਾਨਫਰੰਸ ਕਰਕੇ ਪੰਜਾਬ ਵਿੱਚ ਵਧ ਰਹੇ ਨਸ਼ਿਆਂ ਦੇ ਕਾਰੋਬਾਰ, ਗੈਂਗਸਟਰਵਾਦ, ਸਰਹੱਦ ਪਾਰ ਤੋਂ ਆ ਰਹੇ ਡਰੋਨਾਂ ਅਤੇ ਹਥਿਆਰਾਂ ਨੂੰ ਲੈ ਕੇ ਗੰਭੀਰ ਚਿੰਤਾ ਜਤਾਈ। ਉਨ੍ਹਾਂ ਕਿਹਾ ਕਿ ਉਹ ਪੰਜਾਬ ਦੇ ਹਾਲਾਤਾਂ ਸਬੰਧੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਹੁਣ ਤੱਕ 10 ਤੋਂ 15 ਪੱਤਰ ਲਿਖ ਚੁੱਕੇ ਹਨ। ਰੰਧਾਵਾ ਨੇ ਇਸ ਮਾਮਲੇ 'ਤੇ ਕੇਂਦਰ ਦੀ ਭਾਜਪਾ ਸਰਕਾਰ ਅਤੇ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਦੋਵਾਂ 'ਤੇ ਤਿੱਖਾ ਹਮਲਾ ਬੋਲਿਆ। ਉਨ੍ਹਾਂ ਕਿਹਾ ਕਿ ਇੱਕ ਪਾਸੇ ਭਾਜਪਾ ਸਰਹੱਦ ਪਾਰ ਤੋਂ ਆ ਰਹੇ ਨਸ਼ਿਆਂ ਅਤੇ ਡਰੋਨਾਂ ਨੂੰ ਰੋਕਣ ਵਿੱਚ ਨਾਕਾਮ ਰਹੀ ਹੈ, ਦੂਜੇ ਪਾਸੇ ਪੰਜਾਬ ਪੁਲਿਸ ਅਜਿਹੇ ਹਾਲਾਤਾਂ ਵਿੱਚ ਪਹੁੰਚ ਗਈ ਹੈ ਕਿ ਲੋਕਾਂ ਦੇ ਸਾਹਮਣੇ ਆਉਣ ਤੋਂ ਵੀ ਬਚ ਰਹੀ ਹੈ ਅਤੇ ਗੈਂਗਸਟਰਾਂ 'ਤੇ ਪ੍ਰਭਾਵਸ਼ਾਲੀ ਕਾਰਵਾਈ ਨਹੀਂ ਕਰ ਪਾ ਰਹੀ। ਭਾਜਪਾ ਵੱਲੋਂ ਪਠਾਨਕੋਟ ਤੋਂ ਸ਼ੁਰੂ ਕੀਤੀ ਗਈ 'ਨਸ਼ਾ ਮੁਕਤ ਪੰਜਾਬ ਯਾਤਰਾ' 'ਤੇ ਨਿਸ਼ਾਨਾ ਸਾਧਦਿਆਂ ਰੰਧਾਵਾ ਨੇ ਦੋਸ਼ ਲਗਾਇਆ ਕਿ ਭਾਜਪਾ ਪੰਜਾਬ ਨੂੰ ਬਦਨਾਮ ਕਰਨ ਦੀ ਰਾਜਨੀਤੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਸਿਰਫ਼ ਚਿੱਟੇ ਹੀ ਨਹੀਂ, ਸਗੋਂ ਹੋਰ ਸਿੰਥੈਟਿਕ ਨਸ਼ਿਆਂ 'ਤੇ ਵੀ ਸਖ਼ਤ ਕਾਬੂ ਪਾਉਣ ਦੀ ਲੋੜ ਹੈ, ਜੋ ਇਸ ਵੇਲੇ ਦੇਸ਼ ਵਿੱਚ 40 ਫੀਸਦੀ ਤੋਂ ਵੱਧ ਹਨ।

ਉਨ੍ਹਾਂ ਭਾਜਪਾ ਸੰਸਦ ਮੈਂਬਰ ਤਰੁਣ ਚੁੱਘ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਆਪਣੀ ਪਾਰਟੀ ਨੂੰ ਪੰਜਾਬ ਦੀ ਅਸਲ ਜ਼ਮੀਨੀ ਹਕੀਕਤ ਦਿਖਾਉਣ, ਨਾ ਕਿ ਨਸ਼ਿਆਂ ਦੇ ਨਾਮ 'ਤੇ ਲੋਕਾਂ ਨੂੰ ਗੁੰਮਰਾਹ ਕਰਨ। ਰੰਧਾਵਾ ਨੇ ਕਿਹਾ ਕਿ ਗ੍ਰਹਿ ਮੰਤਰੀ ਅਮਿਤ ਸ਼ਾਹ 30 ਸਤੰਬਰ ਨੂੰ ਪੰਜਾਬ ਆ ਕੇ ਸਿਰਫ਼ ਭਾਸ਼ਣ ਨਾ ਦੇਣ, ਸਗੋਂ ਨਾਰਕੋਟਿਕਸ ਵਿਭਾਗ (ਬਾਕੀ ਸਫ਼ਾ 2 ਤੇ)

2027 ਦੀ ਲੜਾਈ ਲਈ ਯੂਥ ਕਾਂਗਰਸ ਹੁਣ ਤੋਂ ਹੀ ਮੈਦਾਨ ਵਿੱਚ ਉਤਰੇ: ਸਚਿਨ ਪਾਇਲਟ

ਭਗਵੰਤ ਮਾਨ ਦਾ ਤੀਰ ਮੋੜਨ ਦਾ ਸਮਾਂ ਆ ਗਿਆ: ਸ਼ੁਭੀ, ਪੰਜਾਬ ਇੰਚਾਰਜ ਸਚਿਨ ਪਾਇਲਟ ਨਾਲ ਮੀਟਿੰਗ ਵਿੱਚ ਸੰਗਠਨ ਵਿਸਥਾਰ ਅਤੇ ਮਿਸ਼ਨ 2027 ਦੀ ਰਣਨੀਤੀ 'ਤੇ ਹੋਈ ਚਰਚਾ

ਚੰਡੀਗੜ੍ਹ, 22 ਸਤੰਬਰ (ਪੈ.ਗਾਮ-ਏ-ਜਗਤ)







ਕਾਂਗਰਸ ਦੇ ਪੰਜਾਬ ਇੰਚਾਰਜ ਸਚਿਨ ਪਾਇਲਟ ਨਾਲ ਅੱਜ ਨਵੀਂ ਦਿੱਲੀ ਵਿੱਚ ਪੰਜਾਬ ਦੇ ਮੌਜੂਦਾ ਰਾਜਨੀਤਿਕ ਹਾਲਾਤ ਅਤੇ ਮਿਸ਼ਨ 2027 ਨੂੰ ਲੈ ਕੇ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਵਮ ਸ਼ਰਮਾ ਸ਼ੁਭੀ ਨਾਲ ਅਹਿਮ ਮੀਟਿੰਗ ਹੋਈ। ਮੀਟਿੰਗ ਦੌਰਾਨ ਪੰਜਾਬ ਵਿੱਚ ਸੰਗਠਨ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ, ਨੌਜਵਾਨਾਂ ਨੂੰ ਸਰਗਰਮੀ ਨਾਲ ਜੋੜਨ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਹੁਣ ਤੋਂ ਹੀ ਤਿਆਰੀ ਸ਼ੁਰੂ ਕਰਨ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ ਗਈ। ਪੰਜਾਬ ਇੰਚਾਰਜ ਸਚਿਨ ਪਾਇਲਟ ਨੇ ਯੂਥ ਕਾਂਗਰਸ ਦੇ ਵਰਕਰਾਂ ਨੂੰ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਅਤੇ ਆਉਣ ਵਾਲੀਆਂ ਚੋਣਾਂ ਲਈ ਪੂਰੀ ਤਾਕਤ ਨਾਲ ਮੈਦਾਨ ਵਿੱਚ ਉਤਰਨ ਦਾ ਸੰਦੇਸ਼ ਦਿੱਤਾ।

ਮੀਟਿੰਗ ਤੋਂ ਬਾਅਦ ਪੰਜਾਬ ਯੂਥ ਕਾਂਗਰਸ ਦੇ ਪ੍ਰਧਾਨ ਸ਼ੁਵਮ ਸ਼ਰਮਾ ਸ਼ੁਭੀ ਨੇ ਕਿਹਾ ਕਿ ਹੁਣ ਪੰਜਾਬ ਵਿੱਚ ਬਦਲਾਅ ਦੀ ਲੜਾਈ ਨੂੰ ਹੋਰ ਤੇਜ਼ ਕਰਨ ਦਾ ਸਮਾਂ ਆ ਗਿਆ ਹੈ। ਉਨ੍ਹਾਂ ਕਿਹਾ ਕਿ "ਭਗਵੰਤ ਮਾਨ ਦਾ ਤੀਰ ਮੋੜਨ ਦਾ ਸਮਾਂ ਆ ਗਿਆ ਹੈ।" ਉਨ੍ਹਾਂ ਕਿਹਾ ਕਿ ਪੰਜਾਬ ਦਾ ਨੌਜਵਾਨ ਹੁਣ 2027 ਲਈ ਪੂਰੀ ਤਰ੍ਹਾਂ ਤਿਆਰ ਹੋਵੇਗਾ ਅਤੇ ਹਰ ਵਿਧਾਨ ਸਭਾ ਹਲਕੇ ਵਿੱਚ ਸੰਗਠਨ ਨੂੰ ਮਜ਼ਬੂਤ ਕਰਕੇ ਕਾਂਗਰਸ ਦੀ ਆਵਾਜ਼ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ। ਸ਼ੁਭੀ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਯੂਥ ਕਾਂਗਰਸ ਵੱਲੋਂ ਪੂਰੇ ਪੰਜਾਬ ਵਿੱਚ ਨੌਜਵਾਨਾਂ ਦਰਮਿਆਨ ਵੱਡੇ ਪੱਧਰ 'ਤੇ ਸੰਗਠਨਾਤਮਕ ਮੁਹਿੰਮ ਚਲਾ ਕੇ ਮਿਸ਼ਨ 2027 ਨੂੰ ਹੋਰ ਗਤੀ ਦਿੱਤੀ ਜਾਵੇਗੀ। ਰੋਜ਼ਗਾਰ, ਨਸ਼ਿਆਂ ਦੀ ਸਮੱਸਿਆ, ਸਿੱਖਿਆ, ਖੇਡਾਂ ਅਤੇ ਨੌਜਵਾਨਾਂ ਲਈ ਬਿਹਤਰ ਮੌਕਿਆਂ ਵਰਗੇ ਮੁੱਦਿਆਂ ਨੂੰ ਲੈ ਕੇ ਯੂਥ ਕਾਂਗਰਸ ਪੂਰੇ ਪੰਜਾਬ ਵਿੱਚ ਨੌਜਵਾਨਾਂ ਨਾਲ ਸੰਵਾਦ ਕਰੇਗੀ ਅਤੇ ਉਨ੍ਹਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਉਠਾਏਗੀ। ਉਨ੍ਹਾਂ ਕਿਹਾ ਕਿ ਯੂਥ ਕਾਂਗਰਸ ਦਾ ਟੀਚਾ ਸੰਗਠਨ ਨੂੰ ਹਰ ਬੂਥ ਅਤੇ ਹਰ ਵਿਧਾਨ ਸਭਾ ਹਲਕੇ ਤੱਕ ਮਜ਼ਬੂਤ ਕਰਨਾ ਹੈ। ਆਉਣ ਵਾਲੇ ਦਿਨਾਂ ਵਿੱਚ ਨੌਜਵਾਨ ਵਰਕਰਾਂ ਨੂੰ ਜ਼ਿੰਮੇਵਾਰੀਆਂ ਸੌਂਪ ਕੇ ਉਨ੍ਹਾਂ ਨੂੰ ਲੋਕਾਂ ਦੇ ਵਿਚਕਾਰ ਸਰਗਰਮ ਕੀਤਾ ਜਾਵੇਗਾ, ਤਾਂ ਜੋ ਪੰਜਾਬ ਦੇ ਨੌਜਵਾਨਾਂ ਦੀ ਭਾਗੀਦਾਰੀ ਨੂੰ ਸੰਗਠਨਾਤਮਕ ਪੱਧਰ 'ਤੇ ਹੋਰ ਮਜ਼ਬੂਤ ਕੀਤਾ ਜਾ ਸਕੇ।



ਮੁੱਖ ਮੰਤਰੀ ਸੈਣੀ ਨੇ ਵਾਮਨ ਦੁਆਦਸ਼ੀ ਮੇਲੇ ਦੀ ਪਹਿਲੀ ਸ਼ਾਮ ਦਾ ਕੀਤਾ ਉਦਘਾਟਨ

ਪੈ.ਗਾਮ-ਏ-ਜਗਤ
ਅੰਬਾਲਾ, 22 ਸਤੰਬਰ ਆਰ.ਸਿੰਘ)

ਅੰਬਾਲਾ ਸ਼ਹਿਰ ਵਿੱਚ ਆਯੋਜਿਤ ਕੀਤੇ ਜਾ ਰਹੇ ਉੱਤਰੀ ਭਾਰਤ ਦੇ ਧਾਰਮਿਕ ਅਤੇ ਇਤਿਹਾਸਕ ਮਹੱਤਵ ਵਾਲੇ ਵਾਮਨ ਦੁਆਦਸ਼ੀ ਮੇਲੇ ਦੀ ਪਹਿਲੀ ਸ਼ਾਮ ਦਾ ਉਦਘਾਟਨ ਮੁੱਖ ਮਹਿਮਾਨ

- **ਸਨਾਤਨ ਧਰਮ ਸਭਾ ਨੂੰ ਮੇਲੇ ਲਈ 21 ਲੱਖ ਦੀ ਦਿੱਤੀ ਗਰਾਂਟ**



ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਦੀਪਕ ਜਗਾ ਕੇ ਕੀਤਾ। ਇਸ ਮੌਕੇ ਉਨ੍ਹਾਂ ਨਾਲ ਸਾਬਕਾ ਮੰਤਰੀ ਅਸੀਮ ਗੋਇਲ ਨਨਿਓਲਾ ਅਤੇ ਭਾਜਪਾ ਜ਼ਿਲ੍ਹਾ ਪ੍ਰਧਾਨ ਮਨਦੀਪ ਰਾਣਾ ਮੌਜੂਦ ਸਨ। ਇਸ ਤੋਂ ਪਹਿਲਾਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਹੋਰ ਮਹਿਮਾਨਾਂ ਨੇ ਭਗਵਾਨ ਵਾਮਨ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਪ੍ਰੋਗਰਾਮ ਦੀ ਪ੍ਰਧਾਨਗੀ ਸਾਬਕਾ ਮੰਤਰੀ ਅਸੀਮ ਗੋਇਲ ਨਨਿਓਲਾ ਨੇ ਕੀਤੀ। ਸਨਾਤਨ ਧਰਮ ਸਭਾ ਦੇ ਅਹੁਦੇਦਾਰਾਂ ਨੇ ਮੁੱਖ ਮਹਿਮਾਨ, ਸਾਬਕਾ ਰਾਜ ਮੰਤਰੀ ਅਸੀਮ ਗੋਇਲ, ਭਾਜਪਾ ਜ਼ਿਲ੍ਹਾ ਪ੍ਰਧਾਨ ਮਨਦੀਪ ਰਾਣਾ, ਪ੍ਰਸਿੱਧ ਪੰਜਾਬੀ ਗਾਇਕ ਗੁਰਮੁਖ ਖ਼ਾਨ ਅਤੇ ਦਿਲਾਵਰ ਕੌਸ਼ਿਕ ਨੂੰ ਯਾਦਗਾਰੀ ਚਿੰਨ੍ਹ ਤੇ ਸ਼ਾਲ ਭੇਟ ਕਰਕੇ ਸਨਮਾਨਿਤ ਕੀਤਾ।

ਮੁੱਖ ਮੰਤਰੀ ਨੇ ਮੇਲੇ ਦੀਆਂ ਗਤੀਵਿਧੀਆਂ ਲਈ ਸਨਾਤਨ ਧਰਮ ਸਭਾ ਦੇ ਅਹੁਦੇਦਾਰਾਂ ਨੂੰ 21 ਲੱਖ ਰੁਪਏ ਦੀ ਗਰਾਂਟ ਦੇਣ ਦਾ ਐਲਾਨ ਕੀਤਾ ਮੁੱਖ ਮੰਤਰੀ ਨੇ ਮਾਂ ਅੰਬਾ ਦੀ ਪਵਿੱਤਰ ਧਰਤੀ ਅੰਬਾਲਾ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਕਿਹਾ ਕਿ ਇਸ ਇਤਿਹਾਸਕ ਵਾਮਨ ਦੁਆਦਸ਼ੀ ਮੇਲੇ ਵਿੱਚ ਤੁਹਾਡੇ ਵਿਚਕਾਰ ਮੌਜੂਦ ਹੋਣਾ ਇੱਕ ਸਨਮਾਨ ਦੀ ਗੱਲ ਹੈ। ਉਨ੍ਹਾਂ ਭਗਵਾਨ ਵਾਮਨ ਦੇਵ ਜੀ ਨੂੰ ਪ੍ਰਾਰਥਨਾ ਕੀਤੀ ਕਿ ਉਹ ਹਰ ਪਰਿਵਾਰ ਵਿੱਚ ਖ਼ੁਸ਼ੀ ਅਤੇ ਖ਼ੁਸ਼ਹਾਲੀ ਲਿਆਉਣ ਅਤੇ ਹਰ ਵਿਅਕਤੀ ਨੂੰ ਤਰੱਕੀ ਦਾ ਮੌਕਾ ਪ੍ਰਦਾਨ ਕਰਨ। ਉਨ੍ਹਾਂ ਅੰਬਾਲਾ ਨਾਲ ਆਪਣਾ ਵਿਸ਼ੇਸ਼ ਪਿਆਰ ਅਤੇ ਨੇੜਲਾ ਰਿਸ਼ਤਾ ਪ੍ਰਗਟ ਕੀਤਾ ਅਤੇ ਕਿਹਾ ਕਿ ਅੱਜ ਉਹ ਭਗਵਾਨ ਵਾਮਨ ਦੇਵ ਜੀ ਦੇ ਭਗਤ ਵਜੋਂ ਆਏ ਹਨ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਮੇਲੇ ਦੀ ਇਹ ਪਰੰਪਰਾ, ਜੋ ਲਗਭਗ 125 ਸਾਲਾਂ ਤੋਂ ਚੱਲੀ ਆ ਰਹੀ ਹੈ, ਸਾਡੇ ਪੁਰਖਿਆਂ ਦੀ ਤਪੱਸਿਆ ਦਾ ਨਤੀਜਾ ਹੈ। ਸਮਾਂ ਬਦਲਿਆ, ਸ਼ਹਿਰ ਵਧਿਆ ਅਤੇ ਜੀਵਨ ਦੀ ਗਤੀ ਬਦਲ ਗਈ ਪਰ ਅੰਬਾਲਾ ਦਾ ਭਗਵਾਨ ਸ਼੍ਰੀ ਵਾਮਨ ਦੇਵ ਜੀ ਵਿੱਚ ਵਿਸ਼ਵਾਸ ਮਜ਼ਬੂਤ ਹੁੰਦਾ ਗਿਆ। ਜੋ ਬੱਚੇ ਕਦੇ ਇਸ ਮੇਲੇ ਵਿੱਚ ਆਪਣੇ ਦਾਦਾ-ਦਾਦੀ ਦੀਆਂ ਉਂਗਲਾਂ ਫੜ ਕੇ ਆਉਂਦੇ ਸਨ ਹੁਣ ਉਹ ਆਪਣੇ ਪੋਤੇ-ਪੋਤੀਆਂ ਨੂੰ ਇੱਥੇ ਲਿਆ ਰਹੇ ਹਨ।

ਉਨ੍ਹਾਂ ਨੇ ਸਨਾਤਨ ਧਰਮ ਸਭਾ, ਸਾਰੀਆਂ ਮੰਦਰ ਕਮੇਟੀਆਂ, ਵਲੰਟੀਅਰਾਂ ਅਤੇ ਅੰਬਾਲਾ ਦੇ ਹਰ ਨਾਗਰਿਕ ਨੂੰ ਇਸ ਵਿਰਾਸਤ ਨੂੰ ਜ਼ਿੰਦਾ ਰੱਖਣ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮਾਂ ਤੋਂ ਇਲਾਵਾ, ਸਨਾਤਨ ਧਰਮ ਸਭਾ ਸਿੱਖਿਆ, ਸਿਹਤ, ਗਊ ਸੇਵਾ ਅਤੇ ਗਰੀਬਾਂ ਦੀ ਮਦਦ ਕਰਕੇ ਸਮਾਜ ਨੂੰ ਸ਼ਲਾਘਾਯੋਗ ਸੇਵਾ ਵੀ ਪ੍ਰਦਾਨ ਕਰ ਰਹੀ ਹੈ। ਮਾਣਯੋਗ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਦੇ 68ਵੇਂ ਐਪੀਸੋਡ ਵਿੱਚ ਓਨਮ ਅਤੇ ਵਾਮਨ ਕਥਾ ਦਾ ਵੀ ਜ਼ਿਕਰ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਭਗਵਾਨ ਸ਼੍ਰੀ ਵਾਮਨ ਦੇਵ ਜੀ ਦਾ ਅਵਤਾਰ ਸਾਨੂੰ ਜੀਵਨ ਦੇ ਡੂੰਘੇ ਸਬਕ ਸਿਖਾਉਂਦਾ ਹੈ। ਉਨ੍ਹਾਂ ਨੇ ਇੱਕ ਛੋਟੇ ਬ੍ਰਹਮਚਾਰੀ ਦਾ ਰੂਪ ਧਾਰਨ ਕੀਤਾ ਅਤੇ ਰਾਜਾ ਬਾਲੀ ਦੇ ਦਰਵਾਜ਼ੇ 'ਤੇ ਪਹੁੰਚੇ ਤੇ ਤਿੰਨ ਕਦਮ ਜ਼ਮੀਨ ਮੰਗੀ। ਉਸ ਛੋਟੇ ਰੂਪ ਵਿੱਚ ਅਥਾਹ ਸ਼ਕਤੀ ਸੀ। ਭਗਵਾਨ ਨੇ ਇੱਕ ਵਿਸ਼ਾਲ ਰੂਪ ਧਾਰਨ ਕੀਤਾ ਅਤੇ ਸਾਰੇ ਸੰਸਾਰ ਨੂੰ ਦੋ ਕਦਮਾਂ ਵਿੱਚ ਕਵਰ ਕੀਤਾ। ਜਦੋਂ ਤੀਜੇ ਕਦਮ ਲਈ ਜਗ੍ਹਾ ਮੰਗੀ ਗਈ ਤਾਂ ਰਾਜਾ ਬਾਲੀ ਨੇ ਆਪਣਾ ਸਿਰ ਭੇਟ ਕਰ ਦਿੱਤਾ। ਯਾਨੀ ਉਸ ਨੇ ਆਪਣੇ ਵਾਅਦੇ ਨੂੰ ਪੂਰਾ ਕਰਨ ਲਈ ਆਪਣੇ ਆਪ ਨੂੰ ਸਮਰਪਿਤ ਕਰ ਦਿੱਤਾ। ਇਹ ਘਟਨਾ ਨਿਮਰਤਾ, ਆਪਣੇ ਬਚਨ ਦੀ ਸ਼ਾਨ ਅਤੇ ਸਮਰਪਣ ਦੀ ਉਚਾਈ ਨੂੰ ਦਰਸਾਉਂਦੀ ਹੈ।

ਸਾਬਕਾ ਮੰਤਰੀ ਅਸੀਮ ਗੋਇਲ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਮਾਤਾ ਅੰਬਾ ਦੀ ਧਰਤੀ ਅਤੇ ਵਾਮਨ ਦੁਆਦਸ਼ੀ ਦੇ ਤਿਉਹਾਰ 'ਤੇ ਸਵਾਗਤ ਕਰਦੇ ਹੋਏ ਕਿਹਾ ਕਿ ਅੰਬਾਲਾ ਜ਼ਿਲ੍ਹਾ ਧਾਰਮਿਕ ਅਤੇ ਇਤਿਹਾਸਕ ਦ੍ਰਿਸ਼ਟੀਕੋਣ ਤੋਂ ਦੇਸ਼ ਵਿੱਚ ਇੱਕ ਵਿਸ਼ੇਸ਼ ਸਥਾਨ ਰੱਖਦਾ ਹੈ। ਉਨ੍ਹਾਂ ਕਿਹਾ ਕਿ ਰਾਜਾ ਬਾਲੀ ਦੀ ਕੁਰਬਾਨੀ ਦੀ ਭਾਵਨਾ ਤੋਂ ਪ੍ਰਭਾਵਿਤ ਹੋ ਕੇ ਭਗਵਾਨ ਵਾਮਨ ਨੇ ਉਨ੍ਹਾਂ ਨੂੰ ਮਹਾਂਬਲੀਦਾਨੀ ਕਿਹਾ ਅਤੇ ÷ਬਲੀਦਾਨੀ÷ ਸ਼ਬਦ ਅੰਬਾਲਾ ਤੋਂ ਉਤਪੰਨ ਹੋਇਆ ਮੰਨਿਆ ਜਾਂਦਾ ਹੈ। ਮਸ਼ਹੂਰ ਗਾਇਕ ਦਿਲਾਵਰ ਕੌਸ਼ਿਕ, ਗੁਲਾਬ ਸਿੱਧੂ, ਅਤੇ ਗੁਰਮੁਖ ਖ਼ਾਨ ਨੇ ਆਪਣੇ ਸੰਗੀਤਕ ਪ੍ਰਦਰਸ਼ਨਾਂ ਨਾਲ ਸਾਰਿਆਂ ਨੂੰ ਖ਼ੁਸ਼ ਕੀਤਾ।

ਇਸ ਤੋਂ ਪਹਿਲਾਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਸੈਕਟਰ 7 ਸਥਿਤ ਸ਼੍ਰੀ ਸਨਾਤਨ ਧਰਮ ਸਭਾ ਦੇ ਪ੍ਰਧਾਨ ਨਰੇਸ਼ ਅਗਰਵਾਲ ਦੇ ਘਰ ਪਹੁੰਚੇ। ਇੱਥੇ ਨਰੇਸ਼ ਅਗਰਵਾਲ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅਤੇ ਸਾਬਕਾ ਮੰਤਰੀ ਅਸੀਮ ਗੋਇਲ ਦਾ ਸ਼ਾਲ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਵਾਗਤ ਕੀਤਾ।

ਸ਼ੈਲਬੀ ਹਸਪਤਾਲ 'ਚ ਲਾਈਫ਼ ਸੇਵਿੰਗ ਓਪਨ ਹਾਰਟ ਸਰਜਰੀ ਨਾਲ ਮਿਲਿਆ ਨਵਾਂ ਜੀਵਨ

ਮੋਹਾਲੀ, 22 ਸਤੰਬਰ
(ਪੈ.ਗਾਮ-ਏ-ਜਗਤ)

ਲੁਧਿਆਣਾ ਦੇ ਗੁਰਬਖ਼ਸ਼ ਸਿੰਘ ਨੂੰ ਸ਼ੈਲਬੀ ਹਸਪਤਾਲ, ਮੋਹਾਲੀ ਵਿੱਚ ਕੀਤੀ ਗਈ ਲਾਈਫ਼ ਸੇਵਿੰਗ ਓਪਨ ਹਾਰਟ ਸਰਜਰੀ ਤੋਂ ਬਾਅਦ ਨਵਾਂ ਜੀਵਨ ਮਿਲਿਆ। ਸਿੰਘ ਨੂੰ 'ਸਵੀਅਰ ਇਨਫੈਕਟਿਵ ਐਂਡੋਕਾਰਡਾਈਟਿਸ' ਦੀ ਸ਼ਿਕਾਇਤ ਨਾਲ ਸ਼ੈਲਬੀ ਵਿੱਚ ਲਿਆਂਦਾ ਗਿਆ ਸੀ, ਜੋ ਦਿਲ ਦੇ ਅੰਦਰ ਹੋਣ ਵਾਲਾ ਇੱਕ ਦੁਰਲੱਭ ਅਤੇ ਸੰਭਾਵੀ ਤੌਰ 'ਤੇ ਘਾਤਕ ਇਨਫੈਕਸ਼ਨ ਹੈ। ਇਸ ਨੇ ਉਹਨਾਂ ਦੇ ਦਿਲ ਦੇ ਦੋਵਾਂ ਵਾਲਵਾਂ ਨੂੰ ਨੁਕਸਾਨ ਪਹੁੰਚਾਇਆ ਸੀ ਅਤੇ ਦਿਲ ਵਿੱਚ ਇੱਕ ਛੇਕ ਬਣਾ ਦਿੱਤਾ ਸੀ, ਜਿਸ ਨਾਲ ਉਹਨਾਂ ਨੂੰ 'ਐਕਿਊਟ ਹਾਰਟ ਫੇਲ੍ਹਅਰ' ਹੋ ਗਿਆ ਸੀ। ਉੱਤਰੀ ਭਾਰਤ ਦੇ ਕਈ ਕਾਰਡੀਅਕ ਸੈਂਟਰਾਂ ਵਿੱਚ ਬਹੁਤ ਜ਼ਿਆਦਾ ਸਰਜੀਕਲ ਖ਼ਤਰਿਆਂ ਦੀ ਚੇਤਾਵਨੀ ਦਿੱਤੇ ਜਾਣ ਦੇ ਬਾਵਜੂਦ, ਮਰੀਜ਼ ਅਤੇ ਉਹਨਾਂ ਦੇ ਪਰਿਵਾਰ ਨੇ ਸ਼ੈਲਬੀ ਵਿੱਚ ਡਾਇਰੈਕਟਰ- ਕਾਰਡੀਅਕ ਥੌਰੈਸਿਕ ਅਤੇ ਵੈਸਕੁਲਰ ਸਰਜਰੀ, ਡਾ. ਹਰਿੰਦਰ ਸਿੰਘ ਬੇਦੀ 'ਤੇ ਭਰੋਸਾ ਜਤਾਇਆ। ਇਹ ਸਮਝਦੇ ਹੋਏ ਕਿ ਦੇਰੀ ਕਰਨ ਨਾਲ ਇਨਫੈਕਸ਼ਨ ਪੂਰੇ ਸਰੀਰ ਵਿੱਚ ਸੈਪਸਿਸ (ਖ਼ੂਨ ਵਿੱਚ ਇਨਫੈਕਸ਼ਨ) ਦੇ ਰੂਪ ਵਿੱਚ ਫੈਲ ਸਕਦੀ ਹੈ, ਡਾ. ਬੇਦੀ ਨੇ ਸਾਵਧਾਨੀਪੂਰਵਕ ਯੋਜਨਾ ਬਣਾਉਣ ਤੋਂ ਬਾਅਦ ਤੁਰੰਤ ਸਰਜਰੀ ਸ਼ੁਰੂ ਕੀਤੀ।



ਇਸ ਜਟਿਲ ਸਰਜਰੀ ਵਿੱਚ ਦੋਵਾਂ ਸੰਕ੍ਰਮਿਤ ਦਿਲ ਦੇ ਵਾਲਵਾਂ ਨੂੰ ਬਦਲਣਾ ਅਤੇ ਸੈਪਟਲ ਡਿਫੈਕਟ (ਦਿਲ ਦੇ ਛੇਕ) ਨੂੰ ਬੰਦ ਕਰਨਾ ਸ਼ਾਮਲ ਸੀ। ਮਰੀਜ਼ ਨੇ ਇਸ ਇਲਾਜ 'ਤੇ ਬਹੁਤ ਹੀ ਸਕਾਰਾਤਮਕ ਪ੍ਰਤੀਕਿਰਿਆ ਦਿੱਤੀ ਅਤੇ ਸਰਜਰੀ ਦੇ ਕੁਝ ਹੀ ਦਿਨਾਂ ਦੇ ਅੰਦਰ ਉਹਨਾਂ ਨੂੰ ਹਸਪਤਾਲ ਤੋਂ ਛੁੱਟੀ ਦੇ ਦਿੱਤੀ ਗਈ। ਡਾ. ਬੇਦੀ ਨੇ ਕਿਹਾ, ਦਿਲ ਦੇ ਅੰਦਰ ਸੰਕਰਮਣ, ਜਿਸ ਨੂੰ ਇਨਫੈਕਟਿਵ ਐਂਡੋਕਾਰਡਾਈਟਿਸ ਕਿਹਾ ਜਾਂਦਾ ਹੈ, ਇੱਕ ਦੁਰਲੱਭ ਪਰ ਸੰਭਾਵੀ ਤੌਰ 'ਤੇ ਘਾਤਕ ਸਥਿਤੀ ਹੈ ਜੋ ਦੰਦ ਕੱਢਣ ਵਰਗੀਆਂ ਮਾਮੂਲੀ ਪ੍ਰਕਿਰਿਆਵਾਂ ਤੋਂ ਬਾਅਦ ਵੀ ਹੋ ਸਕਦੀ ਹੈ। ਇਹ ਇਨਫੈਕਸ਼ਨ ਕੰਬਣੀ ਦੇ ਨਾਲ ਤੇਜ਼ ਬੁਖ਼ਾਰ ਦੇ ਰੂਪ ਵਿੱਚ ਸਾਹਮਣੇ ਆਉਂਦੀ ਹੈ ਅਤੇ ਤੇਜ਼ੀ ਨਾਲ ਦਿਲ ਦੇ ਵਾਲਵਾਂ ਨੂੰ ਨੁਕਸਾਨ ਪਹੁੰਚਾਉਂਦੀ ਹੈ, ਜਿਸ ਨਾਲ ਹਾਰਟ ਫੇਲ੍ਹਅਰ ਹੋ ਜਾਂਦਾ ਹੈ। ਇਲਾਜ ਕਰਨ ਵਾਲੇ ਡਾਕਟਰ ਲਈ ਸਭ ਤੋਂ ਵੱਡੀ ਚੁਣੌਤੀ ਐਮਰਜੈਂਸੀ ਸਰਜਰੀ ਦੇ ਖ਼ਤਰੇ ਅਤੇ ਇੰਤਜ਼ਾਰ ਕਰਨ ਦੇ ਵਿਚਕਾਰ ਸੰਤੁਲਨ ਬਣਾਉਣਾ ਹੁੰਦਾ ਹੈ, ਕਿਉਂਕਿ ਇੰਤਜ਼ਾਰ ਕਰਨ ਨਾਲ ਇਨਫੈਕਸ਼ਨ ਪੂਰੇ ਸਰੀਰ ਵਿੱਚ ਸੈਪਸਿਸ ਦੇ ਰੂਪ ਵਿੱਚ ਫੈਲ ਸਕਦੀ ਹੈ।

ਨੌਜਵਾਨ ਪੀੜ੍ਹੀ ਨੂੰ ਭਾਰਤੀ ਸੰਸਕ੍ਰਿਤੀ ਨਾਲ ਜੋੜਨ ਦਾ ਯਤਨ, ਕਰਨਾਲ ਵਿੱਚ ਹੋਵੇਗਾ 'ਗੋਸਵਾਮੀ ਤੁਲਸੀਦਾਸ ਨਾਟਕ'

ਪੈ.ਗਾਮ-ਏ-ਜਗਤ/ਕਰਨਾਲ
22 ਸਤੰਬਰ (ਪ੍ਰਵੀਨ ਵਾਲੀਆ)

- **ਜੇਨੇਸਿਸ ਅਤੇ ਦਿਵਯ ਪ੍ਰੇਮ ਸੇਵਾ ਮਿਸ਼ਨ ਨਿਆਸ, ਹਰਿਦੁਆਰ ਦੇ ਸੇਵਾ ਪ੍ਰਕਲਪਾਂ ਨੂੰ ਸਮਰਪਿਤ "ਤੁਲਸੀਦਾਸ" ਨਾਟਕ ਨੂੰ ਲੈ ਕੇ ਪ੍ਰੈਸ ਵਾਰਤਾ ਆਯੋਜਿਤ**



ਦਿਵਯ ਪ੍ਰੇਮ ਸੇਵਾ ਮਿਸ਼ਨ ਨਿਆਸ, ਹਰਿਦੁਆਰ ਦੇ ਸੇਵਾ ਪ੍ਰਕਲਪਾਂ ਨੂੰ ਸਮਰਪਿਤ ਪਦਮਸ਼੍ਰੀ ਸ਼ੇਖਰ ਸੇਨ ਦੁਆਰਾ ਰਚਿਤ ਅਤੇ ਅਭਿਨੀਤ "ਗੋਸਵਾਮੀ ਤੁਲਸੀਦਾਸ" ਨਾਟਕ ਦੇ ਮੰਚਨ ਨੂੰ ਲੈ ਕੇ ਅੱਜ ਕਰਨਾਲ ਕਲੱਬ ਵਿੱਚ ਪ੍ਰੈਸ ਵਾਰਤਾ ਆਯੋਜਿਤ ਕੀਤੀ ਗਈ। ਇਸ ਅਵਸਰ 'ਤੇ ਪ੍ਰੋਗਰਾਮ ਨਾਲ ਜੁੜੀ ਮਹੱਤਵਪੂਰਨ ਜਾਣਕਾਰੀ ਅਤੇ ਆਯੋਜਨ ਦੀ ਰੂਪ-ਰੇਖਾ ਮੀਡੀਆ ਪ੍ਰਤੀਨਿਧਾਂ ਨਾਲ ਸਾਂਝੀ ਕੀਤੀ ਗਈ।

ਪ੍ਰੈਸ ਵਾਰਤਾ ਵਿੱਚ ਦਿਵਯ ਪ੍ਰੇਮ ਸੇਵਾ ਮਿਸ਼ਨ, ਹਰਿਦੁਆਰ ਦੇ ਸੰਸਥਾਪਕ ਡਾਕਟਰ ਆਸ਼ੀਸ਼ ਗੌਤਮ ਭਈਆ ਜੀ ਨੇ ਮਿਸ਼ਨ ਦੇ ਸੇਵਾ ਕਾਰਜਾਂ ਅਤੇ ਸਮਾਜ ਹਿੱਤ ਵਿੱਚ ਕੀਤੇ ਜਾ ਰਹੇ ਵੱਖ-ਵੱਖ ਸੇਵਾ ਪ੍ਰਕਲਪਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਸੇਵਾ, ਸੰਸਕਾਰ ਅਤੇ ਭਾਰਤੀ ਸੰਸਕ੍ਰਿਤੀ ਦੇ ਮੁੱਲਾਂ ਨੂੰ ਸਮਾਜ ਤੱਕ ਪਹੁੰਚਾਉਣ ਦੇ ਉਦੇਸ਼ ਨਾਲ ਵੱਖ-ਵੱਖ ਗਤੀਵਿਧੀਆਂ ਸੰਚਾਲਿਤ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਵਿੱਚ "ਤੁਲਸੀਦਾਸ"ਨਾਟਕ ਦੇ ਮਾਧਿਅਮ ਰਾਹੀਂ ਗੋਸਵਾਮੀ ਤੁਲਸੀਦਾਸ ਜੀ ਦੇ ਜੀਵਨ, ਉਨ੍ਹਾਂ ਦੇ ਸਾਹਿਤ ਅਤੇ ਸ੍ਰੀ ਰਾਮ ਭਗਤੀ ਦੇ ਸੰਦੇਸ਼ ਨੂੰ ਜਨ-ਜਨ ਤੱਕ ਪਹੁੰਚਾਉਣ ਦਾ ਯਤਨ ਕੀਤਾ ਜਾ ਰਿਹਾ ਹੈ।

ਇਸ ਅਵਸਰ 'ਤੇ Genesis Group ਦੇ ਸੰਸਥਾਪਕ ਜਿਤੇਂਦਰ ਸਿੰਘ ਅਹਿਲਾਵਤ ਨੇ ਪ੍ਰੋਗਰਾਮ ਦੀ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਭਾਰਤੀ ਸੰਸਕ੍ਰਿਤੀ, ਅਧਿਆਤਮ ਅਤੇ ਸਾਡੀਆਂ ਗੌਰਵਸ਼ਾਲੀ ਪਰੰਪਰਾਵਾਂ ਨਾਲ ਨਵੀਂ ਪੀੜ੍ਹੀ ਨੂੰ ਜੋੜਨਾ ਅੱਜ ਦੇ ਸਮੇਂ ਦੀ ਮਹੱਤਵਪੂਰਨ ਲੋੜ ਹੈ। ਉਨ੍ਹਾਂ ਕਿਹਾ ਕਿ ਗੋਸਵਾਮੀ ਤੁਲਸੀਦਾਸ ਜੀ ਦਾ ਜੀਵਨ ਅਤੇ ਉਨ੍ਹਾਂ ਦਾ ਸਾਹਿਤ ਸਾਨੂੰ ਭਗਤੀ, ਸੰਸਕਾਰ, ਸੇਵਾ ਅਤੇ ਮਾਨਵੀ ਮੁੱਲਾਂ ਦੀ ਪ੍ਰੇਰਣਾ ਦਿੰਦਾ ਹੈ। ਅਜਿਹੇ ਸੱਭਿਆਚਾਰਕ ਆਯੋਜਨ ਸਮਾਜ ਵਿੱਚ ਸਕਾਰਾਤਮਕ ਵਿਚਾਰਾਂ ਅਤੇ ਭਾਰਤੀ ਮੁੱਲਾਂ ਨੂੰ ਮਜ਼ਬੂਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਮੀਡੀਆ ਪ੍ਰਤੀਨਿਧਾਂ ਨੂੰ ਪ੍ਰੋਗਰਾਮ ਦੀ ਜਾਣਕਾਰੀ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਦਾ ਸੱਦਾ ਦਿੱਤਾ ਅਤੇ ਕਰਨਾਲ-ਵਾਸੀਆਂ ਨੂੰ ਇਸ ਵਿਸ਼ੇਸ਼ ਸੱਭਿਆਚਾਰਕ ਪੇਸ਼ਕਾਰੀ ਵਿੱਚ ਸਹਿਭਾਗਤਾ ਕਰਨ ਦੀ ਅਪੀਲ ਕੀਤੀ।

ਇਸ ਅਵਸਰ 'ਤੇ ਕਰਨਾਲ ਇੰਟਰਨੈਸ਼ਨਲ ਸਕੂਲ ਦੇ ਚੇਅਰਮੈਨ ਕਰਨਲ ਅਰੁਣ ਦੱਤਾ ਅਤੇ ਡਾ. ਰੰਜਨਾ ਸ਼ਰਮਾ ਵੀ ਹਾਜ਼ਰ ਰਹੇ। ਉਨ੍ਹਾਂ ਆਯੋਜਨ ਨਾਲ ਜੁੜੇ ਯਤਨਾਂ ਦੀ ਸ਼ਲਾਘਾ ਕਰਦਿਆਂ ਭਾਰਤੀ ਸੰਸਕ੍ਰਿਤੀ ਅਤੇ ਸਾਹਿਤ 'ਤੇ ਅਧਾਰਿਤ ਅਜਿਹੇ ਪ੍ਰੋਗਰਾਮਾਂ ਨੂੰ ਸਮਾਜ ਅਤੇ ਨੌਜਵਾਨ ਪੀੜ੍ਹੀ ਲਈ ਮਹੱਤਵਪੂਰਨ ਦੱਸਿਆ।

ਪਦਮਸ਼੍ਰੀ ਸ਼ੇਖਰ ਸੇਨ ਦੁਆਰਾ ਪੇਸ਼ "ਗੋਸਵਾਮੀ ਤੁਲਸੀਦਾਸ" ਨਾਟਕ ਦਾ ਮੰਚਨ ਐਤਵਾਰ, 27 ਸਤੰਬਰ 2026 ਨੂੰ ਸ਼ਾਮ 5:00 ਵਜੇ, ਮੰਗਲਸੈਨ ਆਡੀਟੋਰੀਅਮ, ਕਰਨਾਲ ਵਿੱਚ ਕੀਤਾ ਜਾਵੇਗਾ।

ਨਸ਼ੇ ਖਿਲਾਫ ਜ਼ੀਰੋ ਟਾਲਰੈਂਸ-ਸੰਵੇਦਨਸ਼ੀਲ ਖੇਤਰਾਂ ਵਿੱਚ ਪੁਲਿਸ ਦੀ ਸਰਗਰਮੀ ਵਧਾਈ ਜਾਵੇਗੀ : ਐਸਪੀ ਵਿਨੋਦ ਕੁਮਾਰ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

- **ਨਸ਼ਾ ਵੇਚਣ ਵਾਲਿਆਂ 'ਤੇ ਸਖਤ ਕਾਰਵਾਈ ਅਤੇ ਆਮ ਲੋਕਾਂ ਨੂੰ ਜਾਗਰੂਕ ਕਰਨ ਦੇ ਦਿੱਤੇ ਨਿਰਦੇਸ਼**



ਪੁਲਿਸ ਅਧਿਕਾਰੀ ਹਾਂਸੀ ਵਿਨੋਦ ਕੁਮਾਰ ਨੇ ਨਸ਼ੇ ਖਿਲਾਫ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਪੁਲਿਸ ਅਧਿਕਾਰੀਆਂ ਅਤੇ ਨਸ਼ਾ ਮੁਕਤੀ ਟੀਮ ਨਾਲ ਮੀਟਿੰਗ ਕੀਤੀ। ਮੀਟਿੰਗ ਵਿੱਚ ਡੀਐਸਪੀ ਨਾਰਨੌਂਦ ਦੇਵੇਂਦਰ ਨੈਣ, ਥਾਣਾ ਇੰਚਾਰਜ ਜਿਤੇਂਦਰ, ਪੁਲਿਸ ਚੌਂਕੀ ਖੇੜੀ ਚੌਪਟਾ ਇੰਚਾਰਜ, ਪੁਲਿਸ ਚੌਂਕੀ ਮਿਰਜ਼ਪੁਰ ਇੰਚਾਰਜ ਅਤੇ ਨਸ਼ਾ ਮੁਕਤੀ ਟੀਮ ਇੰਚਾਰਜ ਇੰਸਪੈਕਟਰ ਰਾਜੀਵ ਕੁਮਾਰ ਮੌਜੂਦ ਰਹੇ।

ਮੀਟਿੰਗ ਵਿੱਚ ਪੁਲਿਸ ਅਧਿਕਾਰੀ ਨੇ ਅਧਿਕਾਰੀਆਂ ਨੂੰ ਨਸ਼ੇ ਖਿਲਾਫ ਜ਼ੀਰੋ ਟਾਲਰੈਂਸ ਦੀ ਨੀਤੀ ਤਹਿਤ ਪ੍ਰਭਾਵਸ਼ਾਲੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਨਸ਼ਾ ਸਮਾਜ ਅਤੇ ਖਾਸ ਤੌਰ 'ਤੇ ਨੌਜਵਾਨਾਂ ਦੇ ਭਵਿੱਖ ਲਈ ਗੰਭੀਰ ਚੁਣੌਤੀ ਹੈ, ਇਸ ਲਈ ਨਸ਼ੇ ਦੀ ਵਿਕਰੀ ਅਤੇ ਸਪਲਾਈ ਨਾਲ ਜੁੜੇ ਲੋਕਾਂ ਖਿਲਾਫ ਪੁਲਿਸ ਵੱਲੋਂ ਸਖਤੀ ਨਾਲ ਕਾਰਵਾਈ ਕੀਤੀ ਜਾਵੇ।

ਐਸਪੀ ਵਿਨੋਦ ਕੁਮਾਰ ਨੇ ਸੰਵੇਦਨਸ਼ੀਲ ਅਤੇ ਨਸ਼ੇ ਦੇ ਪੱਖੋਂ ਚਿੰਨ੍ਹਤ ਖੇਤਰਾਂ ਵਿੱਚ ਪੁਲਿਸ ਦੀ ਸਰਗਰਮੀ ਵਧਾਉਣ, ਸੂਚਨਾ ਤੰਤਰ ਨੂੰ ਮਜ਼ਬੂਤ ਕਰਨ ਅਤੇ ਲੋੜ ਅਨੁਸਾਰ ਛਾਪੇ ਅਤੇ ਚੈਕਿੰਗ ਮੁਹਿੰਮ ਚਲਾ ਕੇ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਅਤੇ ਨਸ਼ਾ ਤਸਕਰਾਂ ਖਿਲਾਫ ਕਾਨੂੰਨੀ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਕਾਰਵਾਈ ਦੇ ਨਾਲ-ਨਾਲ ਨਸ਼ੇ ਦੇ ਮਾੜੇ ਪ੍ਰਭਾਵਾਂ ਪ੍ਰਤੀ ਆਮ ਲੋਕਾਂ ਅਤੇ ਨੌਜਵਾਨਾਂ ਨੂੰ ਜਾਗਰੂਕ ਕਰਨਾ ਵੀ ਪੁਲਿਸ ਦੀ ਤਰਜੀਹ ਰਹੇ। ਪਿੰਡਾਂ ਅਤੇ ਸੰਵੇਦਨਸ਼ੀਲ ਖੇਤਰਾਂ ਵਿੱਚ ਲੋਕਾਂ ਨਾਲ ਸੰਪਰਕ ਕਰਕੇ ਉਨ੍ਹਾਂ ਨੂੰ ਨਸ਼ੇ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾਵੇ।

ਪੁਲਿਸ ਅਧਿਕਾਰੀ ਨੇ ਸਪੱਸ਼ਟ ਕੀਤਾ ਕਿ ਨਸ਼ੇ ਖਿਲਾਫ ਮੁਹਿੰਮ ਸਿਰਫ ਕਾਰਵਾਈ ਤੱਕ ਸੀਮਤ ਨਹੀਂ ਰਹੇਗੀ, ਸਗੋਂ ਨਸ਼ਾ ਰੋਕਥਾਮ, ਜਾਗਰੂਕਤਾ ਅਤੇ ਨਸ਼ਾ ਮੁਕਤੀ ਲਈ ਭਾਈਚਾਰਕ ਸਹਿਯੋਗ ਨੂੰ ਵੀ ਨਾਲ ਲੈ ਕੇ ਅੱਗੇ ਵਧਾਇਆ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਖੇਤਰ ਵਿੱਚ ਲਗਾਤਾਰ ਨਿਗਰਾਨੀ ਰੱਖਣ ਅਤੇ ਨਸ਼ੇ ਨਾਲ ਸਬੰਧਤ ਗਤੀਵਿਧੀਆਂ ਦੀ ਸੂਚਨਾ ਮਿਲਣ 'ਤੇ ਤੁਰੰਤ ਪ੍ਰਭਾਵਸ਼ਾਲੀ ਕਾਰਵਾਈ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਛੋਟੇ ਚੀਰੇ ਨਾਲ ਰੀੜ੍ਹ ਦੀ ਸਰਜਰੀ-ਕੀ ਐਂਡੋਸਕੋਪਿਕ ਸਪਾਈਨ ਸਰਜਰੀ ਹੀ ਹੈ ਭਵਿੱਖ

ਪੈ.ਗਾਮ-ਏ-ਜਗਤ/ਕਰਨਾਲ
22 ਸਤੰਬਰ (ਪ੍ਰਵੀਨ ਵਾਲੀਆ)

ਰੀੜ੍ਹ ਦੀ ਸਰਜਰੀ ਦੇ ਖੇਤਰ ਵਿੱਚ ਤਕਨੀਕ ਤੇਜ਼ੀ ਨਾਲ ਵਿਕਸਿਤ ਹੋ ਰਹੀ ਹੈ। ਆਧੁਨਿਕ ਇਮੇਜਿੰਗ, ਅਤਿ-ਆਧੁਨਿਕ ਸਰਜੀਕਲ ਉਪਕਰਨਾਂ ਅਤੇ ਬਿਹਤਰ ਵਿਜ਼ੂਅਲਾਈਜ਼ੇਸ਼ਨ ਤਕਨੀਕ ਦੀ ਮਦਦ ਨਾਲ ਹੁਣ ਰੀੜ੍ਹ ਦੀਆਂ ਕੁਝ ਚੁਣਵੀਆਂ ਸਮੱਸਿਆਵਾਂ ਦਾ ਇਲਾਜ ਮੁਕਾਬਲਤਨ ਛੋਟੇ ਰਸਤੇ ਤੋਂ ਕੀਤਾ ਜਾ ਸਕਦਾ ਹੈ। ਇਸੇ ਵਜ?ਹਾ ਨਾਲ ਐਂਡੋਸਕੋਪਿਕ ਸਪਾਈਨ ਸਰਜਰੀ, ਜਿਸਨੂੰ ਆਮ ਤੌਰ 'ਤੇ 'ਕੀਹੋਲ ਸਪਾਈਨ ਸਰਜਰੀ' ਵੀ ਕਿਹਾ ਜਾਂਦਾ ਹੈ, 'ਤੇ ਲਗਾਤਾਰ ਧਿਆਨ ਵੱਧ ਰਿਹਾ ਹੈ।

ਇਸ ਵਿੱਚ ਵੱਡੇ ਚੀਰੇ ਦੀ ਬਜਾਏ ਇੱਕ ਛੋਟੇ ਕੈਮਰੇ ਯਾਨੀ ਐਂਡੋਸਕੋਪ ਅਤੇ ਵਿਸ਼ੇਸ਼ ਉਪਕਰਨਾਂ ਨੂੰ ਤੰਗ ਮਾਰਗ ਤੋਂ ਪ੍ਰਭਾਵਿਤ ਹਿੱਸੇ ਤੱਕ ਪਹੁੰਚਾਇਆ ਜਾਂਦਾ ਹੈ। ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਸ਼ਾਲੀਮਾਰ ਬਾਗ ਦੇ ਆਰਥੋਪੀਡਿਕ ਸਪਾਈਨ ਸਰਜਰੀ ਵਿਭਾਗ ਦੇ ਐਸੋਸੀਏਟ ਡਾਇਰੈਕਟਰ ਅਤੇ ਯੂਨਿਟ ਹੈੱਡ ਡਾ. ਜਿਤੇਸ਼ ਮੰਘਵਾਨੀ ਨੇ ਦੱਸਿਆ ਆਧੁਨਿਕ ਸਪਾਈਨ ਸਰਜਰੀ ਦਾ ਉਦੇਸ਼ ਕੇਵਲ ਚੀਰਾ ਛੋਟਾ ਕਰਨਾ ਨਹੀਂ, ਸਗੋਂ ਪ੍ਰਭਾਵਿਤ ਹਿੱਸੇ ਤੱਕ ਸੁਰੱਖਿਅਤ ਅਤੇ ਪ੍ਰਭਾਵਸ਼ਾਲੀ ਤਰੀਕੇ ਨਾਲ ਪਹੁੰਚਦੇ ਹੋਏ ਆਸ-ਪਾਸ ਦੇ ਸਿਹਤਮੰਦ ਟਿਸ਼ੂਆਂ ਨੂੰ ਬੇਲੋੜੇ ਨੁਕਸਾਨ ਤੋਂ ਬਚਾਉਣਾ ਹੈ। ਐਂਡੋਸਕੋਪਿਕ ਤਕਨੀਕ ਪ੍ਰਭਾਵਿਤ ਖੇਤਰ ਤੱਕ ਨਿਸ਼ਾਨਾ ਪਹੁੰਚ ਅਤੇ ਸਿੱਧੇ ਵਿਜ਼ੂਅਲਾਈਜ਼ੇਸ਼ਨ ਦੀ ਸਹੂਲਤ ਪ੍ਰਦਾਨ ਕਰ ਸਕਦੀ ਹੈ। ਹਾਈ-ਡੈਫੀਨੇਸ਼ਨ ਕੈਮਰਿਆਂ, ਬਿਹਤਰ ਰੋਸ਼ਨੀ ਅਤੇ ਛੋਟੇ ਸਰਜੀਕਲ ਉਪਕਰਨਾਂ ਵਿੱਚ ਹੋਈ ਤਰੱਕੀ ਨੇ ਇਸਦੇ ਉਪਯੋਗ ਦੀਆਂ ਸੰਭਾਵਨਾਵਾਂ ਨੂੰ ਹੋਰ ਵਧਾਇਆ ਹੈ। ਭਵਿੱਖ ਵਿੱਚ ਸਪਾਈਨ ਸਰਜਰੀ ਦਾ ਇੱਕ ਮਹੱਤਵਪੂਰਨ ਪਹਿਲੂ ਵਧੇਰੇ ਵਿਅਕਤੀਗਤ ਇਲਾਜ ਯੋਜਨਾ ਯਾਨੀ ਪਰਸਨਲਾਈਜ਼ਡ ਸਰਜੀਕਲ ਪਲਾਨਿੰਗ ਹੋ ਸਕਦਾ ਹੈ। ਇੱਕੋ ਜਿਹੇ ਐਮਆਰਆਈ ਨਤੀਜਿਆਂ ਵਾਲੇ ਦੋ ਮਰੀਜ਼ਾਂ ਦੀ ਸਰੀਰਕ ਬਣਤਰ, ਲੱਛਣ, ਪਹਿਲਾਂ ਹੋਈ ਸਰਜਰੀ ਅਤੇ ਇਲਾਜ ਦੀਆਂ ਲੋੜਾਂ ਵੱਖ-ਵੱਖ ਹੋ ਸਕਦੀਆਂ ਹਨ। ਇਸ ਲਈ ਭਵਿੱਖ ਵਿੱਚ ਵਿਸਤ੍ਰਿਤ ਇਮੇਜਿੰਗ, 3ਡੀ ਐਨਾਟੋਮਿਕਲ ਜਾਣਕਾਰੀ, ਕੰਪਿਊਟਰ ਅਧਾਰਿਤ ਪਲਾਨਿੰਗ ਅਤੇ ਸਰਜੀਕਲ ਨੇਵੀਗੇਸ਼ਨ ਦੀ ਵਰਤੋਂ ਵੱਧ ਸਕਦੀ ਹੈ। ਡਾ. ਜਿਤੇਸ਼ ਨੇ ਅੱਗੇ ਦੱਸਿਆ ਇਹ ਵੀ ਸਮਝਣਾ ਜ਼ਰੂਰੀ ਹੈ ਕਿ ਛੋਟਾ ਚੀਰਾ ਹਮੇਸ਼ਾ ਬਿਹਤਰ ਵਿਕਲਪ ਨਹੀਂ ਹੁੰਦਾ। ਜੇ ਜ਼ਰੂਰੀ ਇਲਾਜ ਛੋਟੇ ਰਸਤੇ ਤੋਂ ਸੁਰੱਖਿਅਤ ਤਰੀਕੇ ਨਾਲ ਕੀਤਾ ਜਾ ਸਕਦਾ ਹੈ, ਤਾਂ ਘੱਟ ਟਿਸ਼ੂ ਖਰਾਬੀ ਵਾਲਾ ਤਰੀਕਾ ਮਰੀਜ਼ ਲਈ ਲਾਭਦਾਇਕ ਹੋ ਸਕਦਾ ਹੈ। ਪਰ ਰੀੜ੍ਹ ਦੀਆਂ ਕੁਝ ਜਟਿਲ ਸਥਿਤੀਆਂ ਵਿੱਚ ਵਧੇਰੇ ਵਿਆਪਕ ਪਹੁੰਚ, ਪੁਨਰ ਨਿਰਮਾਣ ਜਾਂ ਸਪਾਈਨਲ ਸਟੈਬੀਲਾਈਜ਼ੇਸ਼ਨ ਦੀ ਲੋੜ ਹੋ ਸਕਦੀ ਹੈ। ਅਜਿਹੇ ਮਾਮਲਿਆਂ ਵਿੱਚ ਕੇਵਲ ਛੋਟੇ ਚੀਰੇ ਦੇ ਅਧਾਰ 'ਤੇ ਐਂਡੋਸਕੋਪਿਕ ਸਰਜਰੀ ਦੀ ਚੋਣ ਕਰਨਾ ਉਚਿਤ ਨਹੀਂ ਹੋਵੇਗਾ। ਪਹਿਲ ਹਮੇਸ਼ਾ ਰੀੜ੍ਹ ਦੀ ਸਮੱਸਿਆ ਦਾ ਪੂਰੀ ਤਰ੍ਹਾਂ ਅਤੇ ਸੁਰੱਖਿਅਤ ਤਰੀਕੇ ਨਾਲ ਇਲਾਜ ਹੋਣਾ ਚਾਹੀਦਾ ਹੈ। ਐਂਡੋਸਕੋਪਿਕ ਸਪਾਈਨ ਸਰਜਰੀ ਹਰ ਮਰੀਜ਼ ਲਈ ਢੁਕਵੀਂ ਨਹੀਂ ਹੈ।



ਭਵਿੱਖ ਦੀ ਸਪਾਈਨ ਸਰਜਰੀ ਵਿੱਚ ਹਾਈ-ਰੈਜ਼ੋਲਿਊਸ਼ਨ ਐਂਡੋਸਕੋਪਿਕ ਇਮੇਜਿੰਗ, ਆਧੁਨਿਕ ਸਰਜੀਕਲ ਨੇਵੀਗੇਸ਼ਨ, 3ਡੀ ਪਲਾਨਿੰਗ, ਕੰਪਿਊਟਰ ਅਧਾਰਿਤ ਮਾਰਗਦਰਸ਼ਨ, ਚੁਣਵੀਆਂ ਪ੍ਰਕਿਰਿਆਵਾਂ ਵਿੱਚ ਰੋਬੋਟਿਕ ਸਹਾਇਤਾ, ਏਆਈ ਅਧਾਰਿਤ ਇਮੇਜ ਵਿਸ਼ਲੇਸ਼ਣ ਅਤੇ ਛੋਟੇ ਅਤੇ ਵਧੇਰੇ ਸਟੀਕ ਸਰਜੀਕਲ ਉਪਕਰਨਾਂ ਵਰਗੀਆਂ ਤਕਨੀਕਾਂ ਦਾ ਸੁਮੇਲ ਦੇਖਣ ਨੂੰ ਮਿਲ ਸਕਦਾ ਹੈ। ਇਹ ਸਾਰੀਆਂ ਤਕਨੀਕਾਂ ਸਰਜਰੀ ਨੂੰ ਵਧੇਰੇ ਸਟੀਕ ਅਤੇ ਮਰੀਜ਼ ਦੀ ਲੋੜ ਦੇ ਅਨੁਸਾਰ ਬਣਾਉਣ ਵਿੱਚ ਮਦਦ ਕਰ ਸਕਦੀਆਂ ਹਨ। ਇਸ ਲਈ ਐਂਡੋਸਕੋਪਿਕ ਸਪਾਈਨ ਸਰਜਰੀ ਨਿਸ਼ਚਿਤ ਤੌਰ 'ਤੇ ਆਧੁਨਿਕ ਸਪਾਈਨ ਕੇਅਰ ਦਾ ਇੱਕ ਮਹੱਤਵਪੂਰਨ ਅਤੇ ਤੇਜ਼ੀ ਨਾਲ ਵਿਕਸਿਤ ਹੁੰਦਾ ਹਿੱਸਾ ਬਣੇਗੀ, ਪਰ ਭਵਿੱਖ ਦਾ ਅਰਥ ਹਰ ਸਪਾਈਨ ਆਪਰੇਸ਼ਨ ਨੂੰ ਕੀਹੋਲ ਤਕਨੀਕ ਵਿੱਚ ਬਦਲਣਾ ਨਹੀਂ ਹੋਵੇਗਾ।

ਭੜਕੇ ਜੰਗਲਾਤ ਕਾਮੇ ਅਧਿਕਾਰੀਆਂ ਦੇ ਭਰੋਸੇ ਮਗਰੋਂ ਹੋਏ ਸ਼ਾਂਤ

ਪਟਿਆਲਾ 22 ਸਤੰਬਰ
(ਪੈ.ਗਾਮ-ਏ-ਜਗਤ)



ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਜਿਲਾ ਪਟਿਆਲਾ ਵੱਲੋਂ ਮਾਨਯੋਗ ਹਾਈ ਕੋਰਟ ਕੇਸਾਂ ਦੇ ਫੈਸਲੇ ਲਾਗੂ ਨਾ ਕਰਨ ਦੇ ਰੋਸ ਵਜੋਂ ਅੱਜ ਵਣ ਮੰਡਲ ਅਫਸਰ ਜੰਗਲੀ ਜੀਵ ਅਤੇ ਖਜ਼ਾਨਾ ਅਫਸਰ ਦੇ ਦਫਤਰਾਂ ਅੱਗੇ ਸੰਘਰਸ਼ ਕਰਨ ਦਾ ਫੈਸਲਾ ਕੀਤਾ ਸੀ ਇਸ ਸੰਘਰਸ਼ ਦੇ ਦਬਾਅ ਸਦਕਾ ਵਣ ਮੰਡਲ ਅਫਸਰ ਜੰਗਲੀ ਜੀਵ ਅਤੇ ਖਜ਼ਾਨਾ ਅਫਸਰ ਵੱਲੋਂ ਯੂਨੀਅਨ ਦੇ ਵਫਦ ਨਾਲ ਮੀਟਿੰਗ ਕਰਕੇ ਮੁਲਾਜ਼ਮ ਆਗੂਆਂ ਨੂੰ ਭਰੋਸਾ ਦਵਾਇਆ ਕਿ ਜਿਹੜੇ ਬਕਾਏ ਬਿਲ ਹਨ ਉਹਨਾ ਨੂੰ ਟੋਕਨ ਲੈਕੇ ਆਨਲਾਈਨ ਕਰ ਦਿੱਤੇ ਹਨ ਤੇ ਇਹਨਾਂ ਦੀ ਮਨਜ਼ੂਰੀ ਚੰਡੀਗੜ੍ਹ ਆਉਣ ਤੋਂ ਬਾਅਦ ਵਰਕਰਾਂ ਦੇ ਖਾਤਿਆਂ ਵਿੱਚ ਪੈ ਜਾਣਗੇ ਤਾਂ ਕਿਤੇ ਜਾ ਕੇ ਜੰਗਲਾਤ ਕਾਮੇ ਸ਼ਾਂਤ ਹੋਏ। ਇਸ ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਜਸਵਿੰਦਰ ਸਿੰਘ ਸੌਜਾ, ਦਰਸ਼ਨ ਬੇਲੂ ਮਾਜਰਾ, ਭੁਪਿੰਦਰ ਸਿੰਘ ਸਾਧੂਹੈੜੀ, ਜੋਗਾ ਸਿੰਘ ਵਜੀਦਪੁਰ ਤੇ ਅਮਰਜੀਤ ਸਿੰਘ ਲਾਛੜੂ ਆਦਿ ਆਗੂ ਸ਼ਾਮਿਲ ਹੋਏ ਤੇ ਅਖੀਰ ਵਿੱਚ ਵਣ ਅਤੇ ਜੰਗਲੀ ਜੀਵ ਦੇ ਕਾਮਿਆਂ ਨੇ ਆਪਣੀ ਮੀਟਿੰਗ ਕਰਕੇ ਫੈਸਲਾ ਕੀਤਾ ਕੀ ਸੂਬਾ ਕੁਮੇਟੀ ਵਲੋ ਕੱਚੇ ਕਾਮਿਆਂ ਨੂੰ ਪੱਕਿਆਂ ਕਰਵਾਉਣ ਲਈ ਅਤੇ ਹੋਰ ਮੰਗ ਪੱਤਰ ਵਿੱਚ ਦਰਜ ਮੰਗਾਂ ਨੂੰ ਲਾਗੂ ਕਰਵਾਉਣ ਲਈ ਵਿੱਤ ਮੰਤਰੀ ਦੇ ਹਲਕਾ ਦਿੜਬਾ ਵਿਖੇ 26 ਸਤੰਬਰ 2026 ਨੂੰ ਪਟਿਆਲੇ ਤੋਂ ਵੱਡੀ ਗਿਣਤੀ ਵਿੱਚ ਜੰਗਲਾਤ ਕਾਮੇ ਉਸ ਸੰਘਰਸ਼ ਵਿੱਚ ਸ਼ਾਮਿਲ ਹੋਣਗੇ।

ਇਕੱਤਰਤਾ ਵਿੱਚ ਹੋਰਨਾਂ ਤੋਂ ਇਲਾਵਾ ਸੇਰ ਸਿੰਘ ਸਰਹਿੰਦ, ਦਵਿੰਦਰ ਸਿੰਘ ਚੌਧਰੀਮਾਜਰਾ, ਪਰਗਟ ਸਿੰਘ ਰਾਮਗੜ੍ਹ, ਸਬਦਿਲ ਕੂਕੀ, ਗੁਰਚਰਨ ਸਿੰਘ ਸਮਾਣਾ, ਹਾਕਮ ਖਾਨ, ਜਗਤਾਰ ਸੁਧੇਵਾਲ, ਬੁੱਧ ਸਿੰਘ ਹੱਲੋਤਾਲੀ, ਗੁਰਮੀਤ ਸਿੰਘ ਮੱਲੇਵਾਲ, ਪ੍ਰਦੀਪ ਕੁਮਾਰ ਪਟਿਆਲਾ, ਸਿੰਦਾ ਸਰਹਿੰਦ, ਸਮਸੇਰ ਅਸਮਾਨਪੁਰ,ਬਲਕਾਰ ਬਠੋਈ, ਰੂਪ ਸਿੰਘ ਆਗੂ ਸ਼ਾਮਿਲ ਹੋਏ।

ਸ.ਫ਼ਾ 1 ਦਾ ਬਾਕੀ...

ਸ਼ਹਿਰੀ ਅਤੇ ਪੇਂਡੂ...

ਵਾਲੇ ਟੈਕਸਾਂ, ਡਿਊਟੀਆਂ, ਟੋਲ ਅਤੇ ਫੀਸਾਂ ਦੀ ਕੁੱਲ ਪ੍ਰਾਪਤੀ ਦੀ ਸੂਬੇ ਅਤੇ ਪੰਚਾਇਤਾਂ/ ਨਗਰਪਾਲਿਕਾਵਾਂ ਵਿਚਕਾਰ ਵੰਡ ਕਰ ਸਕਦਾ ਹੈ।

ਉਨ੍ਹਾਂ ਕਿਹਾ, ਕਮਿਸ਼ਨ ਦੀ ਮਹੱਤਤਾ ਦਾ ਅੰਦਾਜ਼ਾ ਇਸ ਗੱਲ ਤੋਂ ਆਸਾਨੀ ਨਾਲ ਲਗਾਇਆ ਜਾ ਸਕਦਾ ਹੈ ਕਿ ਇਹ ਸਾਰੇ ਪੱਧਰਾਂ 'ਤੇ ਪੰਚਾਇਤਾਂ/ ਨਗਰਪਾਲਿਕਾਵਾਂ ਵਿਚਕਾਰ ਅਜਿਹੀਆਂ ਪ੍ਰਾਪਤੀਆਂ ਦੇ ਹਿੱਸੇ ਦੀ ਵੰਡ ਦੀ ਸਿਫ਼ਾਰਸ਼ ਵੀ ਕਰਦਾ ਹੈ। ਮੁੱਖ ਮੰਤਰੀ ਨੇ ਅੱਗੇ ਕਿਹਾ, ਪੰਚਾਇਤਾਂ/ਨਗਰਪਾਲਿਕਾਵਾਂ ਦੀ ਵਿੱਤੀ ਸਥਿਤੀ ਸੁਧਾਰਨ ਲਈ ਲੋੜੀਂਦੇ ਕਦਮ ਦੀ ਸਿਫ਼ਾਰਸ਼ ਕਰਨ ਲਈ ਵੀ ਕਮਿਸ਼ਨ ਬਹੁਤ ਜ਼ਰੂਰੀ ਹੈ। ਇਸੇ ਤਰ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ÷ਕਮਿਸ਼ਨ ਗੈਰ-ਉਤਪਾਦਕ ਮਾਲੀਆ ਖ਼ਰਚੇ ਘਟਾਉਣ ਦੇ ਉਪਾਵਾਂ ਅਤੇ ਪੂੰਜੀਗਤ ਸਰੋਤਾਂ ਦੀ ਕੁਸ਼ਲ ਅਤੇ ਪ੍ਰਭਾਵਸ਼ਾਲੀ ਵਰਤੋਂ ਲਈ ਪ੍ਰਸ਼ਾਸਨ ਦੀ ਗੁਣਵੱਤਾ ਅਤੇ ਤਕਨੀਕੀ ਸਹਾਇਤਾ ਵਿੱਚ ਸੁਧਾਰ ਕਰਨ ਦੇ ਕਦਮਾਂ ਦੀ ਸਿਫ਼ਾਰਸ਼ ਵੀ ਕਰਦਾ ਹੈ। ਇਸ ਮਹੱਤਵਪੂਰਨ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਸੂਬਾ ਸਰਕਾਰ ਵੱਲੋਂ ਪੰਜਾਬ ਦੇ ਸਾਬਕਾ ਵਧੀਕ ਮੁੱਖ ਸਕੱਤਰ ਕੇ. ਸ਼ਿਵ ਪ੍ਰਸਾਦ ਦੀ ਪ੍ਰਧਾਨਗੀ ਹੇਠ 'ਪੰਚਾਇਤਾਂ ਅਤੇ ਨਗਰਪਾਲਿਕਾਵਾਂ ਲਈ ਪੰਜਾਬ ਵਿੱਤ ਕਮਿਸ਼ਨ ਐਕਟ, 1994' ਦੀ ਧਾਰਾ 3(1) ਤਹਿਤ ਸੱਤਵੇਂ ਪੰਜਾਬ ਵਿੱਤ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਦੱਸਿਆ, ਕਮਿਸ਼ਨ ਵਿੱਚ ਸ਼ੌਕਤ ਰਾਏ ਦੀ ਮਾਹਰ ਮੈਂਬਰ, ਪ੍ਰਸ਼ਾਸਨਿਕ ਸਕੱਤਰ (ਪੇਂਡੂ ਵਿਕਾਸ ਤੇ ਪੰਚਾਇਤਾਂ, ਪੰਜਾਬ ਸਰਕਾਰ) ਅਤੇ ਪ੍ਰਸ਼ਾਸਨਿਕ ਸਕੱਤਰ (ਸਥਾਨਕ ਸਰਕਾਰ, ਪੰਜਾਬ ਸਰਕਾਰ) ਐਕਸ-ਆਫੀਸ਼ਿਓ ਮੈਂਬਰਾਂ ਵਜੋਂ ਅਤੇ ਵਿਸ਼ੇਸ਼ ਸਕੱਤਰ (ਵਿੱਤ, ਪੰਜਾਬ ਸਰਕਾਰ) ਐਕਸ-ਆਫੀਸ਼ਿਓ ਮੈਂਬਰ ਸਕੱਤਰ ਵਜੋਂ ਸ਼ਾਮਲ ਹਨ।

ਹਰਮਨਪ੍ਰੀਤ ਤੇ ਟੀਮ...

ਦੀਆਂ ਉਮੀਦਾਂ ਕਪਤਾਨ ਚਮਾਰੀ ਅੱਤਾਪੱਤੂ (21 ਗੇਂਦਾਂ 'ਚ 29 ਦੌੜਾਂ) 'ਤੇ ਟਿਕੀਆਂ ਹੋਈਆਂ ਸਨ, ਪਰ ਉਹ ਇਕੱਲੀ ਟੀਮ ਨੂੰ ਸੰਭਾਲ ਨਹੀਂ ਸਕੀ। ਭਾਰਤੀ ਸਪਿਨਰਾਂ ਦੇ ਸ਼ਾਨਦਾਰ ਪ੍ਰਦਰਸ਼ਨ ਅੱਗੇ ਸ੍ਰੀਲੰਕਾ ਦੀ ਪੂਰੀ ਟੀਮ 15.4 ਓਵਰਾਂ ਵਿੱਚ ਮਹਿਜ਼ 69 ਦੌੜਾਂ 'ਤੇ ਢੇਰ ਹੋ ਗਈ। ਭਾਰਤ ਵੱਲੋਂ ਸ਼ਫ਼ਾਲੀ ਵਰਮਾ ਨੇ ਹਰਫ਼ਨਮੌਲਾ ਖੇਡ ਦਿਖਾਉਂਦਿਆਂ 48 ਦੌੜਾਂ ਬਣਾਈਆਂ ਅਤੇ 3 ਦੌੜਾਂ ਦੇ ਕੇ 2 ਵਿਕਟਾਂ ਝਟਕਾਈਆਂ। ਦੀਪਤੀ ਸ਼ਰਮਾ ਨੇ 6 ਦੌੜਾਂ ਦੇ ਕੇ 3 ਵਿਕਟਾਂ ਅਤੇ ਸ਼੍ਰੀ ਚਰਨੀ ਨੇ 2 ਵਿਕਟਾਂ ਹਾਸਲ ਕੀਤੀਆਂ। ਇਸ ਖ਼?ਤਾਬ ਲਈ ਭਾਰਤ ਨੂੰ ਮਜ਼ਬੂਤ ਦਾਅਵੇਦਾਰ ਮੰਨਿਆ ਜਾ ਰਿਹਾ ਸੀ ਅਤੇ ਟੀਮ ਪੂਰੇ ਟੂਰਨਾਮੈਂਟ ਵਿੱਚ ਤਿੰਨੋਂ ਮੈਚਾਂ ਵਿੱਚ ਸ਼ਾਨਦਾਰ ਜਿੱਤ ਦਰਜ ਕਰਕੇ ਉਮੀਦਾਂ 'ਤੇ ਖ਼ਰੀ ਉਤਰੀ। ਇਸ ਤੋਂ ਪਹਿਲਾਂ ਏਸ਼ੀਆ ਕੱਪ ਵਿੱਚ ਵੀ ਸ੍ਰੀਲੰਕਾ ਨੂੰ ਭਾਰਤ ਹੱਥੋਂ ਹਾਰ ਦਾ ਸਾਹਮਣਾ ਕਰਨਾ ਪਿਆ ਸੀ। ਦੂਜੇ ਪਾਸੇ, ਪਾਕਿਸਤਾਨ ਨੇ ਬੰਗਲਾਦੇਸ਼ ਨੂੰ 31 ਦੌੜਾਂ ਨਾਲ ਹਰਾ ਕੇ ਕਾਂਸੇ ਦਾ ਤਗ਼ਮਾ ਜਿੱਤਿਆ।

ਭਗਵੰਤ ਮਾਨ ਨੇ ...

ਪੰਜਾਬ ਦਾ ਅਤੇ ਪੂਰੇ ਦੇਸ਼ ਦਾ ਮਾਣ ਵਧਾਇਆ ਹੈ; ਟੀਮ ਦੀ ਕਪਤਾਨੀ ਕਰ ਰਹੀ ਪੰਜਾਬ ਦੀ ਧੀ ਹਰਮਨਪ੍ਰੀਤ ਕੌਰ 'ਤੇ ਸਾਨੂੰ ਸਭ ਨੂੰ ਬਹੁਤ ਮਾਣ ਹੈ। ਪੰਜਾਬ ਸਰਕਾਰ ਦੀ ਖੇਡ ਨੀਤੀ ਤਹਿਤ ਹਰਮਨਪ੍ਰੀਤ ਕੌਰ ਨੂੰ 1 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਵੇਗਾ।ਕਪਤਾਨ ਹਰਮਨਪ੍ਰੀਤ ਤੇ ਪੂਰੀ ਟੀਮ ਨੂੰ ਬਹੁਤ-ਬਹੁਤ ਮੁਬਾਰਕਾਂ!

ਵੰਦੇ ਮਾਤਰਮ ਨਾ...

ਉਸ ਮਾਮਲੇ 'ਚ ਅਦਾਲਤ ਨੇ ਉਨ੍ਹਾਂ ਸਕੂਲੀ ਬੱਚਿਆਂ ਨੂੰ ਰਾਹਤ ਦਿੱਤੀ ਸੀ ਜਿਨ੍ਹਾਂ ਜ਼ਮੀਰ ਦੀ ਆਵਾਜ਼ ਦੇ ਆਧਾਰ 'ਤੇ ਕੌਮੀ ਤਰਾਨਾ ਗਾਉਣ ਤੋਂ ਇਨਕਾਰ ਕਰ ਦਿੱਤਾ ਸੀ।

ਜਸਟਿਸ ਬਾਗਚੀ ਨੇ ਸੌਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੂੰ ਸੰਬੋਧਨ ਕਰਦਿਆਂ ਜ਼ੁਬਾਨੀ ਟਿੱਪਣੀ ਕੀਤੀ, "ਅਸੀਂ ਨੋਟਿਸ ਜਾਰੀ ਕਰਨ ਦੇ ਚਾਹਵਾਨ ਨਹੀਂ ਹਾਂ ਪਰ ਅਸੀਂ ਉਮੀਦ ਕਰਦੇ ਹਾਂ ਕਿ ਮੁਲਕ ਦਾ ਕਾਨੂੰਨ, ਜਿਵੇਂ ਇਸ ਅਦਾਲਤ ਨੇ 'ਬਿਜੋਏ ਇਮੈਨੁਅਲ' ਮਾਮਲੇ ਦਾ ਜ਼ਿਕਰ ਕੀਤਾ ਹੈ, ਸੋਧੇ ਹੋਏ ਐਕਟ 'ਤੇ ਲਾਗੂ ਹੋਵੇਗਾ।" ਉਨ੍ਹਾਂ ਕਿਹਾ, "ਕੌਮੀ ਗੀਤ ਕੀ ਹੈ, ਇਸ ਬਾਰੇ ਕੋਈ ਵਿਵਾਦ ਨਹੀਂ ਹੈ। ਬਿਜੋਏ ਇਮੈਨੁਅਲ ਮਾਮਲੇ 'ਚ ਕਾਨੂੰਨ ਦੀ ਪਰਿਭਾਸ਼ਾ ਨੂੰ ਹਾਲੇ ਤੱਕ ਚੁਣੌਤੀ ਨਹੀਂ ਦਿੱਤੀ ਗਈ ਹੈ। ਇਹ ਜਮਹੂਰੀ ਮੁਲਕ ਨੇ ਤੈਅ ਕਰਨਾ ਹੈ ਕਿ ਕੌਮੀ ਗੀਤ ਕੀ ਹੈ, ਦੋ ਪੈਰੇ ਜਾਂ ਚਾਰ ਪੈਰੇ, ਪਰ ਕੋਈ ਵੀ ਵਿਅਕਤੀ ਜਿਸ ਨੂੰ ਧਾਰਾ 25 ਤੇ 26 ਦੇ ਅਧਿਕਾਰਾਂ (ਧਰਮ ਦੀ ਆਜ਼ਾਦੀ ਦਾ ਮੌਲਿਕ ਅਧਿਕਾਰ) ਦੀ ਉਲੰਘਣਾ ਮਹਿਸੂਸ ਹੁੰਦੀ ਹੈ ਜਾਂ ਜੋ ਵਿਵੇਕਸ਼ੀਲ ਇਤਰਾਜ਼ ਕਰਨ ਵਾਲਾ ਹੈ, ਉਸ (ਦੰਡਕਾਰੀ ਨਤੀਜਿਆਂ) ਦਾ ਸਾਹਮਣਾ ਨਹੀਂ ਕਰਨਾ ਪਵੇਗਾ।"

ਕ੍ਰਿਸ਼ਨਾ ਦੀ ਪਟੀਸ਼ਨ ਕੌਮੀ ਮਾਣ ਦੇ ਅਪਮਾਨ ਸਬੰਧੀ ਰੋਕਥਾਮ ਐਕਟ-1971 ਦੀ ਧਾਰਾ 3 ਨੂੰ ਚੁਣੌਤੀ ਦਿੰਦੀ ਹੈ ਜਿਸ 'ਚ 2026 'ਚ ਸੋਧ ਕੀਤੀ ਗਈ ਸੀ। ਨਾਲ ਹੀ 28 ਜਨਵਰੀ ਅਤੇ 9 ਜੁਲਾਈ 2026 ਦੇ ਗ੍ਰਹਿ ਮੰਤਰਾਲੇ ਦੇ ਹੁਕਮਾਂ ਨੂੰ ਵੀ ਚੁਣੌਤੀ ਦਿੱਤੀ ਗਈ ਹੈ। ਸੋਧੇ ਹੋਏ ਐਕਟ ਦੀ ਧਾਰਾ 3 ਤਹਿਤ ਕਿਸੇ ਵੀ ਅਜਿਹੇ ਵਿਅਕਤੀ ਲਈ ਤਿੰਨ ਸਾਲ ਤੱਕ ਦੀ ਕੈਦ ਜਾਂ ਜੁਰਮਾਨਾ ਜਾਂ ਦੋਵੇਂ ਸਜ਼ਾਵਾਂ ਦਾ ਪ੍ਰਬੰਧ ਹੈ ਜਿਹੜਾ ਜਾਣਬੁੱਝ ਕੇ ਰਾਸ਼ਟਰੀ ਤਰਾਨਾ ਜਾਂ ਕੌਮੀ ਗੀਤ ਗਾਉਣ 'ਚ ਅੜਿੱਕਾ ਡਾਹੁੰਦਾ ਹੈ ਜਾਂ ਇਹ ਗਾਉਣ ਲਈ ਜੁੜੇ ਇਕੱਠ ਵਿੱਚ ਵਿਘਨ ਪਾਉਂਦਾ ਹੈ।

ਸਾਬਕਾ ਵਿਧਾਇਕ ਰਵਿੰਦਰ...

ਸਬੰਧਤ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਅਵਤਾਰ ਸਿੰਘ ਬਿੱਲਾ ਨੂੰ ਜਦੋਂ ਸੁਖਬੀਰ ਸਿੰਘ ਬਾਦਲ ਨੇ ਸ਼੍ਰੋਮਣੀ ਅਕਾਲੀ ਦਲ ਵਿੱਚ ਸ਼ਾਮਲ ਕੀਤਾ ਸੀ, ਤਾਂ ਬ੍ਰਹਮਪੁਰਾ ਨੇ ਇਸ ਦਾ ਖੁੱਲ੍ਹ ਕੇ ਵਿਰੋਧ ਜਤਾਇਆ ਸੀ। ਉਨ੍ਹਾਂ ਜਨਤਕ ਤੌਰ 'ਤੇ ਦੋਸ਼ ਲਾਇਆ ਸੀ।

ਕਿ ਬਿੱਲਾ ਦੀਆਂ ਪਿਛਲੀਆਂ ਤਿੰਨ ਪੀੜ੍ਹੀਆਂ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੀਆਂ ਰਹੀਆਂ ਹਨ। ਇਸ ਸਖ਼ਤ ਵਿਰੋਧ ਦੇ ਬਾਵਜੂਦ ਬਾਅਦ ਵਿੱਚ ਬਿੱਲਾ ਦੀ ਪਤਨੀ ਰਮਨਦੀਪ ਕੌਰ ਸ਼ੇਰੋਂ ਨੂੰ ਖਡੂਰ ਸਾਹਿਬ ਹਲਕੇ ਦਾ ਇੰਚਾਰਜ ਥਾਪ ਦਿੱਤਾ ਗਿਆ ਸੀ। ਬੀਤੀ 13 ਸਤੰਬਰ ਨੂੰ ਖਡੂਰ ਸਾਹਿਬ ਵਿਖੇ ਹੋਈ ਅਕਾਲੀ ਦਲ ਦੀ ਰੈਲੀ ਦੌਰਾਨ ਸਾਬਕਾ ਵਿਧਾਇਕ ਬ੍ਰਹਮਪੁਰਾ ਗ਼ੈਰ-ਹਾਜ਼ਰ ਰਹੇ ਸਨ ਅਤੇ ਉਨ੍ਹਾਂ ਪਾਰਟੀ ਹਾਈਕਮਾਂਡ 'ਤੇ ਤਿੱਖੇ ਸਿਆਸੀ ਤਨਜ਼ ਵੀ ਕਸੇ ਸਨ। ਇਸ ਤੋਂ ਬਾਅਦ 15 ਸਤੰਬਰ ਨੂੰ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਾਰਵਾਈ ਕਰਦਿਆਂ ਰਵਿੰਦਰ ਸਿੰਘ ਬ੍ਰਹਮਪੁਰਾ ਨੂੰ ਪਾਰਟੀ ਵਿੱਚੋਂ ਬਰਖ਼ਾਸਤ ਕਰ ਦਿੱਤਾ ਸੀ। ਦੱਸਣਯੋਗ ਹੈ ਕਿ ਅਕਾਲੀ ਦਲ ਦੇ ਮਰਹੂਮ ਸੀਨੀਅਰ ਆਗੂ ਜਥੇਦਾਰ ਰਣਜੀਤ ਸਿੰਘ ਬ੍ਰਹਮਪੁਰਾ ਤਿੰਨ ਵਾਰ ਕੈਬਨਿਟ ਮੰਤਰੀ ਅਤੇ ਇੱਕ ਵਾਰ ਖਡੂਰ ਸਾਹਿਬ ਤੋਂ ਲੋਕ ਸਭਾ ਮੈਂਬਰ ਰਹੇ ਸਨ ਅਤੇ ਮਾਝਾ ਖੇਤਰ ਵਿੱਚ ਇਸ ਟਕਸਾਲੀ ਪਰਿਵਾਰ ਦਾ ਕਾਫ਼ੀ ਮਜ਼ਬੂਤ ਸਿਆਸੀ ਆਧਾਰ ਹੈ। ਰਵਿੰਦਰ ਸਿੰਘ ਬ੍ਰਹਮਪੁਰਾ ਦੇ 'ਆਪ' ਵਿੱਚ ਸ਼ਾਮਲ ਹੋਣ ਦੀ ਚਰਚਾ ਪਹਿਲਾਂ ਤੋਂ ਹੀ ਸਿਆਸੀ ਗਲਿਆਰਿਆਂ ਵਿੱਚ ਜ਼ੋਰਾਂ 'ਤੇ ਸੀ। ਮੰਗਲਵਾਰ ਨੂੰ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਹੋਈ ਅਹਿਮ ਮੀਟਿੰਗ ਤੋਂ ਬਾਅਦ ਰਵਿੰਦਰ ਸਿੰਘ ਬ੍ਰਹਮਪੁਰਾ ਆਪਣੇ ਸਾਥੀਆਂ ਸਮੇਤ 'ਆਪ' ਪਰਿਵਾਰ ਦਾ ਹਿੱਸਾ ਬਣ ਗਏ। ਆਮ ਆਦਮੀ ਪਾਰਟੀ ਦਾ ਪੱਲਾ ਫੜਦਿਆਂ ਹੀ ਬ੍ਰਹਮਪੁਰਾ ਨੇ ਆਖਿਆ ਕਿ ਧਾਰਮਿਕ ਬੇਅਦਬੀ ਦੇ ਮਾਮਲਿਆਂ ਨੂੰ ਲੈ ਕੇ ਭਗਵੰਤ ਮਾਨ ਸਰਕਾਰ ਨੇ ਕਾਨੂੰਨ ਵਿੱਚ ਸੋਧ ਕਰਕੇ ਸਮੁੱਚੀ ਸਿੱਖ ਕੌਮ ਦੇ ਦਿਲ ਜਿੱਤੇ ਹਨ। ਉਨ੍ਹਾਂ ਸ਼੍ਰੋਮਣੀ ਅਕਾਲੀ ਦਲ 'ਤੇ ਵਰ੍ਹਦਿਆਂ ਕਿਹਾ ਕਿ ਹੁਣ ਅਕਾਲੀ ਦਲ ਵਿੱਚ ਕੋਈ ਵੀ ਟਕਸਾਲੀ ਆਗੂ ਨਹੀਂ ਬਚਿਆ। ਸੰਤ ਹਰਚੰਦ ਸਿੰਘ ਲੌਂਗੋਵਾਲ, ਜਥੇਦਾਰ ਜਗਦੇਵ ਸਿੰਘ ਤਲਵੰਡੀ, ਪ੍ਰੇਮ ਸਿੰਘ ਲਾਲਪੁਰਾ, ਮੋਹਨ ਸਿੰਘ ਤੁੜ, ਕੈਪਟਨ ਕੰਵਲਜੀਤ ਸਿੰਘ, ਜਥੇਦਾਰ ਰਤਨ ਸਿੰਘ ਅਜਨਾਲਾ ਅਤੇ ਜਥੇਦਾਰ ਸੇਵਾ ਸਿੰਘ ਸੇਖਵਾਂ ਸਮੇਤ ਕਈ ਮੋਹਰੀ ਟਕਸਾਲੀ ਪਰਿਵਾਰ ਹੁਣ ਬਾਦਲ ਦਲ ਨਾਲੋਂ ਆਪਣਾ ਨਾਤਾ ਤੋੜ ਚੁੱਕੇ ਹਨ। ਬ੍ਰਹਮਪੁਰਾ ਨੇ ਦੋਸ਼ ਲਾਇਆ ਕਿ ਸੁਖਬੀਰ ਸਿੰਘ ਬਾਦਲ ਨੇ ਆਪਣੇ ਅੰਦਰਲੇ ਹੰਕਾਰ ਕਾਰਨ ਬਿੱਲਾ ਪਰਿਵਾਰ ਨੂੰ ਖਡੂਰ ਸਾਹਿਬ ਦਾ ਹਲਕਾ ਇੰਚਾਰਜ ਬਣਾਇਆ, ਜਿਸ ਦੇ ਗੰਭੀਰ ਸਿਆਸੀ ਸਿੱਟੇ ਸਮੁੱਚੇ ਸ਼੍ਰੋਮਣੀ ਅਕਾਲੀ ਦਲ ਨੂੰ ਭੁਗਤਣੇ ਪੈਣਗੇ।

ਅੱਠ ਕਾਰਕੁੰਨ 13...

(ਚੀਨ ਦੇ ਬਣੇ), ਇੱਕ 9ਐਮਐਮ ਅਤੇ ਅੱਠ .30 ਬੋਰ ਦੇ ਪਿਸਤੌਲ ਸ਼ਾਮਲ ਹਨ। ਪਿਸਤੌਲਾਂ ਦੀ ਬਰਾਮਦਗੀ ਤੋਂ ਇਲਾਵਾ ਪੁਲਿਸ ਟੀਮਾਂ ਨੇ ਤਸਕਰੀ ਦੀਆਂ ਗਤੀਵਿਧੀਆਂ ਲਈ ਵਰਤੇ ਜਾ ਰਹੇ ਉਨ੍ਹਾਂ ਦੇ ਐਕਟਿਵਾ ਸਕੂਟਰ ਨੂੰ ਵੀ ਜ਼ਬਤ ਕਰ ਲਿਆ ਹੈ। ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਕਥਿਤ ਤੌਰ 'ਤੇ ਵਿਦੇਸ਼ੀ ਤਸਕਰਾਂ ਨਾਲ ਜੁੜੇ ਹੋਏ ਸਨ ਅਤੇ ਗੈਰ-ਕਾਨੂੰਨੀ ਹਥਿਆਰ ਖਰੀਦ ਕੇ ਅੱਗੇ ਸਪਲਾਈ ਕਰ ਰਹੇ ਸਨ। ਉਨ੍ਹਾਂ ਦੱਸਿਆ ਕਿ ਪੁਲਿਸ ਨੇ ਮੁਲਜ਼ਮਾਂ ਅਤੇ ਗੈਰ-ਕਾਨੂੰਨੀ ਹਥਿਆਰ ਸਪਲਾਈ ਨੈੱਟਵਰਕ ਵਿੱਚ ਸ਼ਾਮਲ ਹੋਰ ਕਾਕਰੁੰਨਾਂ ਦੇ ਸਬੰਧਾਂ ਦਾ ਵੀ ਪਤਾ ਲਗਾਇਆ ਹੈ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧ ਸਥਾਪਿਤ ਕੀਤੇ ਜਾ ਰਹੇ ਹਨ ਅਤੇ ਕੇਸ ਵਿੱਚ ਸ਼ਾਮਲ ਹੋਰ ਕਾਰਕੁੰਨਾਂ ਦਾ ਪਤਾ ਲਗਾਉਣ ਅਤੇ ਹਥਿਆਰ ਤਸਕਰੀ ਨੈੱਟਵਰਕ ਨੂੰ ਬੇਅਸਰ ਕਰਨ ਲਈ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।

ਸੰਗਰੂਰ: ਮਾਂ ਨੇ...

ਦਿੱਤਾ ਸੀ, ਜਦੋਂ ਤਿੰਨ ਨਾਬਾਲਗ ਬੱਚਿਆਂ ਦੀ ਸ਼ੱਕੀ ਹਾਲਾਤਾਂ ਵਿੱਚ ਮੌਤ ਹੋ ਗਈ ਸੀ। ਮਰਨ ਵਾਲੇ ਬੱਚਿਆਂ ਵਿੱਚ 6 ਸਾਲਾ ਜਸਨੂਰ ਕੌਰ, 5 ਸਾਲਾ ਅਰਮਾਨਦੀਪ ਸਿੰਘ ਅਤੇ ਢਾਈ ਸਾਲਾ ਰਿਹਾਨਦੀਪ ਸਿੰਘ ਸ਼ਾਮਲ ਸਨ। ਸ਼ੁਰੂਆਤੀ ਬਿਆਨਾਂ ਵਿੱਚ ਕਿਹਾ ਗਿਆ ਸੀ ਕਿ ਰੱਖੜੀ ਦੇ ਕਰੀਬ ਬੱਚਿਆਂ ਨੇ ਬਾਜ਼ਾਰੋਂ ਆਈ ਮਿਠਾਈ ਖਾਧੀ ਸੀ, ਜਿਸ ਕਾਰਨ ਫੂਡ ਪੁਆਇਜ਼ਨਿੰਗ ਨਾਲ ਉਨ੍ਹਾਂ ਦੀ ਜਾਨ ਚਲੀ ਗਈ। ਪੁਲਿਸ ਵੱਲੋਂ ਕੀਤੀ ਗਈ ਗੁਪਤ ਜਾਂਚ ਵਿੱਚ ਬੇਹੱਦ ਹੈਰਾਨੀਜਨਕ ਅਤੇ ਖ਼ੌਫ਼ਨਾਕ ਸੱਚ ਸਾਹਮਣੇ ਆਇਆ।

ਅਮਿਤ ਸ਼ਾਹ ਨੂੰ...

ਵਿੱਚ ਮਿਲੀਭੁਗਤ ਕਰਨ ਵਾਲੇ ਅਧਿਕਾਰੀਆਂ ਖ਼?ਲਾਫ਼ ਕਾਰਵਾਈ ਕਰਨ, ਪਾਕਿਸਤਾਨ ਸਰਹੱਦ ਦਾ ਦੌਰਾ ਕਰਨ ਅਤੇ ਡਰੋਨਾਂ ਰਾਹੀਂ ਹੋ ਰਹੀ ਨਸ਼ਿਆਂ ਦੀ ਤਸਕਰੀ ਨੂੰ ਰੋਕਣ ਲਈ ਠੋਸ ਕਦਮ ਚੁੱਕਣ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਪੰਜਾਬ ਦਾ ਨਹੀਂ, ਸਗੋਂ ਰਾਸ਼ਟਰੀ ਸੁਰੱਖਿਆ ਦਾ ਮਾਮਲਾ ਹੈ।

ਗੈਂਗਸਟਰਵਾਦ 'ਤੇ ਬੋਲਦਿਆਂ ਰੰਧਾਵਾ ਨੇ ਕਿਹਾ ਕਿ ਜੱਗੂ ਭਗਵਾਨਪੁਰੀਆ ਖ਼?ਲਾਫ਼ 128 ਕੇਸ ਦਰਜ ਹਨ, ਫਿਰ ਵੀ ਉਹ ਜੇਲ੍ਹ ਵਿੱਚ ਬੈਠ ਕੇ ਆਪਣਾ ਨੈੱਟਵਰਕ ਚਲਾ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਉਸ ਦਾ ਨੈੱਟਵਰਕ ਸਿਰਫ਼ ਪੰਜਾਬ ਹੀ ਨਹੀਂ, ਸਗੋਂ ਵਿਦੇਸ਼ਾਂ ਤੱਕ ਫੈਲਿਆ ਹੋਇਆ ਹੈ, ਜਿਸ ਵਿੱਚ ਕਰੀਬ 1,000 ਮੈਂਬਰ ਹਨ ਅਤੇ ਇਨ੍ਹਾਂ ਵਿੱਚੋਂ 100 ਮੈਂਬਰ ਅਮਰੀਕਾ ਵਿੱਚ ਹਨ। ਉਨ੍ਹਾਂ ਇਹ ਵੀ ਦੋਸ਼ ਲਗਾਇਆ ਕਿ ਜੱਗੂ ਪੰਜਾਬ ਪੁਲਿਸ ਦੀ ਮਿਲੀਭੁਗਤ ਨਾਲ ਆਪਣਾ ਨੈੱਟਵਰਕ ਚਲਾ ਰਿਹਾ ਹੈ।

ਸੰਪਾਦਕ-ਦਵਿੰਦਰ ਕੁਮਾਰ ਨੇ ਪ੍ਰਿੰਟਰ, ਇੰਮਪ੍ਰੈਸ਼ਨ ਪ੍ਰਿੰਟਿਗ ਅਤੇ ਪੈਕਿੰਗ ਲਿਮਿਟਿਡ, ਪਲਾਟ 22 ਅਤੇ 49 ਜੀਐਫ਼, ਇੰਡਰਸਟਰੀ ਏਰੀਆ, ਫ਼ੇਸ-2 ਪੰਚਕੂਲਾ (ਹਰਿਆਣਾ) ਤੋਂ ਪ੍ਰਕਾਸ਼ਿਤ Title code : CHAMUL00914
Editor-Davinder Kumar printed at Impression Printing & Packaging Ltd.Plot 22 & 49GF, Industrial Area, Phase-2 Panchkula(Haryana)-134115

ਐਡਵੋਕੇਟ ਸੁਰਿੰਦਰ ਰਾਣਾ ਪ੍ਰਧਾਨ ਅਤੇ ਐਡਵੋਕੇਟ ਗੌਰਵ ਗਰਗ ਨੂੰ ਮਹਾਸਚਿਵ ਬਣਨ ’ਤੇ ਕੀਤਾ ਸਨਮਾਨਿਤ : ਸੰਜੀਵ ਅਰੋੜਾ

ਪੈਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਭਾਰਤ ਵਿਕਾਸ ਪਰਿਸ਼ਦ ਵੱਲੋਂ ਪ੍ਰਧਾਨ ਅਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਦੀ ਅਗਵਾਈ ਹੇਠ ਟੈਕਸੇਸ਼ਨ ਬਾਰ ਐਸੋਸੀਏਸ਼ਨ ਦੇ ਨਵ-ਨਿਯੁਕਤ ਪ੍ਰਧਾਨ ਐਡਵੋਕੇਟ ਸੁਰਿੰਦਰ ਰਾਣਾ ਅਤੇ ਮਹਾਸਚਿਵ ਐਡਵੋਕੇਟ ਗੌਰਵ ਗਰਗ ਨੂੰ ਸਨਮਾਨਿਤ ਕੀਤਾ ਗਿਆ।

ਇਸ ਮੌਕੇ ਭਾਰਤ ਵਿਕਾਸ ਪਰਿਸ਼ਦ ਦੇ ਅਹੁਦੇਦਾਰਾਂ ਅਤੇ ਮੈਂਬਰਾਂ ਨੇ ਦੋਵਾਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਸਫ਼ਲ ਕਾਰਜਕਾਲ ਦੀ ਕਾਮਨਾ ਕੀਤੀ। ਇਸ ਮੌਕੇ ਭਾਰਤ ਵਿਕਾਸ ਪਰਿਸ਼ਦ ਦੇ ਪ੍ਰਧਾਨ ਅਤੇ ਪ੍ਰਮੁੱਖ ਸਮਾਜਸੇਵੀ ਸੰਜੀਵ ਅਰੋੜਾ ਨੇ ਕਿਹਾ ਕਿ ਕਰ ਪ੍ਰਣਾਲੀ ਦੇਸ਼ ਦੀ ਆਰਥਿਕ ਵਿਵਸਥਾ ਦਾ ਇੱਕ ਮਹੱਤਵਪੂਰਨ ਆਧਾਰ ਹੈ। ਸਮੇਂ ਸਿਰ ਅਤੇ ਸਹੀ ਢੰਗ ਨਾਲ ਕਰਾਂ ਦੀ ਅਦਾਇਗੀ ਕਰਨ ਨਾਲ ਸਰਕਾਰ ਨੂੰ ਵਿਕਾਸ ਕਾਰਜਾਂ, ਲੋਕ-ਭਲਾਈ ਯੋਜਨਾਵਾਂ ਅਤੇ ਬੁਨਿਆਦੀ ਢਾਂਚੇ ਲਈ ਲੋੜੀਂਦੇ ਸਰੋਤ ਪ੍ਰਾਪਤ ਹੁੰਦੇ ਹਨ। ਉਨ੍ਹਾਂ ਕਿਹਾ ਕਿ ਟੈਕਸੇਸ਼ਨ ਬਾਰ ਐਸੋਸੀਏਸ਼ਨ ਨਾਲ ਜੁੜੇ ਵਕੀਲ ਕਰਦਾਤਾਵਾਂ ਨੂੰ ਕਰ ਕਾਨੂੰਨਾਂ ਅਤੇ ਨਿਯਮਾਂ ਦੀ ਸਹੀ ਜਾਣਕਾਰੀ ਦੇਣ ਦੇ ਨਾਲ-ਨਾਲ ਕਰ ਸਬੰਧੀ ਮਾਮਲਿਆਂ ਵਿੱਚ ਉਚਿਤ ਮਾਰਗਦਰਸ਼ਨ ਪ੍ਰਦਾਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਸੰਜੀਵ ਅਰੋੜਾ ਨੇ ਕਿਹਾ ਕਿ ਵਕੀਲ ਸਮਾਜ ਅਤੇ ਨਿਆਂ ਪ੍ਰਣਾਲੀ ਦੇ ਮਹੱਤਵਪੂਰਨ ਸਤੰਭ ਹਨ। ਟੈਕਸੇਸ਼ਨ ਨਾਲ ਜੁੜੇ ਵਕੀਲਾਂ ਦੀ ਜ਼ਿੰਮੇਵਾਰੀ ਹੋਰ ਵੀ ਮਹੱਤਵਪੂਰਨ ਹੋ ਜਾਂਦੀ ਹੈ, ਕਿਉਂਕਿ ਉਹ ਕਰਦਾਤਾਵਾਂ ਅਤੇ ਕਰ ਪ੍ਰਣਾਲੀ ਵਿਚਕਾਰ ਇੱਕ ਅਹਿਮ ਕੜੀ ਵਜੋਂ ਕੰਮ ਕਰਦੇ ਹਨ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਨਵ-ਨਿਯੁਕਤ ਪ੍ਰਧਾਨ ਐਡਵੋਕੇਟ ਸੁਰਿੰਦਰ ਰਾਣਾ ਅਤੇ ਮਹਾਸਚਿਵ ਐਡਵੋਕੇਟ ਗੌਰਵ ਗਰਗ ਆਪਣੇ ਤਜਰਬੇ, ਯੋਗਤਾ ਅਤੇ ਸਕਾਰਾਤਮਕ ਸੋਚ ਨਾਲ ਐਸੋਸੀਏਸ਼ਨ ਨੂੰ ਹੋਰ ਮਜ਼ਬੂਤ ਕਰਨਗੇ ਅਤੇ ਵਕੀਲਾਂ ਤੇ ਕਰਦਾਤਾਵਾਂ ਨਾਲ ਸਬੰਧਤ ਮੁੱਦਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਅੱਗੇ ਲੈ ਕੇ ਜਾਣਗੇ।

ਟੈਕਸੇਸ਼ਨ ਬਾਰ ਐਸੋਸੀਏਸ਼ਨ ਦੇ ਨਵ-ਨਿਯੁਕਤ ਪ੍ਰਧਾਨ ਐਡਵੋਕੇਟ ਸੁਰਿੰਦਰ ਰਾਣਾ ਅਤੇ ਮਹਾਸਚਿਵ ਐਡਵੋਕੇਟ ਗੌਰਵ ਗਰਗ ਨੇ ਭਾਰਤ ਵਿਕਾਸ ਪਰਿਸ਼ਦ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਲਈ ਪ੍ਰੇਰਣਾ ਦਾ ਸਰੋਤ ਹੈ। ਉਨ੍ਹਾਂ ਕਿਹਾ ਕਿ ਐਸੋਸੀਏਸ਼ਨ ਦੇ ਸਮੂਹ ਮੈਂਬਰਾਂ ਦੇ ਸਹਿਯੋਗ ਨਾਲ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਕੰਮ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਵਕੀਲਾਂ ਦੇ ਹਿੱਤਾਂ ਦੀ ਰੱਖਿਆ, ਆਪਸੀ ਸਹਿਯੋਗ, ਪੇਸ਼ੇਵਰ ਮਰਯਾਦਾ ਅਤੇ ਕਰ ਸਬੰਧੀ ਮਾਮਲਿਆਂ ਵਿੱਚ ਲੋਕਾਂ ਨੂੰ ਉਚਿਤ ਮਾਰਗਦਰਸ਼ਨ ਪ੍ਰਦਾਨ ਕਰਨਾ ਉਨ੍ਹਾਂ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਰਹੇਗਾ।ਉਨ੍ਹਾਂ ਭਾਰਤ ਵਿਕਾਸ ਪਰਿਸ਼ਦ ਵੱਲੋਂ ਸਮਾਜਸੇਵਾ ਦੇ ਖੇਤਰ ਵਿੱਚ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮਾਜਿਕ ਸੰਸਥਾਵਾਂ ਅਤੇ ਵਕੀਲ ਵਰਗ ਵਿਚਕਾਰ ਸਕਾਰਾਤਮਕ ਸਹਿਯੋਗ ਸਮਾਜ ਲਈ ਲਾਹੇਵੰਦ ਸਾਬਤ ਹੋ ਸਕਦਾ ਹੈ। ਉਨ੍ਹਾਂ ਪਰਿਸ਼ਦ ਵੱਲੋਂ ਦਿੱਤੇ ਸਨਮਾਨ ਅਤੇ ਸ਼ੁਭਕਾਮਨਾਵਾਂ ਲਈ ਵਿਸ਼ੇਸ਼ ਤੌਰ ’ਤੇ ਧੰਨਵਾਦ ਕੀਤਾ।

ਇਸ ਮੌਕੇ ਭਾਰਤ ਵਿਕਾਸ ਪਰਿਸ਼ਦ ਦੇ ਮੈਂਬਰਾਂ ਵੱਲੋਂ ਨਵ-ਨਿਯੁਕਤ ਅਹੁਦੇਦਾਰਾਂ ਨੂੰ ਫੁੱਲਾਂ ਦੇ ਗੁਲਦਸਤੇ ਅਤੇ ਸਨਮਾਨ ਦੇ ਕੇ ਅਭਿਨੰਦਨ ਕੀਤਾ ਗਿਆ। ਹਾਜ਼ਰ ਮੈਂਬਰਾਂ ਨੇ ਦੋਵਾਂ ਅਹੁਦੇਦਾਰਾਂ ਦੇ ਸਫ਼ਲ ਕਾਰਜਕਾਲ ਦੀ ਕਾਮਨਾ ਕਰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਉਨ੍ਹਾਂ ਦੀ ਅਗਵਾਈ ਹੇਠ ਟੈਕਸੇਸ਼ਨ ਬਾਰ ਐਸੋਸੀਏਸ਼ਨ ਨਵੀਆਂ ਉਪਲਬਧੀਆਂ ਹਾਸਲ ਕਰੇਗੀ।ਇਸ ਮੌਕੇ ਐਡਵੋਕੇਟ ਅਵਤਾਰ ਸਿੰਘ ਕੰਗ ਵਾਈਸ ਪ੍ਰੈਜ਼ੀਡੈਂਟ, ਐਡਵੋਕੇਟ ਰਾਹੁਲ ਪਾਸੀ ਸੀਨੀਅਰ ਜੁਆਇੰਟ ਸਕੱਤਰ, ਐਡਵੋਕੇਟ ਹਰੀਸ਼ ਏਰੀ ਚੇਅਰਮੈਨ, ਐਡਵੋਕੇਟ ਐਸ.ਪੀ. ਜੋਸ਼ੀ ਵਾਈਸ ਚੇਅਰਮੈਨ, ਐਡਵੋਕੇਟ ਨਰਿੰਦਰ ਜੋਸ਼ੀ ਕੋਆਰਡੀਨੇਟਰ, ਅੰਕਿਤ ਕੁੰਦਰਾ, ਮਹਾਸਚਿਵ ਅਖਿਲ ਭਾਰਤੀ ਵਿਦਿਆਰਥੀ ਪਰਿਸ਼ਦ, ਵਿਨੋਦ ਪਰਮਾਰ ਅਤੇ ਪਰਿਸ਼ਦ ਵੱਲੋਂ ਵਿਜੇ ਅਰੋੜਾ, ਸ਼ਾਖਾ ਬੱਗਾ, ਅਸ਼ਵਨੀ ਕੁਮਾਰ ਦੱਤਾ, ਅਜੇ ਚਾਵਲਾ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਈਸ਼ਾਨ ਦੇ ਵਾਸਤੂ ਦੋਸ਼ ਰੋਗਾਂ ਦੇ ਜਨਕ ਮੰਨੇ ਜਾਂਦੇ ਹਨ : ਡਾ. ਭੁਪਿੰਦਰ ਵਾਸਤੂਸ਼ਾਸਤਰੀ

ਪੈਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਮਨੁੱਖ ਦੀ ਜ਼ਿੰਦਗੀ ਵਿੱਚ ਤਿੰਨ ਮੂਲ ਭੂਤ ਜ਼ਰੂਰਤਾਂ ਹੁੰਦੀਆਂ ਹਨਃ ਰੋਟੀ, ਕਪੜਾ ਅਤੇ ਮਕਾਨ। ਸੁਰੱਖਿਆ ਦੇ ਨਜ਼ਰੀਏ ਤੋਂ ਇਨ੍ਹਾਂ ਜ਼ਰੂਰਤਾਂ ਵਿੱਚ ਮਕਾਨ ਮਹੱਤਵਪੂਰਨ ਭੂਮਿਕਾ ਅਦਾ ਕਰਦਾ ਹੈ। ਜੇਕਰ ਭਵਨ ਵਿੱਚ ਵਾਸਤੂ ਦੋਸ਼ ਰਹਿ ਜਾਵੇ ਜਾਂ ਵਾਸਤੂ ਦੂਸ਼ਿਤ ਬਣ ਜਾਵੇ, ਤਾਂ ਉਹੀ ਮਕਾਨ ਰੱਖਿਅਕ ਦੀ ਜਗ?ਹਾ ਭੱਖਕ ਦਾ ਰੂਪ ਧਾਰਨ ਕਰ ਲੈਂਦਾ ਹੈ; ਅਜਿਹਾ ਮੰਨਣਾ ਹੈ ਅੰਤਰਰਾਸ਼ਟਰੀ ਖਿਆਤੀ ਪ੍ਰਾਪਤ ਵਾਸਤੂਵਿਦ ਅਤੇ ਲੇਖਕ ਡਾ. ਭੁਪਿੰਦਰ ਵਾਸਤੂਸ਼ਾਸਤਰੀ ਦਾ।

ਈਸ਼ਾਨ ਕੋਣ ਅਤੇ ਵਾਸਤੂ ਦੋਸ਼ ਦਾ ਸਿਹਤ ’ਤੇ ਅਸਰ

ਈਸ਼ਾਨ ਕੋਣ (ਉੱਤਰ-ਪੂਰਬ ਦਿਸ਼ਾ) ਨੂੰ ਵਾਸਤੂ ਸ਼ਾਸਤਰ ਵਿੱਚ ਬਹੁਤ ਪਵਿੱਤਰ ਅਤੇ ਸ਼ੁਭ ਮੰਨਿਆ ਜਾਂਦਾ ਹੈ; ਇਹ ਜਲ ਅਤੇ ਭਗਵਾਨ ਸ਼ਿਵ ਦਾ ਸਥਾਨ ਮੰਨਿਆ ਜਾਂਦਾ ਹੈ ਅਤੇ ਗੁਰੂ ਗ੍ਰਹਿ ਇਸ ਦਿਸ਼ਾ ਦਾ ਸਵਾਮੀ ਹੁੰਦਾ ਹੈ। ਜੇਕਰ ਕਿਸੇ ਭਵਨ ਵਿੱਚ ਈਸ਼ਾਨ ਕੋਣ ਵਿੱਚ ਵਾਸਤੂ ਦੋਸ਼ ਹੋਵੇ—ਜਿਵੇਂ ਈਸ਼ਾਨ ਵਿੱਚ ਭਾਰੀ ਅਤੇ ਉੱਚਾ ਨਿਰਮਾਣ, ਕਬਾੜ ਘਰ, ਸੀੜ੍ਹੀਆਂ, ਸ਼ੌਚਾਲਯ, ਰਸੋਈਘਰ, ਬਿਜਲੀ ਦਾ ਟਰਾਂਸਫਾਰਮਰ, ਜਾਂ ਅੱਗ ਨਾਲ ਜੁੜੇ ਕਾਰਜ—ਤਾਂ ਅਜਿਹੇ ਘਰਾਂ ਵਿੱਚ ਬੀਮਾਰੀਆਂ ਸਥਾਈ ਰੂਪ ਵਿੱਚ ਵਾਸ ਕਰ ਸਕਦੀਆਂ ਹਨ।

ਖਾਸ ਸਥਿਤੀਆਂ ਅਤੇ ਸੰਭਾਵਿਤ ਪ੍ਰਭਾਵ



ਜੇਕਰ ਈਸ਼ਾਨ ਕੋਣ ਵਿੱਚ ਵਾਸਤੂ ਦੋਸ਼ ਹੈ ਅਤੇ ਭਵਨ ਵਿੱਚ ਪੂਰਬ ਦਿਸ਼ਾ ਵੀ ਦੂਸ਼ਿਤ ਹੈ, ਤਾਂ ਬਜ਼ੁਰਗ ਵਿਅਕਤੀ ਨੂੰ ਜ਼ਿਆਦਾ ਪਰੇਸ਼ਾਨੀ ਹੁੰਦੀ ਹੈ। ਈਸ਼ਾਨ ਦੇ ਨਾਲ ਅਗਨੇਯ (ਦੱਖਣ-ਪੂਰਬ) ਦੋਸ਼ ਹੋਵੇ ਤਾਂ ਉਕਤ ਬੀਮਾਰੀਆਂ ਅਚਾਨਕ ਹਾਦਸਿਆਂ ਕਾਰਨ ਹੋ ਸਕਦੀਆਂ ਹਨ। ਦੱਖਣ ਦੇ ਦੋਸ਼ ਜੇਕਰ ਈਸ਼ਾਨ ਨਾਲ ਜੁੜ ਜਾਣ ਤਾਂ ਬੀਮਾਰੀ ਸ਼ਲਯ ਚਿਕਿਤਸਾ (ਸਰਜਰੀ) ਦੇ ਰੂਪ ਵਿੱਚ ਵਿਕਰਾਲ ਰੂਪ ਧਾਰਨ ਕਰ ਸਕਦੀ ਹੈ। ਨੈਰਤਿ (ਦੱਖਣ-ਪੱਛਮ) ਦੇ ਵਾਸਤੂ ਦੋਸ਼ ਰਹੱਸਮਈ ਬੀਮਾਰੀ ਬਣ ਸਕਦੇ ਹਨਃ ਘਰ ਵਿੱਚ ਬੀਮਾਰੀ ਸਿਰ ਚੜ੍ਹ ਕੇ ਬੋਲੇਗੀ, ਚਿਕਿਤਸਕ ਨਾਲ ਸੰਪਰਕ ਵਿੱਚ ਆਉਂਦਿਆਂ ਹੀ ਖਤਮ ਹੋ ਜਾਵੇਗੀ, ਪਰ ਘਰ ਵਿੱਚ ਵਾਪਸ ਆਉਣ ਨਾਲ ਫਿਰ ਬੀਮਾਰੀ ਦਾ ਰਹੱਸ ਬਰਕਰਾਰ ਰਹੇਗਾ; ਇਸ ਰਹੱਸ ਨਾਲ ਮਰਨ-ਤੁਲ ਕਸ਼ਟ ਵੀ ਪੈਦਾ ਹੋ ਸਕਦੇ ਹਨ।

ਈਸ਼ਾਨ ਦੇ ਨਾਲ ਜੇਕਰ ਪੱਛਮ (ਪੱਛਮੀ) ਦੋਸ਼ ਜੁੜ ਜਾਣ ਤਾਂ ਬੇਲੋੜੀ ਚਿੰਤਾ ਝੱਲਣੀ ਪੈਂਦੀ ਹੈ।

ਵਾਯਵਯ (ਉੱਤਰ-ਪੱਛਮ) ਦੇ ਦੋਸ਼ ਬੀਮਾਰੀ ਵਿੱਚ ਸੰਕਰਮਣ ਦਾ ਕਾਰਨ ਬਣ ਸਕਦੇ ਹਨ।

ਉੱਤਰ ਦਿਸ਼ਾ ਦੇ ਦੋਸ਼ ਖਾਸ ਤੌਰ ’ਤੇ ਮਹਿਲਾ ਵਰਗ ’ਤੇ ਹਾਵੀ ਹੁੰਦੇ ਹਨ ਅਤੇ ਤਵਚਾ-ਜਨਿਤ ਬੀਮਾਰੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਈਸ਼ਾਨ ਦੇ ਦੋਸ਼ ਵਿੱਚ ਜੇਕਰ ਈਸ਼ਾਨ ਦਾ ਦਰਵਾਜ਼ਾ (ਦਵਾਰ) ਦੋਸ਼ ਹੋ ਜਾਵੇ ਤਾਂ ਬਾਲਕ ਵਰਗ ਅਤੇ ਬਜ਼ੁਰਗਾਂ ਨੂੰ ਨਾ-ਨਾ ਤਰ੍ਹਾਂ ਦੀਆਂ ਬਿਮਾਰੀਆਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

ਪ੍ਰਚੱਲਤ ਕਹਾਵਤ

ਈਸ਼ਾਨ ਦੀ ਰਸੋਈ ਲਈ ਇੱਕ ਕਹਾਵਤ ਪ੍ਰਚੱਲਤ ਹੈਃ “ਜਿਸ ਘਰ ਈਸ਼ਾਨ ਅਗਨ ਜਲਾਵੇ, ਉਸ ਘਰ ਬੂ?ਹੇ ਸੁਖ ਨ ਪਾਵੇ।” ਇਸਦਾ ਭਾਵ ਹੈ ਕਿ ਜੇਕਰ ਈਸ਼ਾਨ ਕੋਣ ਵਿੱਚ ਰਸੋਈ (ਅੱਗ) ਹੋਵੇ ਤਾਂ ਘਰ ਦੇ ਬਜ਼ੁਰਗਾਂ ਨੂੰ ਸੁਖ ਨਹੀਂ ਮਿਲਦਾ ਅਤੇ ਸਿਹਤ ਸੰਬੰਧੀ ਸਮੱਸਿਆਵਾਂ ਵਧ ਸਕਦੀਆਂ ਹਨ।

ਸੰਖੇਪ ਵਿੱਚ

ਵਾਸਤੂ ਸ਼ਾਸਤਰ ਅਨੁਸਾਰ ਈਸ਼ਾਨ ਕੋਣ ਵਿੱਚ ਦੋਸ਼ ਹੋਣ ਨਾਲ ਮਨੁੱਖੀ ਸਿਹਤ ’ਤੇ ਗੰਭੀਰ ਅਤੇ ਲੰਬੇ ਸਮੇਂ ਤੱਕ ਪ੍ਰਭਾਵ ਪੈ ਸਕਦੇ ਹਨ; ਇਸ ਲਈ ਭਵਨ ਨਿਰਮਾਣ ਜਾਂ ਸੁਧਾਰ ਵੇਲੇ ਇਸ ਦਿਸ਼ਾ ਦਾ ਖਾਸ ਧਿਆਨ ਰੱਖਣਾ ਚਾਹੀਦਾ ਹੈ। ਜੇਕਰ ਪਹਿਲਾਂ ਹੀ ਦੋਸ਼ ਮੌਜੂਦ ਹੋਣ ਤਾਂ ਵਾਸਤੂ ਮਾਹਰ ਤੋਂ ਸਲਾਹ ਲੈ ਕੇ ਉਚਿਤ ਉਪਾਅ (ਜਿਵੇਂ ਈਸ਼ਾਨ ਕੋਣ ਨੂੰ ਸਾਫ਼-ਸੁਥਰਾ ਰੱਖਣਾ, ਭਾਰੀ ਨਿਰਮਾਣ ਹਟਾਉਣਾ, ਜਲ-ਤੱਤ ਜਾਂ ਪਵਿੱਤਰ ਚੀਜ਼ਾਂ ਰੱਖਣਾ) ਕਰਨੇ ਚਾਹੀਦੇ ਹਨ।

ਚੱਬੇਵਾਲ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਪਿੰਡ ਘੁਮਿਆਲਾ ਵਿੱਚ ਕੀਤਾ ਡੋਰ-ਟੂ-ਡੋਰ ਮੁਹਿੰਮ ਦਾ ਆਗਾਜ਼

ਪੈਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

‘ਆਪ’ ਦੀ ਸੂਬਾ-ਵਿਆਪੀ ਜਾਗਰੂਕਤਾ ਮੁਹਿੰਮ ਦਾ ਹਿੱਸਾ



ਆਮ ਆਦਮੀ ਪਾਰਟੀ ਦੀ ਸੂਬਾ-ਵਿਆਪੀ ਡੋਰ ਟੂ ਡੋਰ ਜਾਗਰੂਕਤਾ ਮੁਹਿੰਮ ਤਹਿਤ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਅੱਜ ਆਪਣੇ ਹਲਕੇ ਦੇ ਪਿੰਡ ਘੁਮਿਆਲਾ ਵਿੱਚ ਮਾਨ ਦਾ ਮੁਨਾਫ਼ਾ ਦਾ ਸੁਨੇਹਾ ਸਿੱਧਾ ਲੋਕਾਂ ਦੇ ਘਰ-ਘਰ ਤੱਕ ਪਹੁੰਚਾਉਂਦੇ ਹੋਏ ਖੁਦ ਇਸ ਜਾਗਰੂਕਤਾ ਮੁਹਿੰਮ ਦੀ ਅਗਵਾਈ ਕੀਤੀ। ਇਹ ਵਿਸ਼ੇਸ਼ ਮੁਹਿੰਮ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ 21 ਸਤੰਬਰ ਨੂੰ ਧੂਰੀ ਤੋਂ ਸ਼ੁਰੂ ਕੀਤੀ ਗਈ ਸੀ।

ਇਸ ਮੁਹਿੰਮ ਦੌਰਾਨ, ਡਾ. ਇਸ਼ਾਂਕ ਕੁਮਾਰ ਨੇ ਆਪਣੇ ਸਾਥੀਆਂ ਨਾਲ ਘੁਮਿਆਲਾ ਪਿੰਡ ਵਿਚ ਪੈਦਲ ਮਾਰਚ ਕਰ ਹਰ ਘਰ ਤੱਕ ਪਹੁੰਚ ਕੀਤੀ, ਪਰਿਵਾਰਾਂ ਨਾਲ ਬੈਠੇ ਅਤੇ ਉਨ੍ਹਾਂ ਨੂੰ ਦੱਸਿਆ ਕਿ ਕਿਵੇਂ ਸੂਬਾ ਸਰਕਾਰ ਦੀਆਂ ਭਲਾਈ ਸਕੀਮਾਂ — ਮੁਫ਼ਤ ਬਿਜਲੀ, ਮਹਿਲਾਵਾਂ ਨੂੰ ਸਨਮਾਨ ਰਾਸ਼ੀ, ਸਿਹਤ ਸਹੂਲਤਾਂ ਤੋਂ ਲੈ ਕੇ ਸਿੱਖਿਆ ਸਹਾਇਤਾ ਤੱਕ — ਲੋਕਾਂ ਦੀ ਜ਼ਿੰਦਗੀ ਬਦਲ ਰਹੀਆਂ ਹਨ। ਸਰਕਾਰ ਦੇ ਅੰਦਾਜ਼ੇ ਮੁਤਾਬਕ, ਇੱਕ ਔਸਤ ਪੰਜਾਬੀ ਪਰਿਵਾਰ ਨੂੰ ਇਨ੍ਹਾਂ ਤੋਂ ਸਾਲਾਨਾ ?1.82 ਲੱਖ ਤੱਕ ਦੀ ਬੱਚਤ ਹੋ ਰਹੀ ਹੈ। ਉਹਨਾਂ ਕਿਹਾ ਕਿ ਪੰਜਾਬ ਦੇ ਕਈ ਘਰਾਂ ਲਈ, ਇਹ ਸਿਰਫ਼ ਸਰਕਾਰੀ ਰਿਪੋਰਟ ਕਾਰਡ ਦੇ ਅੰਕੜੇ ਨਹੀਂ, ਸਗੋਂ ਅਸਲ ਰਾਹਤ ਹੈ ਜਿਸ ਨੇ ਰੋਜ਼ਮੱਰਾ ਦੇ ਖਰਚਿਆਂ ਦੇ ਬੋਝ ਨੂੰ ਹਲਕਾ ਕੀਤਾ ਹੈ ਅਤੇ ਪਰਿਵਾਰਾਂ ਨੂੰ ਥੋੜ੍ਹੀ ਹੋਰ ਸੁੱਖ ਦੀ ਸਾਹ ਦਿੱਤੀ ਹੈ।


ਘੁਮਿਆਲਾ ਦੇ ਲੋਕਾਂ ਦਾ ਹੁੰਗਾਰਾ ਬੇਹੱਦ ਨਿੱਘਾ ਅਤੇ ਸਕਾਰਾਤਮਕ ਰਿਹਾ। ਇਸ ਦੌਰਾਨ ਕੁਝ ਬਜ਼ੁਰਗ ਵਸਨੀਕਾਂ ਨੇ ਡਾ. ਇਸ਼ਾਂਕ ਨਾਲ ਲੰਮੀ, ਸਕੂਨ ਭਰੀ ਗੱਲਬਾਤ ਕੀਤੀ, ਅੱਖਾਂ ਵਿੱਚ ਸੱਚੀ ਸ਼ੁਕਰਗੁਜ਼ਾਰੀ ਨਾਲ ਸਰਕਾਰ ਦੀਆਂ ਨੀਤੀਆਂ ਅਤੇ ਹਲਕੇ ਲਈ ਉਨ੍ਹਾਂ ਦੇ ਅਣਥੱਕ ਯਤਨਾਂ ਲਈ ਧੰਨਵਾਦ ਕੀਤਾ। ਔਰਤਾਂ ਨੇ ਵੀ ਭਾਵੁਕ ਹੋ ਕੇ ਦੱਸਿਆ ਕਿ ਇਸ ਬੱਚਤ ਨੇ ਉਨ੍ਹਾਂ ਦੇ ਘਰੇਲੂ ਬਜਟ ਨੂੰ ਕਿਵੇਂ ਸੌਖਾ ਬਣਾਇਆ ਹੈ, ਜਿਸ ਨਾਲ ਵਿਧਾਇਕ ਦਾ ਇਹ ਦੌਰਾ ਇੱਕ ਡੂੰਘੇ ਨਿੱਜੀ, ਭਾਵੁਕ ਸਮਾਜਿਕ ਪਲ ਵਿੱਚ ਬਦਲ ਗਿਆ।

ਸਰਕਾਰ ਦੀਆਂ ਉਪਲਬਧੀਆਂ ਬਾਰੇ ਜਾਣਕਾਰੀ ਦੇਣ ਦੇ ਨਾਲ ਹੀ ਡਾ. ਇਸ਼ਾਂਕ ਕੁਮਾਰ ਨੇ ਉਹਨਾਂ ਪਿੰਡ ਵਾਸੀਆਂ ਨੂੰ ਵੀ ਸਮਾਂ ਦਿੱਤਾ ਜੋ ਆਪਣੀਆਂ ਕੁਝ ਸਮੱਸਿਆਵਾਂ ਉਹਨਾਂ ਨਾਲ ਸਾਂਝੀਆਂ ਕਰਨੀਆਂ ਚਾਹੁੰਦੇ ਸਨ। ਉਨ੍ਹਾਂ ਨੇ ਨਿੱਜੀ ਤੌਰ ’ਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੋਟ ਕੀਤੀਆਂ, ਜਿੱਥੇ ਸੰਭਵ ਹੋਇਆ ਉੱਥੇ ਤੁਰੰਤ ਕਾਰਵਾਈ ਕੀਤੀ, ਅਤੇ ਬਾਕੀ ਮਸਲਿਆਂ ’ਤੇ ਅੱਗੇ ਦੀ ਕਾਰਵਾਈ ਲਈ ਸਬੰਧਤ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਜੋ ਚੱਬੇਵਾਲ ਦੀ ਨੁਮਾਇੰਦਗੀ ਪ੍ਰਤੀ ਉਨ੍ਹਾਂ ਦੀ ਸਰਗਰਮ ਅਤੇ ਪਹੁੰਚਯੋਗ ਸੋਚ ਨੂੰ ਦਰਸਾਉਂਦਾ ਹੈ। ਡਾ. ਇਸ਼ਾਂਕ ਕੁਮਾਰ ਨੇ ਕਿਹਾ ਕਿ ਇਹ ਮੁਹਿੰਮ ਆਉਣ ਵਾਲੇ ਦਿਨਾਂ ਵਿੱਚ ਹਲਕੇ ਦੇ ਸਾਰੇ ਪਿੰਡਾਂ ਵਿੱਚ ਜਾਰੀ ਰਹੇਗੀ, ਜਿਸ ਨਾਲ ਸਰਕਾਰ ਨੂੰ ਲੋਕਾਂ ਸਾਹਮਣੇ ਸਿੱਧਾ ਆਪਣਾ ਰਿਪੋਰਟ ਕਾਰਡ ਪੇਸ਼ ਕਰਨ ਅਤੇ ਉਨ੍ਹਾਂ ਦੀਆਂ ਹੋਰ ਉਮੀਦਾਂ ਅਤੇ ਸਮੱਸਿਆਵਾਂ ਜਾਨਣ ਦਾ ਮੌਕਾ ਮਿਲੇਗਾ। ਇਹ ਡੋਰ ਟੂ ਡੋਰ ਪ੍ਰਚਾਰ ਨਹੀਂ ਸਗੋਂ ਜਵਾਬਦੇਹੀ ਅਤੇ ਜਨਤਾ ਨਾਲ ਸਿੱਧੇ ਜੁੜਾਅ ਬਾਰੇ ਹੈ।

ਅੱਜ ਘੁਮਿਆਲਾ ਵਿੱਚ ਸਾਨੂੰ ਜੋ ਨਿੱਘ ਮਿਲਿਆ, ਖਾਸ ਕਰਕੇ ਸਾਡੇ ਬਜ਼ੁਰਗਾਂ ਤੋਂ, ਉਹ ਸੱਚਮੁੱਚ ਦਿਲ ਨੂੰ ਛੂਹ ਲੈਣ ਵਾਲਾ ਸੀ। ਲੋਕਾਂ ਦੀਆਂ ਸਮੱਸਿਆਵਾਂ ਸੁਣਨਾ ਅਤੇ ਇਹ ਯਕੀਨੀ ਬਣਾਉਣਾ ਕਿ ਉਨ੍ਹਾਂ ਦਾ ਹੱਲ ਹੋਵੇ, ਸਰਕਾਰ ਦੀਆਂ ਪ੍ਰਾਪਤੀਆਂ ਸਾਂਝੀਆਂ ਕਰਨ ਜਿੰਨਾ ਹੀ ਜ਼ਰੂਰੀ ਹੈ, ਡਾ. ਇਸ਼ਾਂਕ ਕੁਮਾਰ ਨੇ ਕਿਹਾ।

ਭਾਸ਼ਾ ਵਿਭਾਗ, ਹੁਸ਼ਿਆਰਪੁਰ ਵੱਲੋਂ ਅਸ਼ੋਕ ਕੁਮਾਰ ਦੀ ਕਾਵਿ ਪੁਸਤਕ ‘ਵਟ ਆਈ ਅਬਜਰਵਰਡ ਇੰਨ ਮਾਈ ਲਾਈਫਾਂ’ ਦਾ ਲੋਕ ਅਰਪਣ

ਪੈਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਦਫ਼ਤਰ, ਜ਼ਿਲ੍ਹਾ ਭਾਸ਼ਾ ਅਫਸਰ, ਹੁਸ਼ਿਆਰਪੁਰ ਵੱਲੋਂ ਅਸ਼ੋਕ ਕੁਮਾਰ ਦੀ ਅੰਗਰੇਜ਼ੀ ਕਾਵਿ ਪੁਸਤਕ ਵਟ ਆਈ ਅਬਜਰਵਡ ਇੰਨ ਮਾਈ ਲਾਈਫ ਦਾ ਲੋਕ ਅਰਪਣ ਸਬੰਧੀ ਸਮਾਗਮ ਰਚਾਇਆ ਗਿਆ।

ਸਮਾਗਮ ਦੇ ਸ਼ੁਰੂ ਵਿੱਚ ਡਾ. ਜਸਵੰਤ ਰਾਏ, ਖੋਜ ਅਫ਼ਸਰ ਭਾਸ਼ਾ ਵਿਭਾਗ, ਹੁਸ਼ਿਆਰਪੁਰ ਨੇ ਆਏ ਹੋਏ ਮਹਿਮਾਨਾਂ ਲਈ ਜੀ ਆਇਆਂ ਸ਼ਬਦ ਆਖਦਿਆਂ ਕਿਹਾ ਕਿ ਭਾਸ਼ਾ ਵਿਭਾਗ ਲੇਖਕਾਂ ਅਤੇ ਸਾਹਿਤ ਪ੍ਰੇਮੀਆਂ ਲਈ ਮੱਕਾ ਹੈ। ਭਾਸ਼ਾ ਵਿਭਾਗ ਪੰਜਾਬੀ ਭਾਸ਼ਾ ਅਤੇ ਸਭਿਆਚਾਰ ਦੇ ਪ੍ਰਚਾਰ ਪ੍ਰਸਾਰ ਦੇ ਨਾਲ-ਨਾਲ ਦੂਜੀਆਂ ਭਾਸ਼ਾਵਾਂ ਹਿੰਦੀ, ਉਰਦੂ ਅਤੇ ਅੰਗਰੇਜ਼ੀ ਦੇ ਸਾਹਿਤ ਲਈ ਵੀ ਲਗਾਤਾਰ ਤਰੱਦਦ ਕਰਦਾ ਆ ਰਿਹਾ ਹੈ। ਲੋਕ ਅਰਪਣ ਕੀਤੀ ਜਾ ਰਹੀ ਪੁਸਤਕ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਕਾਵਿ ਪੁਸਤਕ ਵਿੱਚ ਕਵੀ ਆਸ਼ੋਕ ਕੁਮਾਰ ਨੇ ਕੁਦਰਤ, ਨੈਤਿਕਤਾ, ਰੋਮਾਂਸਵਾਦ, ਆਤਮਿਕ ਅਤੇ ਰਹੱਸਵਾਦੀ ਵਿਸ਼ਿਆਂ ਨੂੰ ਲੈ ਕੇ ਬਹੁਤ ਮਾਰਮਿਕ ਕਿਸਮ ਦੀਆਂ ਕਵਿਤਾਵਾਂ ਦੀ ਸਿਰਜਣਾ ਕੀਤੀ ਹੈ। ਮਨੀਸ਼ ਮੋਦਗਿਲ ਨੇ ਅਸ਼ੋਕ ਕੁਮਾਰ ਦੀਆਂ ਕਵਿਤਾਵਾਂ ਨੂੰ ਬਚਪਨ, ਜਵਾਨੀ ਅਤੇ ਪ੍ਰੌੜ ਤਜਰਬੇ ਦੀਆਂ ਕਵਿਤਾਵਾਂ ਕਿਹਾ। ਕਵੀ ਰਾਜ ਕੁਮਾਰ ਘਾਸੀਪੁਰੀਆ ਨੇ ਅਸ਼ੋਕ ਕੁਮਾਰ ਦੀਆਂ ਕਵਿਤਾਵਾਂ ਨੂੰ ਅੰਗਰੇਜ਼ੀ ਸਾਹਿਤ ਵਿੱਚ ਇਕ ਮਿਆਰੀ ਇਜ਼ਾਫ਼ਾ ਕਿਹਾ। ਇਸ ਮੌਕੇ ਦਫਤਰ ਭਾਸ਼ਾ ਵਿਭਾਗ ਵਲੋਂ ਕਵੀ ਅਸ਼ੋਕ ਕੁਮਾਰ ਦਾ ਕਿਤਾਬਾਂ ਦੇ ਸੈੱਟ ਨਾਲ ਵਿਸ਼ੇਸ਼ ਸਨਮਾਨ ਕੀਤਾ ਗਿਆ।

ਇਸ ਸਮੇਂ ਰਾਹੁਲ ਕੁਮਾਰ, ਪਰਮਜੀਤ ਸਿੰਘ, ਸ਼ਸ਼ੀ ਕੁਮਾਰ, ਪਰਵੇਸ਼ ਕੁਮਾਰ, ਪ੍ਰੇਮਦੀਪ ਸਿੰਘ, ਭਾਵਿਨ, ਰਾਹੁਲ ਅਤੇ ਲਾਲ ਸਿੰਘ ਹਾਜ਼ਰ ਸਨ।

ਮਾਮਲਾ : ਬਲਜਿੰਦਰ ਸਿੰਘ ਨੂੰ ਸਾਊਦੀ ਅਰਬ ਵਿੱਚ ਮੌਤ ਦੀ ਸਜ਼ਾ

ਆਪਣੇ ਪਤੀ ਦੀ ਜ਼ਿੰਦਗੀ ਬਚਾਉਣ ਲਈ ਪਤਨੀ ਨੇ ਖੰਨਾ ਨੂੰ ਲਾਈ ਗੁਹਾਰ

ਪੈਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਸਾਬਕਾ ਸੰਸਦ ਮੈਂਬਰ ਅਤੇ ਭਾਜਪਾ ਦੇ ਸੀਨੀਅਰ ਆਗੂ ਅਵਿਨਾਸ਼ ਰਾਏ ਖੰਨਾ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਆਯੋਜਿਤ ਖੁੱਲ੍ਹੇ ਦਰਬਾਰ ਵਿੱਚ ਇੱਕ ਬਹੁਤ ਹੀ ਗੰਭੀਰ ਅਤੇ ਮਾਨਵੀ ਮਾਮਲਾ ਸਾਹਮਣੇ ਆਇਆ। ਇਸ ਦੌਰਾਨ ਸੁਨੀਲ ਲਤਾ ਨੇ ਆਪਣੇ ਪਤੀ ਬਲਜਿੰਦਰ ਸਿੰਘ, ਜੋ ਵਰਤਮਾਨ ਵਿੱਚ ਸਾਊਦੀ ਅਰਬ ਦੀ ਜੇਲ੍ਹ ਵਿੱਚ ਬੰਦ ਹੈ ਜਿਸ ਨੂੰ ਉੱਥੋਂ ਦੀ ਅਦਾਲਤ ਵੱਲੋਂ ਮੌਤ ਦੀ ਸਜ਼ਾ ਸੁਣਾਈ ਗਈ ਹੈ, ਦੀ ਜਾਨ ਬਚਾਉਣ ਲਈ ਖੰਨਾ ਨੂੰ ਬੇਨਤੀ ਪੱਤਰ ਸੌਂਪਿਆ।

ਬਲਜਿੰਦਰ ਸਿੰਘ ਦੀ ਪਤਨੀ ਸੁਨੀਲ ਲਤਾ ਨੇ ਖੰਨਾ ਨੂੰ ਦੱਸਿਆ ਕਿ ਬਲਜਿੰਦਰ ਸਿੰਘ ਨੂੰ 6 ਫਰਵਰੀ 2024 ਤੋਂ ਮਦੀਨਾ, ਸਾਊਦੀ ਅਰਬ ਵਿੱਚ ਇੱਕ ਡਰੱਗ-ਟ੍ਰੈਫਿਕਿੰਗ ਸਬੰਧੀ ਮਾਮਲੇ ਵਿੱਚ ਹਿਰਾਸਤ ਵਿੱਚ ਰੱਖਿਆ ਗਿਆ ਹੈ ਜਿਸ ਵਿੱਚ ਉਸਦਾ ਪਤੀ ਬਿਲਕੁਲ ਬੇਕਸੂਰ ਹੈ। ਅਦਾਲਤ ਵੱਲੋਂ ਬਲਜਿੰਦਰ ਸਿੰਘ ਨੂੰ ਮੌਤ ਦੀ ਸਜ਼ਾ ਦਿੱਤੀ ਗਈ, ਜਿਸ ਨੂੰ ਬਾਅਦ ਵਿੱਚ ਉੱਥੋਂ ਦੀ ਉੱਚ ਅਦਾਲਤ ਅਤੇ ਸਰਵਉੱਚ ਅਦਾਲਤ ਨੇ ਵੀ ਬਰਕਰਾਰ ਰੱਖਿਆ। ਸੁਨੀਲ ਲਤਾ ਨੇ ਇਹ ਵੀ ਦੱਸਿਆ ਕਿ ਸਾਊਦੀ ਅਧਿਕਾਰੀਆਂ ਸਾਹਮਣੇ ਸ਼ਾਹੀ ਮੁਆਫੀ ਦੀ ਅਪੀਲ ਵੀ ਕੀਤੀ ਗਈ, ਪਰ ਉਸਨੂੰ ਵੀ ਰੱਦ ਕਰ ਦਿੱਤਾ ਗਿਆ। ਸੁਨੀਲ ਲਤਾ ਨੇ ਆਪਣੇ ਪਤੀ ਬਲਜਿੰਦਰ ਸਿੰਘ ਨੂੰ ਸਾਊਦੀ ਅਰਬ ਤੋਂ ਉਸਦੀ ਜ਼ਿੰਦਗੀ ਬਚਾਉਣ ਦੀ ਖੰਨਾ ਨੂੰ ਗੁਹਾਰ ਲਗਾਈ।

ਖੰਨਾ ਨੇ ਕਿਹਾ ਕਿ ਕਿਸੇ ਵੀ ਭਾਰਤੀ ਪਰਿਵਾਰ ਲਈ ਆਪਣੇ ਪਰਿਵਾਰਕ ਮੈਂਬਰ ਨੂੰ ਵਿਦੇਸ਼ੀ ਜੇਲ੍ਹ ਵਿੱਚ ਮੌਤ ਦੀ ਸਜ਼ਾ ਦਾ ਸਾਹਮਣਾ ਕਰਦੇ ਦੇਖਣਾ ਬਹੁਤ ਹੀ ਦੁਖਦਾਈ ਸਥਿਤੀ ਹੈ। ਉਨ੍ਹਾਂ ਕਿਹਾ ਕਿ ਮਾਨਵੀ ਆਧਾਰ ’ਤੇ ਉਪਲਬਧ ਸਾਰੇ ਸੰਭਵ ਵਿਕਲਪਾਂ ਅਤੇ ਕੂਟਨੀਤਕ ਮਾਧਿਅਮਾਂ ਦੀ ਪੜਤਾਲ ਕੀਤੇ ਜਾਣ ਦੀ ਲੋੜ ਹੈ, ਤਾਂ ਜੋ ਪਰਿਵਾਰ ਦੀ ਅਪੀਲ ਸਬੰਧਤ ਪੱਧਰ ਤੱਕ ਪਹੁੰਚ ਸਕੇ। ਖੰਨਾ ਨੇ ਸੁਨੀਲ ਲਤਾ ਦੇ ਬੇਨਤੀ ਪੱਤਰ ਨੂੰ ਆਪਣੇ ਦਫ਼ਤਰ ਦੇ ਜ਼ਰੀਏ ਤੁਰੰਤ ਕੇਂਦਰੀ ਵਿਦੇਸ਼ ਮੰਤਰਾਲੇ ਨੂੰ ਭੇਜਦਿਆਂ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਨੂੰ ਸਾਊਦੀ ਅਰਬ ਸਰਕਾਰ ਨਾਲ ਉਠਾ ਕੇ ਬਲਜਿੰਦਰ ਸਿੰਘ ਦੀ ਜਾਨ ਬਚਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇ। ਖੰਨਾ ਨੇ ਇਸ ਮੌਕੇ ਪੀੜਤ ਪਰਿਵਾਰ ਨੂੰ ਭਰੋਸਾ ਦਿੱਤਾ ਕਿ ਕੇਂਦਰ ਸਰਕਾਰ ਆਪਣੇ ਨਾਗਰਿਕਾਂ ਦੇ ਨਾਲ ਖੜ੍ਹੀ ਹੈ ਅਤੇ ਬਲਜਿੰਦਰ ਸਿੰਘ ਦੀ ਜਾਨ ਬਚਾਉਣ ਲਈ ਹਰ ਸੰਭਵ ਯਤਨ ਕਰਨ ਲਈ ਵਚਨਬੱਧ ਹੈ।

ਖ਼ਾਲਸਾ ਕਾਲਜ ’ਚ ‘ਨੈਤਿਕ ਕਦਰਾਂ ਕੀਮਤਾਂ’ ਵਿਸ਼ੇ ’ਤੇ ਲੈਕਚਰ ਕਰਵਾਇਆ

ਪੈਗਾਮ-ਏ-ਜਗਤ
ਗੜ੍ਹਸ਼ੰਕਰ (ਹਰੀ ਕ੍ਰਿਸ਼ਨ ਗੰਗੜ)



ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਪਿ?ਰੰਸੀਪਲ ਡਾ. ਅਮਨਦੀਪ ਹੀਰਾ ਦੀ ਅਗਵਾਈ ਹੇਠ ਕਾਲਜ ਦੇ ਐਜੂਕੇਸ਼ਨ ਵਿਭਾਗ ਅਤੇ ਐੱਨ.ਐੱਸ.ਐੱਸ. ਯੂਨਿਟ ਵਲੋਂ ‘ਨੈਤਿਕ ਕਦਰਾਂ-ਕੀਮਤਾਂ : ਇਕ ਅਰਥਪੂਰਨ ਜੀਵਨ ਲਈ ਕਦਰਾਂ ਕੀਮਤਾਂ’ ਵਿਸ਼ੇ ’ਤੇ ਇਕ ਲੈਕਚਰ ਕਰਵਾਇਆ ਗਿਆ। ਇਸ ਮੌਕੇ ਮੁੱਖ ਬੁਲਾਰੇ ਸ. ਰਾਜਪਾਲ ਸਿੰਘ ਸੈਕਟਰੀ ਸੇਵ ਅਵਰ ਸੋਲਜ਼ ਐਜੂਕੇਸ਼ਨਲ ਐਂਡ ਚੈਰੀਟੇਬਲ ਸੁਸਾਇਟੀ ਅੰਮ੍ਰਿਤਸਰ ਨੇ ਨੈਤਿਕ ਕਦਰਾਂ-ਕੀਮਤਾਂ ਦੀ ਮਹੱਤਤਾ ਅਤੇ ਜੀਵਨ ਦੇ ਅਸਲ ਅਰਥਾਂ ਬਾਰੇ ਗਿਆਨ ਭਰਪੂਰ ਲੈਕਚਰ ਦਿੱਤਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬਾਣੀ ਅਤੇ ਸਿੱਖਿਆਵਾਂ ਤੋਂ ਪ੍ਰੇਰਨਾ ਲੈਂਦਿਆਂ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉੱਚੀ ਸੋਚ ਅਤੇ ਸਾਦਾ ਜੀਵਨ ਅਪਨਾਉਣ ਲਈ ਉਤਸ਼ਾਹਿਤ ਕੀਤਾ। ਸ. ਰਾਜਪਾਲ ਸਿੰਘ ਨੇ ਸੰਬੋਧਨ ਦੌਰਾਨ ਸੇਵਾ, ਸਤਿਕਾਰ, ਸਵੈ-ਮਾਣ, ਕੁਦਰਤ, ਮਾਪਿਆਂ, ਦੇਸ਼ ਅਤੇ ਧਰਤੀ ਪ੍ਰਤੀ ਪਿਆਰ ਵਰਗੀਆਂ ਅਹਿਮ ਕਦਰਾਂ-ਕੀਮਤਾਂ ’ਤੇ ਚਾਨਣਾ ਪਾਇਆ। ਉਨ੍ਹਾਂ ਗੁਰਬਾਣੀ ਵਿਚੋਂ ਅਰਥਪੂਰਨ ਉਦਾਹਰਣਾਂ ਰਾਹੀਂ ਕਦਰਾਂ-ਕੀਮਤਾਂ ਦੀ ਵਿਆਖਿਆ ਕਰਦਿਆਂ ਮੌਜੂਦਾ ਜੀਵਨ ਵਿਚ ਇਨ੍ਹਾਂ ਦੀ ਸਾਰਥਿਕਤਾ ’ਤੇ ਜ਼ੋਰ ਦਿੱਤਾ। ਉਨ੍ਹਾਂ ‘ਸ੍ਰੀ ਸਹਿਜ ਪਾਠ’ ਦੇ ਅਧਿਆਤਮਿਕ ਮਹੱਤਵ ਅਤੇ ਲਾਭਾਂ ’ਤੇ ਚਾਨਣਾ ਪਾਉਂਦੇ ਹੋਏ ਵਿਦਿਆਰਥੀਆਂ ਨੂੰ ਗੁਰਬਾਣੀ ਨਾਲ ਡੂੰਘਾ ਸੰਬੰਧ ਕਾਇਮ ਕਰਨ ਅਤੇ ਇਸ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿਚ ਅਪਨਾਉਣ ਲਈ ਪ੍ਰੇਰਿਤ ਕੀਤਾ। ਡਾ. ਸੰਘਾ ਗੁਰਬਖਸ਼ ਕੌਰ ਐਜੂਕੇਸ਼ਨ ਵਿਭਾਗ ਨੇ ਮੁੱਖ ਬੁਲਾਰੇ ਅਤੇ ਭਾਗ ਲੈਣ ਵਾਲਿਆਂ ਦਾ ਸਵਾਗਤ ਕੀਤਾ। ਡਾ. ਨਰੇਸ਼ ਕੁਮਾਰੀ ਐੱਨ.ਐੱਸ.ਐੱਸ. ਪ੍ਰੋਗਰਾਮ ਅਫਸਰ ਨੇ ਮੰਚ ਸੰਚਾਲਨ ਕਰਦਿਆਂ ਧੰਨਵਾਦ ਕੀਤਾ। ਪ੍ਰੋ. ਲਖਵਿੰਦਰਜੀਤ ਕੌਰ ਨੇ ਵਿਦਿਆਰਥੀਆਂ ਨੂੰ ਸਕਾਰਾਤਮਕ ਨੈਤਿਕ ਕਦਰਾਂ-ਕੀਮਤਾਂ ਅਪਨਾਉਣ ਅਤੇ ਇਕ ਮਕਸਦ ਭਰਪੂਰ ਤੇ ਅਰਥਪੂਰਨ ਜੀਵਨ ਜਿਉਣ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਡਾ. ਅਰਵਿੰਦਰ ਸਿੰਘ ਪ੍ਰੋਗਰਾਮ ਅਫਸਰ, ਡਾ. ਅਮਨਦੀਪ ਕੌਰ, ਪ੍ਰੋ. ਕਿਰਨਜੋਤ ਕੌਰ, ਪ੍ਰੋ. ਹਰਜੀਤ ਕੌਰ, ਪ੍ਰੋ. ਮਨਵੀਰ ਕੌਰ, ਸੁਪਰਡੈਂਟ ਪਰਮਿੰਦਰ ਸਿੰਘ, ਦਮਨਪ੍ਰੀਤ ਕੌਰ ਸਮੇਤ ਸਟਾਫ਼ ਤੇ ਵਿਦਿਆਰਥੀ ਹਾਜ਼ਰ ਹੋਏ।

ਰਾਯਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ ਵਿਖੇ ਰਾਸ਼ਟਰੀ ਫਾਰਮੇਸੀ ਹਫ਼ਤਾ ਅਤੇ ਵਿਸ਼ਵ ਫਾਰਮਾਸਿਸਟ ਦਿਵਸ 2026 ਦਾ ਸ਼ਾਨਦਾਰ ਆਗਾਜ਼

ਪੈਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)



ਰਾਯਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਦੇ ਯੂਨੀਵਰਸਿਟੀ ਸਕੂਲ ਆਫ਼ ਫਾਰਮਾਸਿਊਟੀਕਲ ਸਾਇੰਸਿਜ਼ ਅਤੇ ਯੂਨੀਵਰਸਿਟੀ ਸਕੂਲ ਆਫ਼ ਫਾਰਮੇਸੀ ਵੱਲੋਂ ਫਾਰਮੇਸੀ ਕੌਂਸਲ ਆਫ਼ ਇੰਡੀਆ ਅਤੇ ਪੰਜਾਬ ਫਾਰਮੇਸੀ ਕੌਂਸਲ ਦੇ ਸਹਿਯੋਗ ਨਾਲ ਰਾਸ਼ਟਰੀ ਫਾਰਮੇਸੀ ਹਫ਼ਤਾ ਅਤੇ ਵਿਸ਼ਵ ਫਾਰਮਾਸਿਸਟ ਦਿਵਸ 2026 ਦਾ ਉਦਘਾਟਨ ਬੜੇ ਉਤਸ਼ਾਹ ਨਾਲ ਕੀਤਾ ਗਿਆ।

21 ਤੋਂ 25 ਸਤੰਬਰ ਤੱਕ ਚੱਲਣ ਵਾਲੇ ਇਸ ਸਮਾਗਮ ਦਾ ਮੁੱਖ ਥੀਮ “ਸਿਹਤਮੰਦ ਭਵਿੱਖ ਲਈ ਫਾਰਮਾਸਿਸਟਾਂ ਦਾ ਸਸ਼ਕਤੀਕਰਨ”ਅਤੇ ਵਿਸ਼ੇਸ਼ ਜ਼ੋਰ “ਸਵੱਛ ਤੇ ਸਵਸਥ ਭਾਰਤਃ ਐਂਟੀਮਾਈਕਰੋਬਾਇਲ ਰੇਜ਼ਿਸਟੈਂਸ ਖ਼ਿਲਾਫ਼ ਲੜਾਈ”ਉੱਤੇ ਰੱਖਿਆ ਗਿਆ ਹੈ। ਇਸ ਦਾ ਮਨੋਰਥ ਸਿਹਤ ਸੰਭਾਲ ਪ੍ਰਣਾਲੀ ਵਿੱਚ ਫਾਰਮਾਸਿਸਟਾਂ ਦੀ ਭੂਮਿਕਾ, ਮਰੀਜ਼ਾਂ ਦੀ ਸੁਰੱਖਿਆ ਅਤੇ ਐਂਟੀਬਾਇਓਟਿਕ ਦਵਾਈਆਂ ਦੇ ਸਹੀ ਤੇ ਜ਼ਿੰਮੇਵਾਰਾਨਾ ਇਸਤੇਮਾਲ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨਾ ਹੈ।


ਪਹਿਲੇ ਦਿਨ ਵਿਦਿਆਰਥੀਆਂ ਦੇ ਗਿਆਨ ਅਤੇ ਰਚਨਾਤਮਕ ਹੁਨਰ ਨੂੰ ਪਰਖਣ ਲਈ ਫਾਰਮਾ ਕੁਇਜ਼ ਅਤੇ ਸਾਇ-ਟੂਨ ਮੁਕਾਬਲੇ ਕਰਵਾਏ ਗਏ।

ਡੀ.ਫਾਰਮ, ਬੀ.ਫ਼ਾਰਮ, ਫਾਰਮ.ਡੀ ਅਤੇ ਐਮ.ਫ਼ਾਰਮ ਦੇ ਵਿਦਿਆਰਥੀਆਂ ਨੇ ਕੁਇਜ਼ ਵਿੱਚ ਆਪਣੀ ਮੈਡੀਕਲ ਮੁਹਾਰਤ ਦਾ ਪ੍ਰਦਰਸ਼ਨ ਕੀਤਾ। ਦੂਜੇ ਪਾਸੇ, ਸਾਇ-ਟੂਨ ਮੁਕਾਬਲੇ ਵਿੱਚ ਵਿਦਿਆਰਥੀਆਂ ਨੇ ਵਿਗਿਆਨ ਅਤੇ ਕਲਾ ਦਾ ਸੁਮੇਲ ਪੇਸ਼ ਕਰਦਿਆਂ ਕਾਰਟੂਨਾਂ ਤੇ ਵਿਜ਼ੂਅਲ ਚਿੱਤਰਾਂ ਰਾਹੀਂ ਐਂਟੀਬਾਇਓਟਿਕਸ ਦੀ ਬੇਲੋੜੀ ਵਰਤੋਂ ਦੇ ਨੁਕਸਾਨ ਅਤੇ ਸਾਵਧਾਨੀਆਂ ਬਾਰੇ ਗੰਭੀਰ ਸੰਦੇਸ਼ ਦਿੱਤਾ। ਇਸ ਸਮਾਗਮ ਦੀ ਸ਼ੁਰੂਆਤ ਯੂਨੀਵਰਸਿਟੀ ਦੇ ਉਪ-ਕੁਲਪਤੀ ਡਾ. ਚੰਦਰ ਮੋਹਨ, ਡਾਇਰੈਕਟਰ ਡਾ. ਮਨਿੰਦਰ ਪਾਲ ਸਿੰਘ, ਵਿਭਾਗ ਮੁਖੀ ਡਾ. ਅਭਿਨਵ ਆਨੰਦ ਅਤੇ ਮਿਸ ਸਿਮਰਜੀਤ ਕੌਰ ਦੀ ਮੌਜੂਦਗੀ ਵਿੱਚ ਹੋਈ।

ਮਹਿਮਾਨਾਂ ਨੇ ਵਿਦਿਆਰਥੀਆਂ ਦੀ ਪ੍ਰਤਿਭਾ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਫਾਰਮਾਸਿਸਟ ਸਿਰਫ਼ ਦਵਾਈਆਂ ਵੰਡਣ ਵਾਲੇ ਨਹੀਂ, ਸਗੋਂ ਲੋਕ-ਸਿਹਤ ਦੇ ਅਹਿਮ ਰਖਵਾਲੇ ਹਨ। ਉਨ੍ਹਾਂ ਜ਼ੋਰ ਦਿੱਤਾ ਕਿ ਐਂਟੀਬਾਇਓਟਿਕ ਪ੍ਰਤੀਰੋਧ ਵਰਗੀਆਂ ਵਿਸ਼ਵਵਿਆਪੀ ਚੁਣੌਤੀਆਂ ਨੂੰ ਹੱਲ ਕਰਨ ਲਈ ਫਾਰਮਾਸਿਸਟਾਂ ਨੂੰ ਜਾਗਰੂਕ ਅਤੇ ਜ਼ਿੰਮੇਵਾਰ ਬਣਾਉਣਾ ਅਤਿ ਜ਼ਰੂਰੀ ਹੈ। ਇਹ ਸਮਾਗਮ 25 ਸਤੰਬਰ ਤੱਕ ਵੱਖ-ਵੱਖ ਜਾਗਰੂਕਤਾ ਗਤੀਵਿਧੀਆਂ ਨਾਲ ਜਾਰੀ ਰਹੇਗਾ।

ਅੱਸੂ ਦੇ ਨਵਰਾਤਰਿਆਂ ਤੇ ਦੁਰਗਾ ਅਸ਼ਟਮੀ ਸਬੰਧੀ ਤਿਆਰੀਆਂ ਦਾ ਡੀ.ਸੀ. ਨੇ ਲਿਆ ਜਾਇਜ਼ਾ

ਪੈਗਾਮ-ਏ-ਜਗਤ/ਪਟਿਆਲਾ
22 ਸਤੰਬਰ (ਪਰਮਜੀਤ ਸਿੰਘ ਪਰਵਾਨਾ)



ਪਟਿਆਲਾ ਦੇ ਮਾਤਾ ਸ੍ਰੀ ਕਾਲੀ ਦੇਵੀ ਮੰਦਿਰ ਵਿਖੇ 11 ਅਕਤੂਬਰ ਤੋਂ 19 ਅਕਤੂਬਰ ਤਕ ਅੱਸੂ ਦੇ ਨਵਰਾਤਰਿਆਂ ਅਤੇ ਦੁਰਗਾ ਅਸ਼ਟਮੀ ਦੌਰਾਨ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਦੀ ਆਮਦ ਨੂੰ ਲੈ ਕੇ ਤਿਆਰੀਆਂ ਸਮੇਤ ਹੋਰ ਸਾਰੇ ਪ੍ਰਬੰਧ ਜੰਗੀ ਪੱਧਰ ’ਤੇ ਜਾਰੀ ਹਨ।

• ਸ਼ਰਧਾਲੂਆਂ ਦੀ ਸਹੂਲਤ ਲਈ ਕੀਤੇ ਜਾਣਗੇ ਹਰ ਤਰ੍ਹਾਂ ਦੇ ਪੁਖ਼ਤਾ ਪ੍ਰਬੰਧ : ਡਾ. ਹਿਮਾਂਸ਼ੂ ਅਗਰਵਾਲ

ਇਨ੍ਹਾਂ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਏ.ਡੀ.ਸੀ. ਅਨੁਪ੍ਰਿਤਾ ਜੌਹਲ ਸਮੇਤ ਐਡਵਾਈਜ਼ਰੀ ਕਮੇਟੀ ਦੇ ਮੈਂਬਰਾਂ ਸੀ.ਏ. ਅਜੇ ਅਲੀਪੁਰੀਆ, ਸੰਜੇ ਸਿੰਗਲਾ ਤੇ ਡਾ. ਰਾਜ ਕੁਮਾਰ ਗੁਪਤਾ ਨਾਲ ਉਚ ਪੱਧਰੀ ਬੈਠਕ ਕੀਤੀ। ਡਿਪਟੀ ਕਮਿਸ਼ਨਰ ਨੇ ਇਸ ਤਿਉਹਾਰ ਦੌਰਾਨ ਦੂਰੋਂ-ਦੂਰੋਂ ਸ਼ਰਧਾਲੂ ਇੱਥੇ ਨਤਮਸਤਕ ਹੋਣ ਲਈ ਮੰਦਿਰ ’ਚ ਪੁੱਜਣ ਵਾਲੇ ਆਮ ਸ਼ਰਧਾਲੂਆਂ ਸਮੇਤ ਦਿਵਿਆਂਗ ਸ਼ਰਧਾਲੂਆਂ ਦੀ ਸਹੂਲਤ ਲਈ ਵੀਲ੍ਹ ਚੇਅਰ ਦਾ ਪ੍ਰਬੰਧ ਕਰਨ ਸਮੇਤ ਸ਼ਰਧਾਲੂਆਂ ਲਈ ਲੰਗਰ ਤੇ ਭੰਡਾਰੇ, ਪੀਣ ਵਾਲੇ ਪਾਣੀ, ਬਾਥਰੂਮ, ਸਾਫ਼ ਸਫ਼ਾਈ, ਸਜਾਵਟ ਆਦਿ ਦੇ ਪ੍ਰਬੰਧਾਂ ਦੀ ਸਮੀਖਿਆ ਕੀਤੀ।

ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਦੀ ਸਹੂਲਤ ਲਈ ਹਰ ਤਰ੍ਹਾਂ ਦੇ ਪੁਖ਼ਤਾ ਇੰਤਜ਼ਾਮ ਕੀਤੇ ਜਾਣਗੇ। ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਸ਼ਰਧਾਲੂਆਂ ਦੀ ਵੱਡੀ ਗਿਣਤੀ ਵਿੱਚ ਆਮਦ ਨੂੰ ਲੈ ਕੇ ਜ਼ਿਲ੍ਹਾ ਪੁਲਿਸ ਵੱਲੋਂ ਸੁਰੱਖਿਆ ਦੇ ਪੁੱਖ਼ਤਾ ਪ੍ਰਬੰਧ ਕੀਤੇ ਜਾ ਰਹੇ ਹਨ ਤੇ ਵਾਹਨਾਂ ਦੀ ਪਾਰਕਿੰਗ ਸਮੇਤ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਟਰੈਫ਼ਿਕ ਪਲਾਨ ਵੀ ਬਣਾਇਆ ਜਾ ਰਿਹਾ ਹੈ। ਮੰਦਿਰ ਦੀ ਉੱਚ ਪੱਧਰੀ ਐਡਵਾਈਜ਼ਰੀ ਕਮੇਟੀ ਦੇ ਮੈਂਬਰ ਡਾ. ਰਾਜ ਕੁਮਾਰ ਗੁਪਤਾ ਨੇ ਦੱਸਿਆ ਕਿ ਸ਼ਾਰਦੀਆ ਨਵਰਾਤਰੀ ਅੱਸੂ ਦੇ ਮਹੀਨੇ ਦੇ ਸ਼ੁਕਲ ਪੱਖ ਦੀ ਪ੍ਰਤੀਪਦਾ ਤਿਥੀ ਦੀ ਸ਼ੁਰੂਆਤ 11 ਅਕਤੂਬਰ ਤੋਂ ਹੋ ਰਹੀ ਹੈ ਅਤੇ ਇਸ ਦੌਰਾਨ ਦੁਰਗਾ ਮਾਂ ਦੇ ਨੌ ਰੂਪਾਂ ਦੀ ਵਿਧੀ ਵਿਧਾਨ ਨਾਲ ਅਰਾਧਨਾ ਕੀਤੀ ਜਾਂਦੀ ਹੈ, ਜਿਸ ਲਈ ਪ੍ਰਬੰਧ ਵੱਡੀ ਪੱਧਰ ’ਤੇ ਕੀਤੇ ਜਾ ਰਹੇ ਹਨ। ਮੈਂਬਰ ਸੀ.ਏ. ਅਜੇ ਅਲੀਪੁਰੀਆ ਨੇ ਦੱਸਿਆ ਕਿ ਇਸ ਪਵਿੱਤਰ, ਪੁਰਾਤਨ ਤੇ ਇਤਿਹਾਸਕ ਮਾਤਾ ਸ੍ਰੀ ਕਾਲੀ ਦੇਵੀ ਮੰਦਿਰ ਦੀ ਪੂਰੀ ਦੁਨੀਆ ਵਿੱਚ ਮਹਾਨਤਾ ਅਤੇ ਮਾਨਤਾ ਹੈ, ਇਸ ਲਈ ਨਵਰਾਤਿਰਆਂ ਦੇ ਤਿਉਹਾਰ ਮੌਕੇ ਵੱਡੀ ਗਿਣਤੀ ਪੁੱਜਣ ਵਾਲੇ ਸ਼ਰਧਾਲੂਆਂ ਦੀ ਸੇਵਾ ਵਿੱਚ ਕੋਈ ਕਮੀ ਨਹੀਂ ਛੱਡੀ ਜਾਵੇਗੀ। ਅਲੀਪੁਰੀਆ ਨੇ ਮੀਟਿੰਗ ਦੌਰਾਨ ਸੁਰੱਖਿਆ ਦੀ ਜ਼ਿੰਮੇਵਾਰੀ ਨਿਭਾਉਣ ਵਾਲੇ ਮੁਲਾਜ਼ਮਾਂ ਨੂੰ ਹਦਾਇਤ ਕੀਤੀ ਕਿ ਉਹ ਬਹੁਤ ਹੀ ਨਿਮਰ ਰਹਿਕੇ ਸੇਵਾਵਾਂ ਨਿਭਾਉਣ।

ਮੈਂਬਰ ਸੰਜੇ ਸਿੰਗਲਾ ਨੇ ਦੱਸਿਆ ਕਿ ਨਵਰਾਤਰਿਆਂ ਦੌਰਾਨ ਰੋਜ਼ ਸਵੇਰੇ ਸਾਢੇ 8.30 ਵਜੇ ਹਵਨ ਸ਼ੁਰੂ ਹੋਵੇਗਾ, ਜਿਸ ਲਈ ਆਮ ਸ਼ਰਧਾਲੂ ਬੁਕਿੰਗ ਕਰਵਾ ਸਕਦੇ ਹਨ। ਇਸ ਦੌਰਾਨ ਮੰਦਿਰ ਦੇ ਮਾਹੌਲ ਨੂੰ ਹੋਰ ਅਧਿਆਤਮਿਕ ਬਣਾਉਣ ਲਈ ਮੰਤਰਾਂ ਦਾ ਉਚਾਰਨ ਚੱਲਦਾ ਰਹੇਗਾ, ਜਿਸ ਨਾਲ ਸ਼ਰਧਾਲੂਆਂ ਨੂੰ ਬਹੁਤ ਹੀ ਪਵਿੱਤਰ ਤੇ ਅਧਿਆਤਮਿਕ ਮਾਹੌਲ ਮਿਲੇਗਾ। ਇਸੇ ਤਰ੍ਹਾਂ ਲੰਗਰ ਦੀ ਬੁਕਿੰਗ ਵੀ ਕਰਵਾਈ ਜਾ ਸਕਦੀ ਹੈ। ਬੈਠਕ ਦੌਰਾਨ ਡੀ.ਐਸ.ਪੀ. ਸੰਜੀਵ ਸਿੰਗਲਾ, ਵਧੀਕ ਮੰਡਲ ਫਾਇਰ ਬ੍ਰਿਗੇਡ ਅਫ਼ਸਰ ਹਰਿੰਦਰਪਾਲ ਸਿੰਘ, ਮੰਦਿਰ ਸਹਾਇਕ ਸੁਪਰਵਾਈਜ਼ਰ ਨਵਨੀਤ ਟੰਡਨ ਸਮੇਤ ਨਗਰ ਨਿਗਮ, ਲੋਕ ਨਿਰਮਾਣ ਵਿਭਾਗ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

“ਪੈਗਾਮ-ਏ-ਜਗਤ”
NEWS & WEB CHANNEL
HEAD OFFICE
F 388, Industrial Area, Sector 74, Sahibzada Ajit Singh Nagar, Punjab 160071
CONTACT : +91 9878862733, 9872340701
ਛੋਟਾ ਇਸ਼ਤਿਹਾਰ ਵੱਡਾ ਵਪਾਰ
“ਪੈਗਾਮ-ਏ-ਜਗਤ” ਵਿੱਚ ਕਿਸੇ ਵੀ ਤਰ੍ਹਾਂ ਦਾ ਕਲਾਸੀਫਾਈਡ ਜੋਤਿਸ਼, ਵਪਾਰ, ਨਾਮ ਪਰਿਵਰਤਨ, ਵਿਆਹ ਸੰਬੰਧੀ ਇਸ਼ਤਿਹਾਰ ਆਦਿ ਲਈ ਘਰ ਬੈਠੇ ਬੁਕਿੰਗ ਕਰੋ।

‘ਪੈਗਾਮ-ਏ-ਜਗਤ’ ’ਚ ਪ੍ਰਕਾਸ਼ਿਤ ਸਮੱਗਰੀ ਅਤੇ ਹੋਰ ਵਾਦ-ਵਿਵਾਦ ਸੰਬੰਧੀ ਕੇਸਾਂ ਦਾ ਨਿਪਟਾਰਾ ਸਿਰਫ਼ ਮੁਹਾਲੀ (ਚੰਡੀਗੜ੍ਹ) ਕੋਰਟ ਵਿੱਚ ਹੀ ਹੋਵੇਗਾ। ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ। -ਸੰਪਾਦਕ, ਪੈਗਾਮ-ਏ-ਜਗਤ

ਪਸ਼ੂ ਪਾਲਕਾਂ ਨੇ ਪਸ਼ੂ ਪੌਸ਼ਟਿਕਤਾ ਉਤਪਾਦਾਂ ਵਿੱਚ ਦਿਖਾਇਆ ਭਰੋਸਾ

ਲੁਧਿਆਣਾ 22 ਸਤੰਬਰ (ਪੈ.ਗਾਮ-ਏ-ਜਗਤ)

ਪਸ਼ੂ ਆਹਾਰ ਵਿਭਾਗ, ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ, ਲੁਧਿਆਣਾ ਨੇ ਪਸ਼ੂ ਪਾਲਣ ਮੇਲੇ ਵਿੱਚ ਸ਼ਾਨਦਾਰ

- ਮੇਲੇ ਦੌਰਾਨ 23 ਲੱਖ ਰੁਪਏ ਦੇ ਉਤਪਾਦ ਖਰੀਦੇ ਗਏ



ਪ੍ਰਦਰਸ਼ਨ ਕੀਤਾ। ਟੀਮ ਨੇ ਖਣਿਜ ਮਿਸ਼ਰਣ, ਬਾਈਪਾਸ ਫੈਟ, ਯੂਰੋਮਿਨ ਲਿੱਕ, ਅਤੇ ਡੇਅਰੀ ਪ੍ਰੀਮਿਕਸ ਸਮੇਤ ਉੱਚ-ਮੰਗ ਵਾਲੇ ਉਤਪਾਦਾਂ ਤੋਂ ਲਗਭਗ 23.0 ਲੱਖ ਦੀ ਪ੍ਰਭਾਵਸ਼ਾਲੀ ਵਿਕਰੀ ਕੀਤੀ। ਇਸ ਨਾਲ ਵੈਟਨਰੀ ਯੂਨੀਵਰਸਿਟੀ ਦੇ ਵਿਗਿਆਨਕ ਤੌਰ 'ਤੇ ਵਿਕਸਿਤ ਪਸ਼ੂ ਆਹਾਰ ਉਤਪਾਦਾਂ ਸੰਬੰਧੀ ਕਿਸਾਨਾਂ ਦੇ ਮਜ਼ਬੂਤ ਭਰੋਸੇ ਦਾ ਪਤਾ ਲੱਗਦਾ ਹੈ।

ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਕਿਸਾਨ ਕੇਂਦਰਿਤ ਸੇਵਾਵਾਂ, ਫੀਡ ਦੀ ਬਿਹਤਰ ਗੁਣਵੱਤਾ, ਉੱਚ ਪਸ਼ੂ ਉਤਪਾਦਕਤਾ, ਕਿਸਾਨਾਂ ਦੀ ਕਮਾਈ ਵਿੱਚ ਵਾਧਾ ਅਤੇ ਪੰਜਾਬ ਵਿੱਚ ਟਿਕਾਊ ਪਸ਼ੂਧਨ ਵਿਕਾਸ ਲਈ ਯਤਨ ਬਹੁਤ ਜ਼ਰੂਰੀ ਹਨ। ਵੈਟਨਰੀ ਯੂਨੀਵਰਸਿਟੀ ਦੀ ਪ੍ਰਭਾਵਸ਼ਾਲੀ ਭਾਗੀਦਾਰੀ ਨੇ ਇੱਕ ਵਾਰ ਫਿਰ ਕਿਸਾਨ ਭਾਈਚਾਰੇ ਲਈ ਵਿਹਾਰਕ ਲਾਭਾਂ ਦੇ ਨਾਲ ਉੱਨਤ ਵਿਗਿਆਨ ਨੂੰ ਜੋੜਨ ਲਈ ਆਪਣੀ ਵਚਨਬੱਧਤਾ ਨੂੰ ਉਜਾਗਰ ਕੀਤਾ ਹੈ। ਡਾ: ਜਸਪਾਲ ਸਿੰਘ ਹੁੰਦਲ, ਮੁਖੀ, ਪਸ਼ੂ ਆਹਾਰ ਵਿਭਾਗ ਨੇ ਦੱਸਿਆ ਕਿ ਮੇਲੇ ਵਿੱਚ ਮੁੱਖ ਆਕਰਸ਼ਨ ਫੀਡ ਅਤੇ ਚਾਰੇ ਦੇ ਨਮੂਨਿਆਂ ਦੀ ਮੁਫ਼ਤ ਜਾਂਚ ਸੇਵਾ ਸੀ, ਜਿਸ ਨੇ ਸੈਂਕੜੇ ਪਸ਼ੂ ਪਾਲਕਾਂ ਨੂੰ ਆਪਣੇ ਵੱਲ ਖਿੱਚਿਆ। ਉਨ੍ਹਾਂ ਨੇ ਪੌਸ਼ਟਿਕ ਕਮੀਆਂ ਨੂੰ ਦੂਰ ਕਰਨ, ਪਸ਼ੂਆਂ ਦੀ ਸਿਹਤ ਨੂੰ ਹੁਲਾਰਾ ਦੇਣ ਅਤੇ ਦੁੱਧ ਉਤਪਾਦਨ ਅਤੇ ਮੁਨਾਫੇ ਨੂੰ ਵਧਾਉਣ ਲਈ ਫੀਡ ਦੀ ਗੁਣਵੱਤਾ ਅਤੇ ਸੰਤੁਲਿਤ ਰਾਸ਼ਨ ਬਣਾਉਣ ਬਾਰੇ ਮਾਹਰ ਮਾਰਗਦਰਸ਼ਨ ਪ੍ਰਾਪਤ ਕੀਤਾ। ਕਿਸਾਨਾਂ ਨੇ ਇਸ ਪਹਿਲਕਦਮੀ ਨੂੰ ਲਾਭਦਾਇਕ ਡੇਅਰੀ ਫਾਰਮਿੰਗ ਲਈ ਬਹੁਤ ਮਹੱਤਵਪੂਰਨ ਦੱਸਿਆ। ਡਾ: ਰਵਿੰਦਰ ਸਿੰਘ ਗਰੇਵਾਲ, ਨਿਰਦੇਸ਼ਕ ਪਸਾਰ ਸਿੱਖਿਆ ਅਤੇ ਯੂਨੀਵਰਸਿਟੀ ਦੇ ਹੋਰ ਅਧਿਕਾਰੀਆਂ ਨੇ ਵੀ ਇਸ ਪ੍ਰਾਪਤੀ ਲਈ ਵਿਭਾਗ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਵੈਟਨਰੀ ਯੂਨੀਵਰਸਿਟੀ ਵੱਲੋਂ ਪੋਸਟਰ ਬਣਾਉਣ ਦੇ ਮੁਕਾਬਲੇ ਅਤੇ ਖ਼ੂਨਦਾਨ ਕੈਂਪ ਦਾ ਆਯੋਜਨ

ਲੁਧਿਆਣਾ, 22 ਸਤੰਬਰ (ਪੈ.ਗਾਮ-ਏ-ਜਗਤ)

ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸਿਜ਼ ਯੂਨੀਵਰਸਿਟੀ ਦੇ ਕੌਮੀ ਸੇਵਾ ਯੋਜਨਾ (ਐਨ.ਐਸ.ਐਸ.) ਵਿੰਗ ਵੱਲੋਂ ਹਫ਼ਤਾ ਭਰ ਚੱਲਣ ਵਾਲੀਆਂ ਗਤੀਵਿਧੀਆਂ ਦੌਰਾਨ ਕੈਂਪਸ ਵਿੱਚ ਪੋਸਟਰ ਬਣਾਉਣ ਦਾ ਮੁਕਾਬਲਾ, ਜਲ ਸੇਵਾ ਅਤੇ ਦੋ-ਰੋਜ਼ਾ ਖ਼ੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ।



ਪੋਸਟਰ ਬਣਾਉਣ ਦੇ ਮੁਕਾਬਲੇ ਦਾ ਵਿਸ਼ਾ' ਜੀਵਨ ਬਚਾਓ' ਸੀ। ਕੈਂਪਸ ਵਿੱਚ ਲਗਾਏ ਗਏ ਖ਼ੂਨਦਾਨ ਕੈਂਪ ਦੌਰਾਨ ਸਮਾਜ ਸੇਵਾ ਵਜੋਂ ਜਾਨਾਂ ਬਚਾਉਣ ਲਈ ਖ਼ੂਨ ਦੀਆਂ 60 ਤੋਂ ਵੱਧ ਯੂਨਿਟ ਇਕੱਠੀਆਂ ਕੀਤੀਆਂ ਗਈਆਂ।

ਡਾ. ਜਤਿੰਦਰ ਪਾਲ ਸਿੰਘ ਗਿੱਲ, ਉਪ-ਕੁਲਪਤੀ ਨੇ ਐਨ.ਐਸ.ਐਸ. ਵਲੰਟੀਅਰਾਂ ਦੀ ਹੌਸਲਾ-ਅਫਜ਼ਾਈ ਲਈ ਖ਼ੂਨਦਾਨ ਕੈਂਪ ਦਾ ਦੌਰਾ ਕੀਤਾ ਅਤੇ ਸਿਵਲ ਹਸਪਤਾਲ, ਜਗਰਾਉਂ ਦੀ ਟੀਮ ਦਾ ਧੰਨਵਾਦ ਕੀਤਾ ਜੋ ਖ਼ੂਨ ਇਕੱਠਾ ਕਰਨ ਲਈ ਉੱਥੇ ਪਹੁੰਚੀ ਸੀ।

ਸਿਵਲ ਹਸਪਤਾਲ, ਜਗਰਾਉਂ ਦੇ ਡਾ. ਜੀ.ਐਸ. ਗਰੇਵਾਲ ਨੇ ਕਿਹਾ ਕਿ ਸਾਲ ਭਰ ਨਿਰੰਤਰ ਖ਼ੂਨਦਾਨ ਕੈਂਪ ਲਗਾਉਣ ਦੀ ਲੋੜ ਹੈ। ਡਾ. ਜਸਪਾਲ ਸਿੰਘ ਹੁੰਦਲ, ਨਿਰਦੇਸ਼ਕ ਵਿਦਿਆਰਥੀ ਭਲਾਈ ਨੇ ਐਨ.ਐਸ.ਐਸ. ਵਲੰਟੀਅਰਾਂ ਵੱਲੋਂ ਕੀਤੀਆਂ ਗਈਆਂ ਲੋਕ ਭਲਾਈ ਗਤੀਵਿਧੀਆਂ ਦੀ ਸ਼ਲਾਘਾ ਕੀਤੀ ਅਤੇ ਕੈਂਪ ਦੌਰਾਨ ਸਹਿਯੋਗ ਦੇਣ ਲਈ 'ਸੰਵੇਦਨਾ ਟਰੱਸਟ' ਦਾ ਵੀ ਧੰਨਵਾਦ ਕੀਤਾ।

ਐਨ.ਐਸ.ਐਸ. ਪ੍ਰੋਗਰਾਮ ਸੰਯੋਜਕ ਡਾ. ਨਿਧੀ ਸ਼ਰਮਾ ਨੇ ਦੱਸਿਆ ਕਿ ਐਨ.ਐਸ.ਐਸ. ਵਲੰਟੀਅਰਾਂ ਨੇ ਨਾ ਸਿਰਫ਼ ਖ਼ੂਨਦਾਨ ਕੀਤਾ, ਸਗੋਂ ਖ਼ੂਨਦਾਨ ਕੈਂਪ ਦੌਰਾਨ ਆਪਣੇ ਹੱਥਾਂ ਵਿੱਚ ਪੋਸਟਰ ਫੜ ਕੇ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਅਤੇ ਕਿਸਾਨਾਂ ਨੂੰ ਖ਼ੂਨਦਾਨ ਕਰਨ ਲਈ ਪ੍ਰੇਰਿਤ ਕੀਤਾ। ਐਨ.ਐਸ.ਐਸ. ਪ੍ਰੋਗਰਾਮ ਅਧਿਕਾਰੀਆਂ - ਡਾ. ਨਿਤਿਨ ਵਾਕਚੌਰੇ, ਡਾ. ਵਿਸ਼ਾਲ ਸ਼ਰਮਾ ਅਤੇ ਡਾ. ਐਸ.ਐਸ. ਹਸਨ ਨੇ ਐਨ.ਐਸ.ਐਸ. ਵਲੰਟੀਅਰਾਂ ਨਾਲ ਮਿਲ ਕੇ 'ਪਸ਼ੂ ਪਾਲਣ ਮੇਲੇ' ਵਿੱਚ ਆਉਣ ਵਾਲੇ ਕਿਸਾਨਾਂ ਲਈ ਨਿਰੰਤਰ 'ਜਲ ਛਬੀਲ' ਦਾ ਪ੍ਰਬੰਧ ਵੀ ਕੀਤਾ।

ਵਿਸ਼ਵ ਅਲਜ਼ਾਈਮਰ ਮਹੀਨਾ : ਸ਼ੁਰੂਆਤੀ ਬਦਲਾਅ ਦੀ ਸਮੇਂ ਸਿਰ ਪਛਾਣ ਜ਼ਰੂਰੀ: ਮਾਹਰ

ਚੰਡੀਗੜ੍ਹ, 22 ਸਤੰਬਰ (ਪੈ.ਗਾਮ-ਏ-ਜਗਤ)

"ਡਿਮੈਂਸ਼ੀਆ ਉਮਰ ਵਧਣ ਦਾ ਕੋਈ ਆਮ ਹਿੱਸਾ ਨਹੀਂ ਹੈ। ਇਹ ਉਨ੍ਹਾਂ ਸਥਿਤੀਆਂ ਦੇ ਸਮੂਹ ਲਈ ਵਰਤਿਆ ਜਾਣ ਵਾਲਾ ਇੱਕ ਵਿਆਪਕ ਸ਼ਬਦ ਹੈ ਜੋ ਯਾਦਦਾਸ਼ਤ, ਸੋਚਣ ਦੀ ਸਮਰੱਥਾ, ਵਿਵਹਾਰ ਅਤੇ ਰੋਜ਼ਾਨਾ ਦੇ ਕੰਮਾਂ ਨੂੰ ਪ੍ਰਭਾਵਿਤ ਕਰਦੀਆਂ ਹਨ। ਅਲਜ਼ਾਈਮਰ ਰੋਗ ਡਿਮੈਂਸ਼ੀਆ ਦਾ ਸਭ ਤੋਂ ਆਮ ਰੂਪ ਹੈ।

ਮੈਕਸ ਸੁਪਰ ਸਪੈਸ਼ਲਿਟੀ ਹਸਪਤਾਲ, ਮੋਹਾਲੀ ਦੇ ਸੀਨੀਅਰ ਨਿਊਰੋਲੋਜੀ ਕੰਸਲਟੈਂਟ ਡਾ. ਰਾਹੁਲ ਮਹਾਜਨ ਨੇ ਦੱਸਿਆ ਕਿ ਭਾਵੇਂ ਉਮਰ ਦਾ ਵਧਣਾ ਇਸ ਦਾ ਸਭ ਤੋਂ ਵੱਡਾ ਜਾਣਿਆ-ਪਛਾਣਿਆ ਜੋਖਮ ਕਾਰਕ ਹੈ, ਪਰ ਮਾਨਸਿਕ ਸਮਰੱਥਾ ਵਿੱਚ ਗਿਰਾਵਟ ਨੂੰ ਸਿਰਫ਼ ਬੁਢਾਪੇ ਦਾ ਲਾਜ਼ਮੀ ਨਤੀਜਾ ਮੰਨ ਕੇ ਰੱਦ ਨਹੀਂ ਕੀਤਾ ਜਾਣਾ ਚਾਹੀਦਾ। ਸ਼ੁਰੂਆਤੀ ਬਦਲਾਆਂ ਨੂੰ ਸਮੇਂ ਸਿਰ ਪਛਾਣਨਾ ਅਤੇ ਯੋਗ ਡਾਕਟਰੀ ਜਾਂਚ ਕਰਵਾਉਣਾ ਇਸ ਦੇ ਕਾਰਨ ਨੂੰ ਸਮਝਣ, ਦੇਖਭਾਲ ਦੀ ਯੋਜਨਾ ਬਣਾਉਣ ਅਤੇ ਪੀੜਤ ਵਿਅਕਤੀ ਤੇ ਉਸ ਦੇ ਪਰਿਵਾਰ ਨੂੰ ਸਹਾਇਤਾ ਪ੍ਰਦਾਨ ਕਰਨ ਵਿੱਚ ਮਦਦ ਕਰ ਸਕਦਾ ਹੈ।

ਡਾ. ਮਹਾਜਨ ਨੇ ਅੱਗੇ ਕਿਹਾ ਕਿ ਸ਼ੁਰੂਆਤੀ ਲੱਛਣ ਕਈ ਵਾਰ ਬਹੁਤ ਬਾਰੀਕ ਹੋ ਸਕਦੇ ਹਨ ਅਤੇ ਉਨ੍ਹਾਂ ਨੂੰ ਆਮ ਬੁਢਾਪਾ ਸਮਝਣ ਦੀ ਭੁੱਲ ਹੋ ਸਕਦੀ ਹੈ। ਹਾਲਾਂਕਿ, ਕਦੇ-ਕਦਾਈਂ ਭੁੱਲਣ ਅਤੇ ਯਾਦਦਾਸ਼ਤ ਦੀਆਂ ਉਨ੍ਹਾਂ ਸਮੱਸਿਆਵਾਂ ਵਿਚਕਾਰ ਇੱਕ ਵੱਡਾ ਫਰਕ ਹੁੰਦਾ ਹੈ ਜੋ ਬਾਰ-ਬਾਰ ਹੋਣ ਲੱਗਦੀਆਂ ਹਨ ਅਤੇ ਰੋਜ਼ਾਨਾ ਦੀ ਜ਼ਿੰਦਗੀ ਵਿੱਚ ਰੁਕਾਵਟ ਪਾਉਂਦੀਆਂ ਹਨ।



"ਆਮ ਉਮਰ ਵਧਣ ਦੇ ਨਾਲ ਕਦੇ-ਕਦਾਈਂ ਭੁੱਲਣਾ ਹੋ ਸਕਦਾ ਹੈ। ਹਾਲਾਂਕਿ, ਲਗਾਤਾਰ ਜਾਂ ਹੌਲੀ-ਹੌਲੀ ਵਧਦੇ ਅਜਿਹੇ ਬਦਲਾਅ ਜੋ ਰੋਜ਼ਾਨਾ ਦੇ ਕੰਮਕਾਜ ਨੂੰ ਪ੍ਰਭਾਵਿਤ ਕਰਨ ਲੱਗਣ, ਉਨ੍ਹਾਂ ਨੂੰ ਅਣਦੇਖਾ ਨਹੀਂ ਕੀਤਾ ਜਾਣਾ ਚਾਹੀਦਾ।

ਡਾ. ਮਹਾਜਨ ਨੇ ਇਹ ਵੀ ਸਪੱਸ਼ਟ ਕੀਤਾ ਕਿ ਯਾਦਦਾਸ਼ਤ ਨਾਲ ਜੁੜੀ ਹਰ ਸਮੱਸਿਆ ਦਾ ਕਾਰਨ ਅਲਜ਼ਾਈਮਰ ਰੋਗ ਹੀ ਹੋਵੇ, ਇਹ ਜ਼ਰੂਰੀ ਨਹੀਂ ਹੈ। "ਮਾਨਸਿਕ ਜਾਂ ਸੰਗਿਆਨਾਤਮਕ ਅਸਮਰੱਥਾਵਾਂ ਦੇ ਹੋਰ ਵੀ ਕਈ ਕਾਰਨ ਹੋ ਸਕਦੇ ਹਨ, ਜਿਨ੍ਹਾਂ ਵਿੱਚ ਕੁਝ ਡਾਕਟਰੀ ਸਥਿਤੀਆਂ, ਦਵਾਈਆਂ, ਨੀਂਦ ਦੀਆਂ ਸਮੱਸਿਆਵਾਂ, ਡਿਪ੍ਰੈਸ਼ਨ, ਪੋਸ਼ਕ ਤੱਤਾਂ ਦੀ ਘਾਟ ਅਤੇ ਹੋਰ ਨਿਊਰੋਲੋਜੀਕਲ ਜਾਂ ਸਿਹਤ ਸੰਬੰਧੀ ਸਥਿਤੀਆਂ ਸ਼ਾਮਲ ਹਨ।

ਸਮੇਂ ਸਿਰ ਜਾਂਚ ਅਤੇ ਡਾਇਗਨੋਸਿਸ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਨਾਲ ਡਾਕਟਰਾਂ ਨੂੰ ਮਾਨਸਿਕ ਬਦਲਾਆਂ ਦੇ ਸਹੀ ਕਾਰਨ ਦਾ ਅੰਦਾਜ਼ਾ ਲਗਾਉਣ, ਜੁੜੀਆਂ ਹੋਈਆਂ ਸਿਹਤ ਸਥਿਤੀਆਂ ਦੀ ਪਛਾਣ ਕਰਨ, ਇਲਾਜ ਤੇ ਸਹਾਇਤਾ ਦੇ ਵਿਕਲਪਾਂ 'ਤੇ ਚਰਚਾ ਕਰਨ ਅਤੇ ਪਰਿਵਾਰਾਂ ਨੂੰ ਅੱਗੇ ਦੀ ਯੋਜਨਾ ਬਣਾਉਣ ਵਿੱਚ ਮਦਦ ਮਿਲਦੀ ਹੈ। ਇਹ ਪਰਿਵਾਰਾਂ ਨੂੰ ਇਸ ਸਥਿਤੀ ਨੂੰ ਬਿਹਤਰ ਢੰਗ ਨਾਲ ਸਮਝਣ ਅਤੇ ਦੇਖਭਾਲ, ਸੁਰੱਖਿਆ ਤੇ ਰੋਜ਼ਾਨਾ ਸਹਾਇਤਾ ਬਾਰੇ ਸੂਝਵਾਨ ਫੈਸਲੇ ਲੈਣ ਦੇ ਯੋਗ ਬਣਾਉਂਦਾ ਹੈ।

ਡਾ. ਮਹਾਜਨ ਨੇ ਸਲਾਹ ਦਿੱਤੀ ਕਿ ਸਾਰਿਆਂ ਨੂੰ ਸਰੀਰਕ ਤੌਰ 'ਤੇ ਸਰਗਰਮ ਰਹਿਣਾ ਚਾਹੀਦਾ ਹੈ ਅਤੇ ਇੱਕ ਸਿਹਤਮੰਦ ਵਜ਼ਨ ਬਣਾਏ ਰੱਖਣਾ ਚਾਹੀਦਾ ਹੈ।

ਸਰਲਾ ਭਟਨਾਗਰ ਨੂੰ ਸਰਵੋਤਮ ਹੋਣਹਾਰ ਪ੍ਰਿੰਸੀਪਲ ਵਜੋਂ ਸਨਮਾਨਿਤ ਕੀਤਾ

ਪਟਿਆਲਾ, 22 ਸਤੰਬਰ (ਪੈ.ਗਾਮ-ਏ-ਜਗਤ)

ਪਟਿਆਲਾ ਜ਼ਿਲ੍ਹੇ ਵਿੱਚ ਆਪਣੇ ਵਿਦਿਆਰਥੀਆਂ ਨੂੰ ਸਰਵੋਤਮ, ਅਧੁਨਿਕ ਢੰਗ ਤਰੀਕਿਆਂ ਨਾਲ ਸਿਖਿਆ, ਗਿਆਨ, ਜਾਣਕਾਰੀ ਅਤੇ ਲਿਆਕਤ ਦੇਣ, ਹਰੇਕ ਪ੍ਰਕਾਰ ਦੇ ਅੰਤਰ ਸਕੂਲ, ਜ਼ਿਲਾ ਪੱਧਰ ਦੇ ਮੁਕਾਬਲਿਆਂ ਵਿੱਚ, ਵਿਦਿਆਰਥੀਆਂ ਨੂੰ ਐਨ ਸੀ ਸੀ, ਐਨ ਐਸ ਐਸ, ਸਕਾਊਟ ਗਾਈਡ, ਫਸਟ ਏਡ, ਸੀ ਪੀ ਆਰ ਫਾਇਰ ਸੇਫਟੀ, ਆਫ਼ਤ ਪ੍ਰਬੰਧਨ ਦੀਆਂ ਟ੍ਰੇਨਿੰਗਾਂ ਦੇਕੇ ਪੀੜਤਾਂ ਦੇ ਮਦਦਗਾਰ ਫ਼ਰਿਸ਼ਤੇ ਬਣਾਉਣ ਅਤੇ ਖੇਡਾਂ ਵਿੱਚ ਰਾਸ਼ਟਰੀ ਪੱਧਰ ਤੇ ਇਨਾਮ ਜਿੱਤਣ ਹਿੱਤ ਡੈਡੀਕੇਟਿਡ ਬ੍ਰਦਰਜ਼ ਗਰੁੱਪ ਪਟਿਆਲਾ ਵਲੋਂ ਰਾਸ਼ਟਰੀ ਅਧਿਆਪਕ ਦਿਵਸ ਮੌਕੇ ਪ੍ਰਿੰਸੀਪਲ ਸ਼੍ਰੀਮਤੀ ਸਰਲਾ ਭਟਨਾਗਰ, ਵੀਰ ਹਕੀਕਤ ਰਾਏ ਮਾਡਲ ਸੀਨੀਅਰ ਸੈਕੰਡਰੀ ਸਕੂਲ ਨੂੰ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ। ਡਾਕਟਰ ਰਾਕੇਸ਼ ਵਰਮੀ, ਹਰਪ੍ਰੀਤ ਸੰਧੂ, ਡਾਕਟਰ ਰਿਸ਼ਮਾਂ ਕੌਹਲੀ ਅਤੇ ਮੁੱਖ ਮਹਿਮਾਨ ਡੀ ਐਸ ਪੀ ਰਣਬੀਰ ਸਿੰਘ ਨੇ ਕਿਹਾ ਕਿ ਅਜ ਦੇ ਸਮੇਂ ਵਿੱਚ ਵਿਦਿਆਰਥੀਆਂ ਨੂੰ ਚੰਗੇ ਢੰਗ ਤਰੀਕਿਆਂ ਨਾਲ ਸਿਖਿਆ, ਸੰਸਕਾਰਾਂ, ਮਰਿਆਦਾਵਾਂ, ਫਰਜ਼ਾਂ, ਜ਼ੁਮੇਵਾਰੀਆਂ, ਅਨੁਸ਼ਾਸਨ, ਆਗਿਆ ਪਾਲਣ, ਸਖ਼ਤ ਮਿਹਨਤ, ਇਮਾਨਦਾਰੀ ਨਾਲ ਜੋੜਣ ਅਤੇ ਵਿਦਿਆਰਥੀਆਂ ਦੇ ਆਤਮ ਵਿਸ਼ਵਾਸ, ਹੌਸਲੇ ਬੁਲੰਦ ਕਰਨ ਲਈ ਦੂਜੇ ਸਕੂਲਾਂ ਨੂੰ ਵੀਰ ਹਕੀਕਤ ਰਾਏ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਸਰਲਾ ਭਟਨਾਗਰ ਤੋਂ ਜਾਣਕਾਰੀਆਂ ਲੈਣੀਆਂ ਚਾਹੀਦੀਆਂ ਹਨ। ਤਾਂ ਜ਼ੋ ਪੰਜਾਬ ਦੇ ਬੱਚਿਆਂ ਨੂੰ ਨਸ਼ਿਆਂ, ਅਪਰਾਧਾਂ, ਐਸ਼ ਪ੍ਰਸਤੀਆ, ਮੌਜ ਮਸਤੀਆ, ਫੈਸ਼ਨਾਂ ਸੰਵਾਦਾਂ, ਲਾਲਚਾਂ ਲੁਟਮਾਰਾ ਰਾਹੀਂ ਹੋ ਰਹੀਆਂ ਤਬਾਹੀਆਂ, ਬਿਮਾਰੀਆਂ ਤੋਂ ਬਚਾਇਆ ਜਾਏ।



ਪੀ.ਸੀ.ਪੀ.ਐਨ.ਡੀ.ਟੀ. ਐਕਟ ਅਤੇ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਸਬੰਧੀ ਕੀਤਾ ਜਾਗਰੂਕਤਾ

ਬਠਿੰਡਾ 22 ਸਤੰਬਰ (ਪੈ.ਗਾਮ-ਏ-ਜਗਤ)

ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਬਠਿੰਡਾ ਵੱਲੋਂ ਪੀ.ਸੀ.ਪੀ.ਐਨ.ਡੀ.ਟੀ. ਐਕਟ ਅਤੇ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਸਬੰਧੀ ਪਰਸ ਰਾਮ ਨਗਰ ਵਿਖੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਮੌਕੇ ਲੋਕਾਂ ਨੂੰ ਭਰੂਣ ਦੇ ਲਿੰਗ ਦੀ ਜਾਂਚ ਅਤੇ ਲਿੰਗ-ਚੋਣ ਸਬੰਧੀ ਕਾਨੂੰਨੀ ਪ੍ਰਬੰਧਾਂ ਬਾਰੇ ਜਾਣਕਾਰੀ ਦਿੱਤੀ ਗਈ।



ਇਸ ਸਬੰਧੀ ਜਾਣਕਾਰੀ ਦਿੰਦਿਆ ਸਿਵਲ ਸਰਜਨ ਡਾ ਤਪਿੰਦਰਜੋਤ ਨੇ ਦੱਸਿਆ ਕਿ ਧੀਆਂ ਸਮਾਜ ਦਾ ਅਨਮੋਲ ਹਿੱਸਾ ਹਨ ਅਤੇ ਉਨ੍ਹਾਂ ਦੀ ਸੁਰੱਖਿਆ, ਸਿੱਖਿਆ ਅਤੇ ਸਨਮਾਨ ਕਰਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਦਾ ਉਦੇਸ਼ ਲੜਕੀਆਂ ਪ੍ਰਤੀ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨਾ ਅਤੇ ਉਨ੍ਹਾਂ ਨੂੰ ਬਰਾਬਰ ਦੇ ਅਧਿਕਾਰ ਦੇਣਾ ਹੈ।

ਉਹਨਾਂ ਦੱਸਿਆ ਕਿ ਜਿਲਾ ਪੱਧਰ ਤੋਂ ਰਾਜ ਪੱਧਰ ਤੱਕ ਪੀ.ਸੀ.ਪੀ.ਐਨ.ਡੀ.ਟੀ. ਐਕਟ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਕਮੇਟੀਆਂ ਦਾ ਗਠਨ ਕੀਤਾ ਗਿਆ ਹੈ। ਜੇਕਰ ਕੋਈ ਐਕਟ ਦੀ ਉਲੰਘਣਾ ਕਰਦਾ ਹੈ ਤਾਂ ਸਿਹਤ ਵਿਭਾਗ ਨੂੰ ਸੂਚਨਾ ਦਿੱਤੀ ਜਾਵੇ। ਸੂਚਨਾ ਦੇਣ ਵਾਲੇ ਨੂੰ ਇੱਕ ਲੱਖ ਰੁਪਏ ਦੀ ਰਾਸ਼ੀ ਦਿੱਤੀ ਜਾਂਦੀ ਹੈ ਅਤੇ ਉਸਦਾ ਨਾਮ ਵੀ ਗੁਪਤ ਰੱਖਿਆ ਜਾਂਦਾ ਹੈ । ਪੀ.ਸੀ.ਪੀ.ਐਨ.ਡੀ.ਟੀ. ਐਕਟ ਦੀ ਇੰਨਬਿੰਨ ਪਾਲਣਾ ਕੀਤੀ ਜਾਵੇ ਤਾਂ ਜ਼ੋ ਕਿਸੇ ਵੀ ਤਰ੍ਹਾਂ ਦੀ ਕਾਨੂੰਨੀ ਕਾਰਵਾਈ ਦਾ ਸਾਹਮਣਾ ਨਾ ਕਰਨਾ ਪਵੇ। ਉਹਨਾਂ ਦੱਸਿਆ ਕਿ ਗਰਭਵਤੀ ਔਰਤ ਦੇ ਅਲਟ੍ਰਾਸਾਉਂਡ ਲਈ ਸਿਰਫ ਮਾਹਿਰ ਡਾਕਟਰ ਹੀ ਰੈਫਰ ਕਰ ਸਕਦੇ ਹਨ। ਇਸ ਐਕਟ ਅਧੀਨ ਲਿੰਗ ਪਛਾਣ ਜਾਂ ਲਿੰਗ ਦੀ ਆਧਾਰਤ ਭਰੂਣ ਹੱਤਿਆ ਕਰਨਾ ਕਾਨੂੰਨੀ ਉਲੰਘਣਾ ਹੈ, ਜਿਸ ਲਈ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਹੈ। ਇਸ ਐਕਟ ਅਧੀਨ ਕੋਈ ਵੀ ਡਾਕਟਰ, ਲੈਬ ਜਾਂ ਜਨਮ ਪੂਰਵ ਜਾਂ ਪ੍ਰੀ-ਕਨਸੈਪਸ਼ਨ ਜਾਂਚ ਦੌਰਾਨ ਲਿੰਗ ਦੀ ਪਛਾਣ ਨਹੀਂ ਕਰ ਸਕਦੇ,ਹਰ ਕਲੀਨਿਕ ਜਾਂ ਅਲਟਰਾਸਾਉਂਡ ਸੈਂਟਰ ਨੂੰ ਰਜਿਸਟਰ ਹੋਣਾ ਲਾਜ਼ਮੀ ਹੈ, ਪੀ.ਸੀ.ਪੀ.ਐਨ.ਡੀ.ਟੀ ਐਕਟ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਜੇਲ ਦੀ ਸਜ਼ਾ ਅਤੇ ਜੁਰਮਾਨਾ ਲਗਾਇਆ ਜਾ ਸਕਦਾ ਹੈ,ਹਰ ਸੈਂਟਰ 'ਤੇ 'ਲਿੰਗ ਪਛਾਣ ਕਰਨਾ ਕਾਨੂੰਨੀ ਜੁਰਮ ਹੈ' ਦਾ ਬੋਰਡ ਲਗਾਉਣਾ ਲਾਜ਼ਮੀ ਹੈ, ਵਿਅਕਤੀਗਤ ਜਾਂ ਵਪਾਰਕ ਹਿੱਤ ਲਈ ਲਿੰਗ ਦੀ ਜਾਣਕਾਰੀ ਦੱਸਣ 'ਤੇ ਸਜ਼ਾ ਹੋ ਸਕਦੀ ਹੈ, ਲਿੰਗ ਚੋਣ ਦੀ ਵਿਗਿਆਪਨ ਕਰਨਾ, ਕਿਸੇ ਤਰੀਕੇ ਨਾਲ ਲਿੰਗ ਪਛਾਣ ਕਰਵਾਉਣ ਦੀ ਸਲਾਹ ਦੇਣਾ ਕਾਨੂੰਨੀ ਉਲੰਘਣਾ ਹੈ । ਸਾਨੂੰ ਸਕੂਲਾਂ, ਕਾਲਜਾਂ ਅਤੇ ਗ੍ਰਾਮ ਪੰਚਾਇਤਾਂ ਰਾਹੀਂ ਜਨਤਾ ਵਿੱਚ ਲਿੰਗ ਸਮਾਨਤਾ ਦੀ ਮਹੱਤਤਾ ਬਾਰੇ ਜਾਗਰੂਕਤਾ ਫੈਲਾਉਣੀ ਚਾਹੀਦੀ ਹੈ। ਬੇਟੀ ਬਚਾਓ, ਬੇਟੀ ਪੜ੍ਹਾਓ ਮੁਹਿੰਮ ਇਸ ਐਕਟ ਨਾਲ ਜੁੜੀ ਹੋਈ ਹੈ। ਇਹ ਅਨੋਖੀ ਗੱਲ ਹੈ ਕਿ ਮਨੁੱਖ ਬੱਚੀਆਂ ਨੂੰ ਜਨਮ ਤੋਂ ਪਹਿਲਾਂ ਹੀ ਮਾਰ ਦਿੰਦੇ ਹਨ।

ਬੱਚਿਆਂ ਨੂੰ ਸਿਹਤ ਸੁਰੱਖਿਆ ਬਚਾਓ ਮਦਦ ਸਬੰਧੀ ਜਾਗਰੂਕ ਕਰਨ ਲਈ ਕੁਇਜ਼ ਮੁਕਾਬਲੇ ਜ਼ਰੂਰੀ : ਡਾ. ਰਾਕੇਸ਼ ਵਰਮੀ

ਪਟਿਆਲਾ, 22 ਸਤੰਬਰ (ਪੈ.ਗਾਮ-ਏ-ਜਗਤ)

ਬੱਚਿਆਂ ਨੂੰ ਆਪਣੀ ਸੁਰੱਖਿਆ ਸਿਹਤ ਤਦੰਰੁਸਤੀ ਅਰੋਗਤਾ ਅਤੇ ਐਮਰਜੈਂਸੀ ਦੌਰਾਨ ਪੀੜਤਾਂ ਦੀ ਸਹਾਇਤਾ ਕਰਨ ਲਈ ਅੰਤਰਰਾਸ਼ਟਰੀ ਆਫ਼ਤ ਪ੍ਰਬੰਧਨ ਦਿਵਸ ਮੌਕੇ ਡੈਡੀਕੇਟਿਡ ਬ੍ਰਦਰਜ਼ ਗਰੁੱਪ ਪਟਿਆਲਾ ਦੇ ਪ੍ਰਧਾਨ ਡਾਕਟਰ ਰਾਕੇਸ਼, ਸਕੱਤਰ ਸ੍ਰੀ ਹਰਪ੍ਰੀਤ ਸੰਧੂ ਅਤੇ ਫਸਟ ਏਡ ਸੇਫਟੀ ਸਿਹਤ ਜਾਗਰੂਕਤਾ ਮਿਸ਼ਨ ਦੇ ਚੀਫ ਟ੍ਰੇਨਰ ਕਾਕਾ ਰਾਮ ਵਰਮਾ ਵਲੋਂ ਸੋਨੀ ਪਬਲਿਕ ਸਕੂਲ ਪਟਿਆਲਾ ਵਿਖੇ ਅੰਤਰ ਸਕੂਲ ਕੁਇਜ਼ ਮੁਕਾਬਲੇ, ਡਾਇਰੈਕਟਰ ਸ੍ਰੀ ਵਰਿੰਦਰ ਸਿੰਘ ਦੀ ਅਗਵਾਈ ਹੇਠ, 22 ਟੀਮਾਂ ਬਣਾਕੇ ਕਰਵਾਏ।



ਡਾਕਟਰ ਰਾਕੇਸ਼ ਵਰਮੀ ਨੇ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਛੋਟੇ ਛੋਟੇ ਬੱਚਿਆਂ ਵਲੋਂ ਜੱਜਾਂ ਵਜੋਂ ਟੀਮ ਮੈਂਬਰਾਂ ਨੂੰ 42 ਰਾਊਂਡ ਵਿੱਚ 62 ਪ੍ਰਸ਼ਨ ਪੁੱਛੇ ਜਿਨ੍ਹਾਂ ਦੀ ਵਿਆਖਿਆ ਅਤੇ ਸਬੰਧਤ ਵਿਸ਼ਿਆ ਬਾਰੇ ਸ਼੍ਰੀ ਕਾਕਾ ਰਾਮ ਵਰਮਾ ਵਲੋਂ ਵੀ ਜਾਣਕਾਰੀ ਦਿੱਤੀ ਗਈ।

ਚੈਅਰਪਰਸਨ ਸ਼੍ਰੀਮਤੀ ਅਮਰਜੀਤ ਕੌਰ, ਪ੍ਰਿੰਸੀਪਲ ਸ਼੍ਰੀਮਤੀ ਰਮਨਦੀਪ ਕੌਰ, ਕੋਆਰਡੀਨੇਟਰ ਭਾਵਨਾ ਸ਼ਰਮਾ ਅਤੇ ਸਾਲੂ ਮੈਡਮ ਨੇ ਧੰਨਵਾਦ ਕਰਦੇ ਹੋਏ ਕਿਹਾ ਕਿ ਉਨ੍ਹਾਂ ਦੇ ਛੋਟੇ ਛੋਟੇ ਬੱਚਿਆਂ ਨੂੰ ਡਾਕਟਰਾਂ, ਨਰਸਾਂ, ਐਨ ਡੀ ਆਰ ਐੱਫ ਅਤੇ ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਵਾਂਗ ਟ੍ਰੇਨਿੰਗਾਂ, ਅਭਿਆਸ ਹਨ ਕਿਉਂਕਿ ਸ਼੍ਰੀ ਕਾਕਾ ਰਾਮ ਵਰਮਾ ਜੀ ਵਲੋਂ ਸਾਰੇ ਸਕੂਲਾਂ ਵਿਖੇ ਟ੍ਰੇਨਿੰਗਾਂ ਦੇਕੇ, ਅੰਤਰ ਸਕੂਲ ਮੁਕਾਬਲੇ ਕਰਵਾਕੇ ਬੱਚਿਆਂ ਨੂੰ ਪੀੜਤਾਂ ਦੇ ਮਦਦਗਾਰ ਫ਼ਰਿਸ਼ਤੇ ਬਣਾਉਣ ਲਈ ਤਿਆਰ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਮਨੋਰੰਜਨ, ਨੱਚਣ ਟੱਪਣ, ਗੀਤ ਗਾਉਣ, ਡਾਂਸ ਕਰਨ ਸੈਰ ਸਪਾਟੇ ਨਾਲੋਂ ਬਹੁਤ ਚੰਗਾ ਜੇਕਰ ਬੱਚਿਆਂ ਅਤੇ ਉਨ੍ਹਾਂ ਰਾਹੀਂ ਮਾਪਿਆਂ ਨੂੰ ਸੇਫਟੀ ਦੇ ਨਿਯਮਾਂ, ਕਾਨੂੰਨਾਂ ਅਤੇ ਐਮਰਜੈਂਸੀ ਦੌਰਾਨ ਆਪਣੀ ਸੁਰੱਖਿਆ ਅਤੇ ਪੀੜਤਾਂ ਦੀ ਸਹਾਇਤਾ ਕਰਨ, ਸੀ ਪੀ ਆਰ, ਗੈਸਾਂ, ਬਿਜਲੀ, ਗੱਡੀਆਂ, ਪੈਟਰੋਲੀਅਮ ਪਦਾਰਥਾਂ ਅਤੇ ਸਿਲੰਡਰਾਂ ਦੀ ਵਰਤੋਂ ਬਾਰੇ ਟ੍ਰੇਨਿੰਗਾਂ, ਅਭਿਆਸ ਨਿਰੰਤਰ ਕਰਵਾਏ ਜਾਣ।

ਜੇਤੂ 16 ਵਿਦਿਆਰਥੀਆਂ ਨੂੰ ਗੋਲਡ ਮੈਡਲ ਅਤੇ 10 ਹੋਣਹਾਰ ਆਗਿਆਕਾਰੀ ਵਿਦਿਆਰਥੀਆਂ ਨੂੰ ਡੀ ਬੀ ਜੀ ਵਿਸ਼ੇਸ਼ ਇਨਾਮ ਦੇਕੇ ਸਨਮਾਨਿਤ ਕੀਤਾ ਗਿਆ।

ਸਰਕਾਰੀ ਥਰਮਲ ਪਲਾਂਟਾਂ ਦੇ ਯੂਨਿਟ ਬੰਦ ਹੋਣ ਦਾ ਡਾਇਰੈਕਟਰ (ਜਨਰੇਸ਼ਨ) ਨੇ ਕੀਤਾ ਖੰਡਨ

ਸੋਸ਼ਲ ਮੀਡੀਆ 'ਤੇ ਚੱਲ ਰਹੀਆਂ ਖ਼ਬਰਾਂ ਤੱਥਾਂ ਤੋਂ ਪਰੇ : ਇੰਜ: ਪੁਨਰਦੀਪ ਸਿੰਘ ਬਰਾੜ

ਪੈ.ਗਾਮ-ਏ-ਜਗਤ/ਪਟਿਆਲਾ 22 ਸਤੰਬਰ (ਪਰਮਜੀਤ ਸਿੰਘ ਪਰਵਾਨਾ)

ਬਿਜਲੀ ਨਿਗਮ ਦੇ ਡਾਇਰੈਕਟਰ (ਜਨਰੇਸ਼ਨ) ਪੁਨਰਦੀਪ ਸਿੰਘ ਬਰਾੜ ਨੇ ਵੱਖ-ਵੱਖ ਸੋਸ਼ਲ ਮੀਡੀਆ ਪਲੇਟਫਾਰਮਾਂ 'ਤੇ ਸਰਕਾਰੀ ਥਰਮਲ ਪਲਾਂਟਾਂ ਦੇ ਬਿਜਲੀ ਉਤਪਾਦਨ ਯੂਨਿਟਾਂ ਦੇ ਬੰਦ ਹੋਣ ਸਬੰਧੀ ਪ੍ਰਸਾਰਿਤ ਕੀਤੀਆਂ ਜਾ ਰਹੀਆਂ ਖ਼ਬਰਾਂ ਨੂੰ ਸਪੱਸ਼ਟ ਕਰਦਿਆਂ ਕਿਹਾ ਕਿ ਇਨ੍ਹਾਂ ਵਿੱਚ ਦਰਸਾਈ ਜਾ ਰਹੀ ਸਥਿਤੀ ਤੱਥਾਂ ਅਨੁਸਾਰ ਨਹੀਂ ਹੈ। ਉਨ੍ਹਾਂ ਕਿਹਾ ਕਿ ਬਿਜਲੀ ਨਿਗਮ ਦੇ ਸਾਰੇ ਚਾਲੂ ਉਤਪਾਦਨ ਯੂਨਿਟ ਆਪਣੀ ਸਮਰੱਥਾ ਅਨੁਸਾਰ ਸੂਬੇ ਦੀ ਬਿਜਲੀ ਲੋੜ ਨੂੰ ਪੂਰਾ ਕਰਨ ਵਿੱਚ ਯੋਗਦਾਨ ਪਾ ਰਹੇ ਹਨ ਅਤੇ ਸੂਬੇ ਭਰ ਵਿੱਚ ਬਿਜਲੀ ਸਪਲਾਈ ਸੁਚਾਰੂ ਢੰਗ ਨਾਲ ਜਾਰੀ ਹੈ। ਇੰਜ: ਪੁਨਰਦੀਪ ਸਿੰਘ ਬਰਾੜ ਨੇ ਦੱਸਿਆ ਕਿ ਪਹਿਲਾਂ ਤਲਵੰਡੀ ਸਾਬੋ ਥਰਮਲ ਪਲਾਂਟ ਵਿਚ ਤਕਨੀਕੀ ਖਰਾਬੀ ਕਾਰਨ ਇਕ ਯੂਨਿਟ ਅਤੇ ਰੋਪੜ ਥਰਮਲ ਪਲਾਂਟ ਦੇ ਇਕ ਯੂਨਿਟ ਤੋਂ ਬਿਜਲੀ ਦੀ ਮੰਗ ਘੱਟ ਹੋਣ ਕਾਰਨ ਉਤਪਾਦਨ ਬੰਦ ਪਿਆ ਸੀ ਪਰੰਤੂ ਹੁਣ ਤਲਵੰਡੀ ਸਾਬੋ ਅਤੇ ਰੋਪੜ ਥਰਮਲ ਪਲਾਂਟ ਦੇ ਸਾਰੇ ਯੂਨਿਟਾਂ ਤੋਂ ਬਿਜਲੀ ਉਤਪਾਦਨ ਹੋ ਰਿਹਾ ਹੈ ਜਦਕਿ ਸੂਬੇ ਦੀ ਘਟੀ ਬਿਜਲੀ ਦੀ ਮੰਗ ਕਾਰਨ ਪਹਿਲਾਂ ਵਾਂਗੂ ਰੋਪੜ ਦੇ ਥਰਮਲ ਪਲਾਂਟ ਦੇ ਇਕ ਯੂਨਿਟ ਬੰਦ ਕਰ ਦਿੱਤਾ ਜਾਂਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਇਨ੍ਹਾਂ ਯੂਨਿਟਾਂ ਦੇ ਬੰਦ ਹੋਣ ਦਾ ਕਾਰਨ ਬਿਜਲੀ ਦੀ ਘਾਟ ਜਾਂ ਬਿਜਲੀ ਸਪਲਾਈ ਵਿੱਚ ਕਿਸੇ ਤਰ੍ਹਾਂ ਦੀ ਸਮੱਸਿਆ ਨਹੀਂ ਸਗੋਂ ਸੂਬੇ ਦੀ ਬਿਜਲੀ ਦੀ ਮੰਗ 'ਤੇ ਨਿਰਭਰ ਕਰਦੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਕਿਸਾਨਾਂ ਨੂੰ ਦਿੱਤੀ ਗਈ ਵਾਧੂ ਬਿਜਲੀ ਸਪਲਾਈ ਦੇ ਤਹਿਤ ਅੱਠ ਘੰਟਿਆਂ ਦੇ ਮੁਕਾਬਲੇ ਕਿਸਾਨਾਂ ਨੂੰ ਇਸ ਵੇਲੇ ਲਗਭਗ ਦਸ ਘੰਟੇ ਬਿਜਲੀ ਸਪਲਾਈ ਮਿਲ ਰਹੀ ਹੈ। ਇਸ ਤੋਂ ਇਲਾਵਾ ਘਰੇਲੂ, ਵਪਾਰਕ ਅਤੇ ਉਦਯੋਗਿਕ ਖਪਤਕਾਰਾਂ ਲਈ ਬਿਜਲੀ ਸਪਲਾਈ ਵਿੱਚ ਕਿਸੇ ਤਰ੍ਹਾਂ ਦੀ ਕਮੀ ਨਹੀਂ ਹੈ ਅਤੇ ਇਨ੍ਹਾਂ ਸਾਰੇ ਵਰਗਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹਈਆ ਕਰਵਾਈ ਜਾ ਰਹੀ ਹੈ। ਉਨ੍ਹਾਂ ਹੋਰ ਦੱਸਿਆ ਕਿ ਸੂਬੇ ਵਿੱਚ ਬਿਜਲੀ ਦੀ ਮੰਗ ਅਤੇ ਉਪਲਬਧਤਾ ਨੂੰ ਧਿਆਨ ਵਿੱਚ ਰੱਖਦਿਆਂ ਬਿਜਲੀ ਸਪਲਾਈ ਦਾ ਸੁਚੱਜਾ ਪ੍ਰਬੰਧਨ ਕੀਤਾ ਜਾ ਰਿਹਾ ਹੈ। ਬਿਜਲੀ ਨਿਗਮ ਵੱਲੋਂ ਸੂਬੇ ਦੇ ਸਾਰੇ ਖਪਤਕਾਰਾਂ ਨੂੰ ਭਰੋਸੇਯੋਗ ਅਤੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਲਗਾਤਾਰ ਲੋੜੀਂਦੇ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਬਿਜਲੀ ਨਿਗਮ ਦੇ ਸੀਐੱਮਡੀ ਗੁਰਕੀਰਤ ਕਿਰਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸੂਬੇ ਵਿੱਚ ਬਿਜਲੀ ਸਪਲਾਈ ਪ੍ਰਬੰਧ ਨੂੰ ਸੁਚਾਰੂ, ਨਿਰੰਤਰ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਲਈ ਨਿਗਮ ਪੂਰੀ ਤਰ੍ਹਾਂ ਵਚਨਬੱਧ ਹੈ। ਇੰਜ: ਪੁਨਰਦੀਪ ਸਿੰਘ ਬਰਾੜ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਬਿਜਲੀ ਉਤਪਾਦਨ ਯੂਨਿਟਾਂ ਜਾਂ ਬਿਜਲੀ ਸਪਲਾਈ ਸਬੰਧੀ ਕਿਸੇ ਵੀ ਜਾਣਕਾਰੀ 'ਤੇ ਵਿਸ਼ਵਾਸ ਕਰਨ ਜਾਂ ਉਸ ਨੂੰ ਅੱਗੇ ਸਾਂਝਾ ਕਰਨ ਤੋਂ ਪਹਿਲਾਂ ਉਸ ਦੀ ਪੁਸ਼ਟੀ ਅਧਿਕਾਰਤ ਸਰੋਤਾਂ ਤੋਂ ਜ਼ਰੂਰ ਕੀਤੀ ਜਾਵੇ।



ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਦੇ ਜਨਰਲ ਇਜਲਾਸ ਵਿੱਚ ਵਿੱਤ ਰਿਪੋਰਟ ਸਰਵਸੰਮਤੀ ਨਾਲ ਪ੍ਰਵਾਨ

ਪਟਿਆਲਾ, 22 ਸਤੰਬਰ (ਪੈ.ਗਾਮ-ਏ-ਜਗਤ)

ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਅਰਬਨ ਅਸਟੇਟ ਫੇਸ—3 ਪਟਿਆਲਾ ਦਾ ਦੋ ਸਾਲਾ ਜਨਰਲ ਇਜਲਾਸ ਮਿਤੀ 20—09—2026 ਨੂੰ ਸ੍ਰ. ਰੇਸ਼ਮ ਸਿੰਘ ਸਿੱਧੂ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਇਆ। ਜਿਸ ਵਿੱਚ ਅਰਬਨ ਅਸਟੇਟ ਫੇਸ—1, ਫੇਸ—2 ਅਤੇ ਫੇਸ—3, ਸਲਾਰੀਆ ਵਿਹਾਰ, ਗੋਬਿੰਦ ਇਨਕਲੇਵ, ਲਤਾ ਇਨਕਲੇਵ, ਜਗਦੀਸ਼ ਇਨਕਲੇਵ, ਡੀਲਵਾਲ ਕਲੌਨੀ ਦੀਆਂ ਸੰਗਤਾਂ ਵੱਲੋਂ ਸ਼ਮੂਲੀਅਤ ਕੀਤੀ ਗਈ।



ਇਜਲਾਸ ਦੀ ਕਾਰਵਾਈ ਸ੍ਰ. ਬਲਦੇਵ ਸਿੰਘ ਸੇਖੋਂ ਸਕੱਤਰ ਵੱਲੋਂ ਬਾਖੂਬੀ ਨਿਭਾਈ ਗਈ। ਉਹਨਾਂ ਵੱਲੋਂ 01—04—2024 ਤੋਂ 31—03—2026 ਤੱਕ ਦੇ ਲੇਖੇ ਜ਼ੋਖੇ ਦੀ ਰਿਪੋਰਟ ਪੇਸ਼ ਕੀਤੀ ਗਈ ਅਤੇ ਇਸ ਤੋਂ ਇਲਾਵਾ ਪਿਛਲੇ ਦੋ ਸਾਲਾਂ ਵਿੱਚ ਗੁਰਦੁਆਰਾ ਕਮੇਟੀ ਵੱਲੋਂ ਕੀਤੇ ਗਏ ਕੰਮਾਂ ਬਾਰੇ ਵੀ ਵਿਸਥਾਰ ਸਹਿਤ ਚਾਨਣਾ ਪਾਇਆ ਗਿਆ। ਵਿੱਤ ਰਿਪੋਰਟ ਤੇ ਹਾਜਰ ਮੈਂਬਰਾਂ ਵੱਲੋਂ ਆਪੋ ਆਪਣੇ ਵਿਚਾਰ ਪੇਸ਼ ਕਰਦੇ ਹੋਏ ਵਿੱਤ ਰਿਪੋਰਟ ਤੇ ਤਸੱਲੀ ਪ੍ਰਗਟ ਕੀਤੀ ਗਈ। ਕਰਨਲ ਬੀ.ਪੀ.ਸਿੰਘ ਅਤੇ ਸ੍ਰ. ਅਮਰਜੀਤ ਸਿੰਘ ਵੱਲੋਂ ਦੱਸਿਆ ਗਿਆ ਕਿ ਇਹ ਰਿਪੋਰਟ ਬਹੁਤ ਹੀ ਮਿਹਨਤ ਅਤੇ ਲਗਨ ਨਾਲ ਤਿਆਰ ਕੀਤੀ ਗਈ ਹੈ। ਅਸੀਂ ਬਹੁਤ ਸੰਸਥਾਵਾਂ ਦੀਆਂ ਰਿਪੋਰਟਾਂ ਦੇਖੀਆਂ ਅਤੇ ਪੜੀਆਂ ਹਨ ਪਰੰਤੂ ਇਸ ਤੋਂ ਵੱਧੀਆ ਰਿਪੋਰਟ ਤਿਆਰ ਨਹੀਂ ਕੀਤੀ ਜਾ ਸਕਦੀ।

ਹਾਜਰ ਮੈਂਬਰਾਂ ਨੇ ਸਰਵ ਸੰਮਤੀ ਨਾਲ ਵਿੱਤ ਰਿਪੋਰਟ ਨੂੰ ਪ੍ਰਵਾਨ ਕੀਤਾ। ਸ੍ਰ. ਗੁਰਚਰਨ ਸਿੰਘ ਬੈਣੀਵਾਲ ਨੇ 19 ਨੁਕਤਿਆਂ ਵੱਲ ਧਿਆਨ ਦਿਵਾਇਆ। ਜਿਸ ਤੇ ਸ੍ਰ. ਬਲਦੇਵ ਸਿੰਘ ਸੇਖੋਂ ਸਕੱਤਰ ਨੇ ਇਕੱਲੇ ਇਕੱਲੇ ਨੁਕਤੇ ਦਾ ਵਿਸਥਾਰ ਸਹਿਤ ਜਵਾਬ ਦਿੱਤਾ ਅਤੇ ਹਾਜਰ ਮੈਂਬਰਾਂ ਨੇ ਸ੍ਰ. ਬਲਦੇਵ ਸਿੰਘ ਸੇਖੋਂ ਦੀ ਭਰਪੂਰ ਸ਼ਲਾਘਾ ਕੀਤੀ। ਇਸ ਉਪਰੰਤ ਸ. ਰੇਸ਼ਮ ਸਿੰਘ ਸਿੱਧੂ ਨੇ ਪੁਰਾਣੀ ਗੁਰਦੁਆਰਾ ਕਮੇਟੀ ਭੰਗ ਕਰਕੇ ਨਵੀਂ ਕਮੇਟੀ ਚੁਨਣ ਲਈ ਕਿਹਾ। ਇਜਲਾਸ ਵਿੱਚ ਹਾਜਰ ਸਾਰੇ ਮੈਂਬਰਾਂ ਨੇ ਹੱਥ ਖੜੇ ਕਰਕੇ ਪੁਰਾਣੇ ਪ੍ਰਧਾਨ ਰੇਸ਼ਮ ਸਿੰਘ ਸਿੱਧੂ ਅਤੇ ਬਲਦੇਵ ਸਿੰਘ ਸੇਖੋਂ ਸਕੱਤਰ ਨੂੰ ਨਵੀਂ ਕਮੇਟੀ ਚੁਨਣ ਦੇ ਅਧਿਕਾਰ ਦਿੱਤੇ। ਇਜਲਾਸ ਦੀ ਕਾਰਵਾਈ ਦੌਰਾਨ ਸਾਰੇ ਮੈਂਬਰਾਂ ਨੂੰ ਚਾਹ, ਸਮੋਸੇ ਅਤੇ ਮੱਠੀਆਂ ਵੀ ਵਰਤਾਈਆਂ ਗਈਆਂ। ਇਜਲਾਸ ਵਿੱਚ ਰੇਸ਼ਮ ਸਿੰਘ ਸਿੱਧੂ, ਬਲਦੇਵ ਸਿੰਘ ਸੇਖੋਂ, ਮਨਜੀਤ ਸਿੰਘ ਸ਼ਾਹੀ, ਕ੍ਰਿਪਾਲ ਸਿੰਘ ਵਿਰਕ, ਹਰਜੀਤ ਸਿੰਘ ਜੋਸ਼ਨ, ਬਲਵਿੰਦਰ ਸਿੰਘ, ਅਮਰਜੀਤ ਸਿੰਘ ਫੇਸ—2, ਦਵਿੰਦਰ ਸਿੰਘ, ਡਾ. ਗੁਰਚਰਨ ਸਿੰਘ, ਹਰਬੰਸ ਸਿੰਘ ਸੇਠੀ, ਬਲਜਿੰਦਰ ਕੌਰ, ਸਰਤਾਜ ਕੌਰ, ਦਲਵਿੰਦਰ ਕੌਰ, ਪ੍ਰੋ. ਗੁਰਦਾਸ ਸਿੰਘ, ਕਰਨਲ ਦਾਰਾ ਸਿੰਘ, ਇੰਜੀ: ਜਤਿੰਦਰ ਸਿੰਘ ਕੰਡਾ, ਗੁਰਚਰਨ ਸਿੰਘ ਸਿੱਧੂ, ਜਨਕ ਰਾਜ ਸ਼ਰਮਾ, ਜਗਮੋਹਨ ਸਿੰਘ, ਗੁਰਚਰਨ ਸਿੰਘ ਬੈਣੀਵਾਲ, ਗੁਰਸੇਵਕ ਸਿੰਘ, ਹਰਭਜਨ ਸਿੰਘ, ਜਤਿੰਦਰ ਕੌਰ ਸੇਖੋਂ, ਕਰਮਜੀਤ ਕੌਰ, ਬਲਕਾਰ ਸਿੰਘ, ਐਡਵੋਕੇਟ ਨਰਿੰਦਰ ਸਿੰਘ ਰਟੌਲ, ਨਛੱਤਰ ਸਿੰਘ ਸਿੱਧੂ, ਰਜਿੰਦਰ ਸਿੰਘ ਥਿੰਦ, ਸਰਵਜੀਤ ਸਿੰਘ ਸੈਣੀ, ਜਸਪਾਲ ਸਿੰਘ ਸਰਵਾਰਾ, ਸੁਖਵੀਰ ਸਿੰਘ ਵਾਹਲਾ, ਗੁਰਚਰਨ ਸਿੰਘ, ਕਰਨਲ ਬੀ.ਪੀ. ਸਿੰਘ, ਗੁਰਪ੍ਰੀਤ ਸਿੰਘ, ਤਰਲੋਚਨ ਸਿੰਘ, ਐਡ. ਕੁਲਵੰਤ ਸਿੰਘ, ਅਮਰਜੀਤ ਸਿੰਘ ਕਟਾਰੀਆ, ਦਲਵੀਰ ਸਿੰਘ ਵਿਰਕ, ਭੁਪਿੰਦਰ ਸਿੰਘ, ਗੁਰਬਖਸ਼ ਕੌਰ, ਰਾਜਵਿੰਦਰ ਕੌਰ, ਨਿਸ਼ਾਨ ਸਿੰਘ ਬਾਜਵਾ, ਸ਼ੇਰ ਸਿੰਘ ਵਿਰਕ, ਗੁਰਪ੍ਰੀਤ ਕੌਰ ਪੰਨੂੰ, ਜਸਬੀਰ ਕੌਰ ਸੰਧੂ, ਡਾ. ਜਸਵਿੰਦਰ ਕੌਰ, ਡਾ. ਮਲਕੀਤ ਸਿੰਘ ਮਾਨ, ਸੁਖਜਿੰਦਰ ਸਿੰਘ ਸਿੱਧੂ, ਕੁਲਵਿੰਦਰ ਸਿੰਘ ਖੰਗੂੜਾ, ਅਜੈਪਾਲ ਸਿੰਘ, ਚਮਕੌਰ ਸਿੰਘ, ਬਲਬੀਰ ਸਿੰਘ, ਮਹਿਲ ਸਿੰਘ ਸੰਧੂ, ਅਮਨਦੀਪ ਸਿੰਘ, ਹਰਦੀਪ ਸਿੰਘ ਸਿੱਧੂ ਆਦਿ ਹਾਜਰ ਸਨ।

ਕੁਰਾਲੀ ਦੀ ਸ਼ਾਨ ਬਣਿਆ 100 ਫੁੱਟ ਉੱਚਾ ਤਿਰੰਗਾ, ਪਰਮਿੰਦਰ ਸਿੰਘ ਗੋਲਡੀ ਤੇ ਬਹਾਦਰ ਸਿੰਘ ਓਕੇ ਨੇ ਕੀਤਾ ਲੋਕ ਅਰਪਣ

ਕੁਰਾਲੀ, 22 ਸਤੰਬਰ (ਪੈ.ਗਾਮ-ਏ-ਜਗਤ)

ਨਗਰ ਕੌਂਸਲ ਕੁਰਾਲੀ ਵਿਖੇ ਸਥਾਪਿਤ ਕੀਤੇ ਗਏ 100 ਫੁੱਟ ਉੱਚੇ ਰਾਸ਼ਟਰੀ ਤਿਰੰਗੇ ਨੂੰ ਪੰਜਾਬ ਯੂਥ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਪਰਮਿੰਦਰ ਸਿੰਘ ਗੋਲਡੀ ਅਤੇ ਨਗਰ ਕੌਂਸਲ ਕੁਰਾਲੀ ਦੇ ਪ੍ਰਧਾਨ ਬਹਾਦਰ ਸਿੰਘ ਓਕੇ ਵੱਲੋਂ ਸਾਂਝੇ ਤੌਰ 'ਤੇ ਰਾਸ਼ਟਰ ਅਰਪਣ ਕੀਤਾ ਗਿਆ। ਇਸ ਮੌਕੇ ਸ਼ਹਿਰ ਵਾਸੀਆਂ ਵਿੱਚ ਇਸ ਵਿਸ਼ਾਲ ਤਿਰੰਗੇ ਨੂੰ ਲੈ ਕੇ ਖਾਸਾ ਉਤਸ਼ਾਹ ਦੇਖਣ ਨੂੰ ਮਿਲਿਆ।



ਇਸ ਮੌਕੇ ਪਰਮਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਤਿਰੰਗਾ ਦੇਸ਼ ਦੀ ਸ਼ਾਨ ਅਤੇ ਹਰ ਭਾਰਤੀ ਲਈ ਮਾਣ ਦਾ ਪ੍ਰਤੀਕ ਹੈ। ਨਗਰ ਕੌਂਸਲ ਕੁਰਾਲੀ ਵਿਖੇ ਲਗਾਇਆ ਗਿਆ ਇਹ 100 ਫੁੱਟ ਉੱਚਾ ਤਿਰੰਗਾ ਸ਼ਹਿਰ ਵਿੱਚੋਂ ਲੰਘਣ ਵਾਲੇ ਲੋਕਾਂ ਨੂੰ ਦੂਰੋਂ ਵੀ ਨਜ਼ਰ ਆਵੇਗਾ ਅਤੇ ਕੁਰਾਲੀ ਦੀ ਇੱਕ ਵੱਖਰੀ ਪਹਿਚਾਣ ਬਣੇਗਾ। ਉਨ੍ਹਾਂ ਕਿਹਾ ਕਿ ਇਹ ਤਿਰੰਗਾ ਲਗਭਗ 5 ਕਿਲੋਮੀਟਰ ਦੀ ਦੂਰੀ ਤੋਂ ਦਿਖਾਈ ਦੇਣ ਦੀ ਸਮਰੱਥਾ ਰੱਖਦਾ ਹੈ, ਜੋ ਕੁਰਾਲੀ ਵਾਸੀਆਂ ਲਈ ਮਾਣ ਵਾਲੀ ਗੱਲ ਹੈ। ਨਗਰ ਕੌਂਸਲ ਪ੍ਰਧਾਨ ਬਹਾਦਰ ਸਿੰਘ ਓਕੇ ਨੇ ਪਰਮਿੰਦਰ ਸਿੰਘ ਗੋਲਡੀ ਦਾ ਸਵਾਗਤ ਕਰਦਿਆਂ ਕਿਹਾ ਕਿ 100 ਫੁੱਟ ਉੱਚਾ ਤਿਰੰਗਾ ਕੁਰਾਲੀ ਦੀ ਸ਼ਾਨ ਵਿੱਚ ਹੋਰ ਵਾਧਾ ਕਰੇਗਾ। ਉਨ੍ਹਾਂ ਕੁਰਾਲੀ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਕੌਂਸਲ ਵੱਲੋਂ ਸ਼ਹਿਰ ਦੇ ਵਿਕਾਸ ਅਤੇ ਸੁੰਦਰਤਾ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ।

ਇਸ ਤੋਂ ਬਾਅਦ ਪਰਮਿੰਦਰ ਸਿੰਘ ਗੋਲਡੀ ਨੇ ਨਗਰ ਕੌਂਸਲ ਵਿਖੇ ਕੌਂਸਲਰਾਂ ਅਤੇ ਸਮੂਹ ਕਰਮਚਾਰੀਆਂ ਨਾਲ ਮੀਟਿੰਗ ਕਰਕੇ ਸ਼ਹਿਰ ਦੇ ਵਿਕਾਸ ਕਾਰਜਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਸ਼ਹਿਰ ਦਾ ਸਰਵਪੱਖੀ ਵਿਕਾਸ ਕਰਵਾਉਣਾ ਮੁੱਖ ਉਦੇਸ਼ ਹੈ। ਉਨ੍ਹਾਂ ਕਿਹਾ ਕਿ ਕੌਂਸਲਰਾਂ ਅਤੇ ਕਰਮਚਾਰੀਆਂ ਦੇ ਸਹਿਯੋਗ ਨਾਲ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾਵੇਗਾ। ਇਸ ਮੌਕੇ ਨਗਰ ਕੌਂਸਲ ਦੀ ਮੀਤ ਪ੍ਰਧਾਨ ਸ਼੍ਰੀਮਤੀ ਸ਼ਮਾਂ ਕਾਲੀਆ, ਕਾਰਜ ਸਾਧਕ ਅਫਸਰ ਰਜਨੀਸ਼ ਸੂਦ, ਕੌਂਸਲਰ ਸ਼ਾਲੂ ਧੀਮਾਨ, ਕੌਂਸਲਰ ਡਾ. ਅਸ਼ਵਨੀ ਸ਼ਰਮਾ, ਕੌਂਸਲਰ ਰਮਾਕਾਂਤ ਕਾਲੀਆ, ਹੈਪੀ ਧੀਮਾਨ, ਸਾਬਕਾ ਕੌਂਸਲਰ ਨੰਦੀਪਾਲ ਬਾਂਸਲ, ਕੌਂਸਲਰ ਹਰਪ੍ਰੀਤ ਕੌਰ ਬਿੰਦਰਖੀਆ, ਗੁਰਸ਼ਰਨ ਸਿੰਘ ਬਿੰਦਰਖੀਆ, ਵੀਨੀਤ ਕਾਲੀਆ, ਕੌਂਸਲਰ ਡਾ. ਨੀਤੀ ਕਾਲੀਆ, ਕੌਂਸਲਰ ਪ੍ਰਦੀਪ ਰੂੜਾ, ਰਜਨੀਸ਼ ਸ਼ੁਕਲਾ, ਰਿੰਕੂ ਟੰਡਨ, ਅਮਨਦੀਪ ਸਿੰਘ ਰੌਕੀ, ਰਾਣਾ ਬਿਕਰਮ ਸਿੰਘ ਬਿੱਕਾ, ਐਸ.ਐਚ.ਓ. ਇੰਸਪੈਕਟਰ ਹਰਸ਼ ਮੋਹਨ ਗੌਤਮ ਸਮੇਤ ਸਮੂਹ ਨਗਰ ਕੌਂਸਲਰ, ਅਧਿਕਾਰੀ, ਸਮੂਹ ਸਟਾਫ਼, ਆਮ ਆਦਮੀ ਪਾਰਟੀ ਦੇ ਆਗੂ ਅਤੇ ਇਲਾਕੇ ਦੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਲਾਪਰਵਾਹੀ ਲਈ ਦੋ ਪੁਲੀਸ ਚੌਕੀ ਇੰਚਾਰਜ ਮੁਅੱਤਲ

ਪੈ.ਗਾਮ-ਏ-ਜਗਤ ਅੰਬਾਲਾ, 22 ਸਤੰਬਰ (ਆਰ.ਸਿੰਘ)

ਹਰਿਆਣਾ ਦੇ ਊਰਜਾ, ਕਿਰਤ ਅਤੇ ਆਵਾਜਾਈ ਮੰਤਰੀ ਅਨਿਲ ਵਿਜ ਨੇ ਪਿਛਲੇ ਵੀਰਵਾਰ ਨੂੰ ਅੰਬਾਲਾ ਕੈਂਟ ਵਿਧਾਨ ਸਭਾ ਦੇ ਲੋਕਾਂ ਦੀਆਂ ਸ਼ਿਕਾਇਤਾਂ ਸੁਣਦਿਆਂ ਦੋ ਚੌਕੀ ਇੰਚਾਰਜਾਂ ਨੂੰ ਮੁਅੱਤਲ ਕਰਨ ਦੇ ਹੁਕਮ ਦਿੱਤੇ ਸਨ ਜਿਨ੍ਹਾਂ ਦੀ ਪਾਲਣਾ ਕਰਦਿਆਂ ,ਸ਼ਿਕਾਇਤਾਂ ਦਾ ਨੋਟਿਸ ਲੈਂਦੇ ਹੋਏ ਪੁਲੀਸ ਸੁਪਰਡੈਂਟ ਅਜੀਤ ਸਿੰਘ ਸ਼ੇਖਾਵਤ ਨੇ ਕਾਰਵਾਈ ਕੀਤੀ ਹੈ ਅਤੇ ਦੋ ਵੱਖ-ਵੱਖ ਪੁਲੀਸ ਚੌਕੀਆਂ ਦੇ ਇੰਚਾਰਜਾਂ ਨੂੰ ਡਿਊਟੀ ਵਿੱਚ ਘੋਰ ਲਾਪਰਵਾਹੀ, ਅਨੁਸ਼ਾਸਨਹੀਣਤਾ ਅਤੇ ਉੱਚ ਅਧਿਕਾਰੀਆਂ ਦੇ ਹੁਕਮਾਂ ਦੀ ਉਲੰਘਣਾ ਕਰਨ ਲਈ ਤੁਰੰਤ ਪ੍ਰਭਾਵ ਨਾਲ ਮੁਅੱਤਲ ਕਰ ਦਿੱਤਾ ਹੈ। ਮੁਅੱਤਲੀ ਦੀ ਮਿਆਦ ਦੌਰਾਨ ਦੋਵਾਂ ਅਧਿਕਾਰੀਆਂ ਨੂੰ ਪੁਲੀਸ ਲਾਈਨ ਅੰਬਾਲਾ ਸ਼ਹਿਰ ਤਬਦੀਲ ਕਰ ਦਿੱਤਾ ਗਿਆ ਹੈ।

ਹਾਊਸਿੰਗ ਬੋਰਡ ਪੁਲੀਸ ਚੌਕੀ ਇੰਚਾਰਜ ਏਐਸਆਈ ਗੁਰਦੇਵ ਸਿੰਘ ਨੂੰ ਪੁਲੀਸ ਸੁਪਰਡੈਂਟ ਨੇ ਇੱਕ ਗੰਭੀਰ ਅਪਰਾਧ ਦੀ ਜਾਣਕਾਰੀ ਮਿਲਣ ਦੇ ਬਾਵਜੂਦ ਢਿੱਲ-ਮੱਠ ਅਤੇ ਐਫਆਈਆਰ ਦਰਜ ਕਰਨ ਵਿੱਚ ਅਸਫਲ ਰਹਿਣ ਲਈ ਮੁਅੱਤਲ ਕੀਤਾ ਹੈ ਜਦੋਂ ਕਿ ਦੂਜੀ ਕਾਰਵਾਈ ਤੋਪਖ਼ਾਨਾ ਪੁਲੀਸ ਚੌਕੀ ਦੇ ਇੰਚਾਰਜ ਏਐਸਆਈ ਸੁਖਵਿੰਦਰ ਸਿੰਘ ਵਿਰੁੱਧ ਕੀਤੀ ਗਈ ਹੈ। ਪੁਲੀਸ ਸੁਪਰਡੈਂਟ ਅਜੀਤ ਸਿੰਘ ਸ਼ੇਖਾਵਤ ਨੇ ਕਿਹਾ ਕਿ ਕਿਸੇ ਵੀ ਅਪਰਾਧ ਦੀ ਸ਼ਿਕਾਇਤ ਮਿਲਣ 'ਤੇ ਤੁਰੰਤ ਮਾਮਲਾ ਦਰਜ ਕਰਨਾ ਲਾਜ਼ਮੀ ਹੈ। ਜਿਹੜੇ ਅਧਿਕਾਰੀ ਆਪਣੇ ਫ਼ਰਜ਼ਾਂ ਵਿੱਚ ਕੋਈ ਲਾਪਰਵਾਹੀ ਦਿਖਾਉਂਦੇ ਹਨ ਅਤੇ ਜਨਤਾ ਦੀ ਗੱਲ ਸੁਣਨ ਵਿੱਚ ਅਸਫਲ ਰਹਿੰਦੇ ਹਨ, ਉਨ੍ਹਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ।

ਪੰਜਾਬ ਸਰਕਾਰ ਝੋਨੇ ਦਾ ਇੱਕ-ਇੱਕ ਦਾਣਾ ਖ਼ਰੀਦਣ ਲਈ ਵਚਨਬੱਧ : ਬਰਸਟ

• ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ



ਐਸ.ਏ.ਐਸ ਨਗਰ, 22 ਸਤੰਬਰ (ਪੈ.ਗਾਮ-ਏ-ਜਗਤ)

ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਆਗਾਮੀ ਸਾਉਣੀ ਸੀਜ਼ਨ 2026-27 ਦੌਰਾਨ ਸੂਬੇ ਦੀਆਂ ਮੰਡੀਆਂ ਵਿੱਚੋਂ ਝੋਨੇ ਦਾ ਇੱਕ-ਇੱਕ ਦਾਣਾ ਖਰੀਦਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਹ ਜਾਣਕਾਰੀ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ 1 ਅਕਤੂਬਰ, 2026 ਤੋਂ ਸ਼ੁਰੂ ਹੋਣ ਵਾਲੇ ਸਾਉਣੀ ਖਰੀਦ ਸੀਜ਼ਨ ਲਈ ਝੋਨੇ ਦੇ ਸੁਚਾਰੂ ਖਰੀਦ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਹੋਈ ਮੀਟਿੰਗ ਦੌਰਾਨ ਦਿੱਤੀ। ਸ. ਬਰਸਟ ਨੇ ਅੱਜ ਖਰੀਦ ਪ੍ਰਬੰਧਾਂ ਸਬੰਧੀ ਪੰਜਾਬ ਮੰਡੀ ਬੋਰਡ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਜ਼ਿਲ੍ਹਾ ਮੰਡੀ ਅਧਿਕਾਰੀਆਂ ਨਾਲ ਬੋਰਡ ਦੇ ਮੁੱਖ ਦਫ਼ਤਰ ਵਿਖੇ ਉੱਚ ਪੱਧਰੀ ਮੀਟਿੰਗ ਕੀਤੀ।

ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੂਬੇ ਦੀਆਂ ਸਾਰੀਆਂ 1886 ਮੰਡੀਆਂ ਅਤੇ ਖਰੀਦ ਕੇਂਦਰ ਝੋਨੇ ਦੀ ਫਸਲ ਦੀ ਖਰੀਦ ਕਰਨ ਵਾਸਤੇ ਪੁਖਤਾ ਪ੍ਰਬੰਧਾਂ ਨਾਲ ਲੈਸ ਹੋਣ ਤਾਂ ਜੋ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਅਤੇ ਵਪਾਰੀਆਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ।

ਉਨ੍ਹਾਂ ਨੇ ਅਧਿਕਾਰੀਆਂ ਨੂੰ ਮੰਡੀਆਂ ਵਿੱਚ ਸਾਫ਼-ਸਫਾਈ, ਨਿਰਵਿਘਨ ਬਿਜਲੀ ਸਪਲਾਈ, ਪੀਣ ਵਾਲੇ ਪਾਣੀ ਦੀ ਸਹੂਲਤ, ਪਖਾਨੇ ਅਤੇ ਬੈਠਣ ਸਮੇਤ ਵਿਆਪਕ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਵਿਸ਼ੇਸ਼ ਤੌਰ ਤੇ ਕਿਹਾ ਕਿ ਖਰੀਦ ਪ੍ਰਕਿਰਿਆ ਦੌਰਾਨ ਮੰਡੀਆਂ ਵਿੱਚ ਕੰਮ ਕਰਨ ਵਾਲੇ ਮਜ਼ਦੂਰਾਂ ਲਈ ਢੁਕਵੇਂ ਛਾਂਦਾਰ ਖੇਤਰ ਅਤੇ ਬੈਠਣ ਦੇ ਪ੍ਰਬੰਧ ਯਕੀਨੀ ਬਣਾਏ ਜਾਣ, ਤਾਂ ਜੋ ਉਨ੍ਹਾਂ ਦੇ ਆਰਾਮ ਅਤੇ ਤੰਦਰੁਸਤੀ ਨੂੰ ਯਕੀਨੀ ਬਣਾਇਆ ਜਾ ਸਕੇ।

ਚੇਅਰਮੈਨ ਨੇ ਦੱਸਿਆ ਕਿ ਸੀਜਨ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਕੰਟਰੋਲ ਰੂਮ ਵੀ ਸਥਾਪਿਤ ਕੀਤਾ ਜਾਵੇਗਾ, ਜੋ ਕਿ 1 ਅਕਤੂਬਰ ਤੋਂ ਸ਼ੁਰੂ ਹੋਵੇਗਾ। ਕੰਟਰੋਲ ਰੂਮ ਵਿੱਚ ਟੈਲੀਫੋਨ ਨੰ. 0172-5101649 ਅਤੇ 0172-5101704 ਤੇ ਸੰਪਰਕ ਕੀਤਾ ਜਾ ਸਕੇਗਾ, ਤਾਂ ਜੋ ਸੀਜਨ ਦੌਰਾਨ ਸਮੱਸਿਆਵਾਂ ਦਾ ਤੁਰੰਤ ਨਿਪਟਾਰਾ ਕੀਤਾ ਜਾ ਸਕੇ।

ਸ. ਬਰਸਟ ਨੇ ਸਮੂਹ ਜਿਲ੍ਹਾ ਮੰਡੀ ਅਫ਼ਸਰਾਂ ਨੂੰ ਪੂਰੀ ਤਨਦੇਹੀ ਨਾਲ ਮੰਡੀਆਂ ਵਿੱਚ ਝੋਨੇ ਦੀ ਖਰੀਦ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਸੀਜਨ ਦੌਰਾਨ ਮੰਡੀਆਂ ਅਤੇ ਖਰੀਦ ਕੇਂਦਰਾਂ ਵਿੱਚ ਝੋਨੇ ਦੀ ਖਰੀਦ ਦੇ ਪੁਖਤਾਂ ਪ੍ਰਬੰਧ ਕਰਕੇ ਚੰਗੀ ਕਾਰਗੁਜਾਰੀ ਦੀ ਮਿਸਾਲ ਕਾਇਮ ਕੀਤੀ ਜਾਵੇ, ਤਾਂ ਜੋ ਕਿਸਾਨ ਵੀ ਖੁਸ਼ੀ-ਖੁਸ਼ੀ ਆਪਣੀਆਂ ਫਸਲਾਂ ਨੂੰ ਬਿਨਾਂ ਕਿਸੇ ਔਕੜ ਤੋਂ ਵੇਚ ਸਕਣ। ਉਨ੍ਹਾਂ ਨੇ ਮੁੱਖ ਦਫ਼ਤਰ ਦੇ ਅਧਿਕਾਰੀਆਂ ਅਤੇ ਜ਼ਿਲ੍ਹਾ ਮੰਡੀ ਅਫਸਰਾਂ ਨੂੰ ਹਦਾਇਤ ਕੀਤੀ ਕਿ ਉਹ ਨਿੱਜੀ ਤੌਰ 'ਤੇ ਮੰਡੀਆਂ ਦਾ ਦੌਰਾ ਕਰਨ, ਜ਼ਮੀਨੀ ਪੱਧਰ 'ਤੇ ਸਥਿਤੀ ਦੀ ਨਿਰੰਤਰ ਨਿਗਰਾਨੀ ਰੱਖਣ ਤਾਂ ਜੋ ਕਿਸੇ ਵੀ ਸਮੱਸਿਆ ਨੂੰ ਤੁਰੰਤ ਹੱਲ ਕੀਤਾ ਜਾ ਸਕੇ।

ਇਸ ਮੌਕੇ ਸ੍ਰੀ ਕੁਮਾਰ ਅਮਿਤ (ਆਈ.ਏ.ਐਸ.) ਸਕੱਤਰ ਪੰਜਾਬ ਮੰਡੀ ਬੋਰਡ, ਸ. ਹਰਜੀਤ ਸਿੰਘ ਸੰਧੂ (ਪੀ.ਸੀ.ਐਸ.) ਸੰਯੁਕਤ ਸਕੱਤਰ, ਸ. ਗੁਰਿੰਦਰ ਸਿੰਘ ਚੀਮਾ ਮੁੱਖ ਇੰਜੀਨੀਅਰ, ਸ. ਅਮਨਦੀਪ ਸਿੰਘ ਮੁੱਖ ਇੰਜੀਨੀਅਰ ਸਮੇਤ ਸਮੂਹ ਡਿਪਟੀ ਜਨਰਲ ਮੈਨੇਜਰ ਅਤੇ ਜਿਲ੍ਹਾ ਮੰਡੀ ਅਫ਼ਸਰ ਹਾਜਰ ਰਹੇ।

ਸਿਹਤ ਵਿਭਾਗ ਬਠਿੰਡਾ ਵੱਲੋਂ ਅੰਗਹੀਣਤਾ ਸਰਟੀਫਿਕੇਟ ਬਣਾਉਣ ਸਬੰਧੀ ਵਿਸ਼ੇਸ਼ ਜਾਣਕਾਰੀ

ਬਠਿੰਡਾ, 22 ਸਤੰਬਰ (ਪੈ.ਗਾਮ-ਏ-ਜਗਤ)

ਸਿਵਲ ਸਰਜਨ ਬਠਿੰਡਾ ਡਾ ਤਪਿੰਦਰਜੋਤ ਵੱਲੋਂ ਅੰਗਹੀਣ ਸਰਟੀਫਿਕੇਟ ਸਬੰਧੀ ਜਾਣਕਾਰੀ ਦਿੱਤੀ ਗਈ । ਉਹਨਾਂ ਜਾਣਕਾਰੀ ਦਿੰਦਿਆ ਦੱਸਿਆ ਕਿ ਜਿਸ ਅੰਗਹੀਣ ਵਿਅਕਤੀ ਨੂੰ ਅਪੰਗਤਾ ਸਰਟੀਫ਼ਿਕੇਟ ਜਾਰੀ ਨਹੀਂ ਹੋਇਆ ਉਹ ਵਿਅਕਤੀ ਜਿਲ੍ਹਾ ਦਿਵਿਆਂਗਜਣ ਕੇਂਦਰ (ਵਨ ਸਟਾਪ ਕੇਂਦਰ) ਸਿਵਲ ਹਸਪਤਾਲ ਬਠਿੰਡਾ, ਸਰਕਾਰੀ ਹਸਪਤਾਲ ਰਾਮਪੁਰਾ ਫੂਲ ਅਤੇ ਤਲਵੰਡੀ ਸਾਬੋ ਵਿਖੇ ਸਪੈਸ਼ਲਿਸਟ ਡਾਕਟਰ ਕੋਲ ਆਪਣੀ ਪਾਸਪੋਰਟ ਸਾਈਜ ਫੋਟੋ, ਆਧਾਰ ਕਾਰਡ ਅਤੇ ਰਜਿਸਟਰਡ ਮੋਬਾਇਲ ਨੰਬਰ ਸਮੇਤ ਪੇਸ਼ ਹੋ ਸਕਦਾ ਹੈ। ਇਸ ਉਪਰੰਤ ਵਿਅਕਤੀ ਰਜਿਸਟਰਡ ਮੋਬਾਈਲ ਤੇ ਮੈਸਜ ਮਿਲਣ ਤੇ ਸਰਟੀਫਿਕੇਟ ਡਾਊਨਲੋਡ ਕਰ ਸਕਦਾ ਹੈ। ਇਸ ਤਰ੍ਹਾਂ ਸਰਕਾਰ ਵੱਲੋਂ ਪੰਜੀਕ੍ਰਿਤ ਕੰਪਨੀ ਵੱਲੋਂ ਤਿਆਰ ਕਾਰਡ ਲਗਭਗ ਪੰਦਰਾਂ ਦਿਨਾਂ ਵਿੱਚ ਰਿਹਾਇਸੀ ਪਤੇ ਤੇ ਪਹੁੰਚ ਜਾਂਦਾ ਹੈ। ਉਹਨਾਂ ਹੋਰ ਜਾਣਕਾਰੀ ਦਿੰਦਿਆ ਦੱਸਿਆ ਕਿ ਪਹਿਲਾਂ ਹੀ ਬਣੇ ਅੰਗਹੀਣ ਸਰਟੀਫਿਕੇਟ ਨੂੰ ਆਨ ਲਾਈਨ ਕਰਵਾਉਣ ਜਾਂ ਯੂ.ਡੀ.ਆਈ.ਡੀ. ਕਾਰਡ ਬਣਾਉਣ ਲਈ ਯੂਨੀਕ ਡਿਸਇਬੇਲਿਟੀ ਆਈ ਡੀ ਦੀ ਸਾਈਟ ਤੇ ਆਧਾਰ ਕਾਰਡ, ਇਕ ਫੋਟੋ ਅਤੇ ਅੰਗਹੀਣ ਸਰਟੀਫਿਕੇਟ ਦੀ ਕਾਪੀ ਸਮੇਤ ਲੋੜੀਂਦੀ ਜਾਣਕਾਰੀ ਅਪਲੋਡ ਕਰਕੇ ਘਰ ਬੈਠੇ ਹੀ ਪ੍ਰਾਪਤ ਕਰ ਸਕਦਾ ਹੈ।



ਇਸ ਸੰਬੰਧੀ ਨੇੜਲੇ ਸੇਵਾ ਕੇਂਦਰ ਵਿੱਚ ਵੀ ਇਹ ਸੇਵਾਵਾਂ ਪ੍ਰਾਪਤ ਹਨ। ਜਿਲ੍ਹਾ ਦਿਵਿਆਂਗਜਣ ਕੇਂਦਰ ਸਿਵਲ ਹਸਪਤਾਲ ਬਠਿੰਡਾ ਵਿਖੇ 80 ਪ੍ਰਤੀਸਤ ਅਪੰਗਤਾ ਵਾਲੇ ਵਿਅਕਤੀ ਸਹਾਇਕ ਯੰਤਰ ਲਈ ਜਿਵੇ ਵਿਸ਼ੇਸ ਮੋਟਰਾਇਜ ਟਰਾਈ ਸਾਈਕਲ, ਵੀਲ ਚੇਅਰ, ਰੋਲੇਟਰ, ਟਰਾਈ ਸਾਈਕਲ ,ਕੰਨਾਂ ਵਾਲੀਆਂ ਮਸ਼ੀਨਾਂ ਆਦਿ ਪ੍ਰਾਪਤ ਕਰਨ ਲਈ ਅਰਜੀ ਦੇ ਸਕਦੇ ਹਨ।

ਚਤਾਮਲੀ ਵਿਖੇ 5 ਅਕਤੂਬਰ ਤੋਂ ਦੋ ਹਫ਼ਤਿਆਂ ਦਾ ਡੇਅਰੀ ਸਿਖਲਾਈ ਪ੍ਰੋਗਰਾਮ

ਸਾਹਿਬਜ਼ਾਦਾ ਅਜੀਤ ਸਿੰਘ ਨਗਰ, 22 ਸਤੰਬਰ (ਪੈ.ਗਾਮ-ਏ-ਜਗਤ)

ਡੇਅਰੀ ਵਿਕਾਸ ਵਿਭਾਗ ਪੰਜਾਬ ਵੱਲੋਂ ਡੇਅਰੀ ਸਿਖਲਾਈ ਅਤੇ ਵਿਸਥਾਰ ਕੇਂਦਰ, ਚਤਾਮਲੀ ਵਿਖੇ 5 ਅਕਤੂਬਰ 2026 ਤੋਂ ਦੋ ਹਫ਼ਤਿਆਂ ਦਾ ਡੇਅਰੀ ਸਿਖਲਾਈ ਪ੍ਰੋਗਰਾਮ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਐਸ.ਏ.ਐਸ. ਨਗਰ ਸ੍ਰੀ ਹਰਵੰਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਐਸ.ਏ.ਐਸ. ਨਗਰ ਨਾਲ ਸਬੰਧਿਤ 18 ਤੋਂ 55 ਸਾਲ ਦੀ ਉਮਰ ਦੇ ਚਾਹਵਾਨ ਵਿਅਕਤੀਆਂ ਨੂੰ ਡੇਅਰੀ ਫਾਰਮਿੰਗ ਸਬੰਧੀ ਤਕਨੀਕੀ ਅਤੇ ਵਿਹਾਰਕ ਸਿਖਲਾਈ ਦਿੱਤੀ ਜਾਵੇਗੀ।

ਉਨ੍ਹਾਂ ਕਿਹਾ ਕਿ ਚਾਹਵਾਨ ਸਿਖਿਆਰਥੀ ਵਧੇਰੇ ਜਾਣਕਾਰੀ ਲਈ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਐਸ.ਏ.ਐਸ. ਨਗਰ ਵਿਖੇ ਸੰਪਰਕ ਕਰ ਸਕਦੇ ਹਨ। ਇਸ ਤੋਂ ਇਲਾਵਾ 82210-24797 ਅਤੇ 70099-82900 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

ਐਮ.ਐਲ.ਏ. ਕੁਲਜੀਤ ਸਿੰਘ ਰੰਧਾਵਾ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਲਾਲੜੂ ਤੋਂ ਸੰਗਤਾਂ ਦੀਆਂ ਬੱਸਾਂ ਅੰਮ੍ਰਿਤਸਰ ਲਈ ਰਵਾਨਾ



ਲਾਲੜੂ, 22 ਸਤੰਬਰ (ਪੈ.ਗਾਮ-ਏ-ਜਗਤ)

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਡੇਰਾਬੱਸੀ ਦੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਵੱਲੋਂ ਲਾਲੜੂ ਦੇ ਵਾਰਡ ਨੰਬਰ 7 ਅਤੇ ਵਾਰਡ ਨੰਬਰ 17 ਤੋਂ ਸੰਗਤਾਂ ਨੂੰ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਬੱਸਾਂ ਰਵਾਨਾ ਕੀਤੀਆਂ ਗਈਆਂ। ਇਸ ਮੌਕੇ ਯਾਤਰਾ ਦੀ ਸਫਲਤਾ ਅਤੇ ਸੰਗਤਾਂ ਦੀ ਸੁਖਦ ਯਾਤਰਾ ਲਈ ਅਰਦਾਸ ਵੀ ਕੀਤੀ ਗਈ।

ਇਸ ਮੌਕੇ ਵਾਰਡ ਨੰਬਰ 7 ਤੋਂ 145ਵੀਂ ਅਤੇ ਵਾਰਡ ਨੰਬਰ 17 ਤੋਂ 146ਵੀਂ ਅਤੇ 147ਵੀਂ ਬੱਸ ਰਾਹੀਂ ਸੰਗਤਾਂ ਨੂੰ ਯਾਤਰਾ ਲਈ ਰਵਾਨਾ ਕੀਤਾ ਗਿਆ। ਬੱਸਾਂ ਵਿੱਚ ਯਾਤਰੀਆਂ ਲਈ ਬੈਠਣ, ਪੀਣ ਵਾਲੇ ਪਾਣੀ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਦਾ ਪ੍ਰਬੰਧ ਕੀਤਾ ਗਿਆ। ਯਾਤਰਾ ਨੂੰ ਲੈ ਕੇ ਸੰਗਤਾਂ ਵਿੱਚ ਵਿਸ਼ੇਸ਼ ਉਤਸ਼ਾਹ ਦੇਖਣ ਨੂੰ ਮਿਲਿਆ। ਸੰਗਤਾਂ ਨੇ ਇਸ ਪਹਿਲਕਦਮੀ ਲਈ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਯਾਤਰਾ ਰਾਹੀਂ ਉਨ੍ਹਾਂ ਨੂੰ ਧਾਰਮਿਕ ਅਤੇ ਇਤਿਹਾਸਕ ਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਯੋਜਨਾਵਾਂ ਨਾਲ ਹਰ ਵਰਗ ਦੇ ਲੋਕਾਂ ਨੂੰ ਸੂਬੇ ਦੇ ਮਹੱਤਵਪੂਰਨ ਧਾਰਮਿਕ ਸਥਾਨਾਂ ਨਾਲ ਜੁੜਨ ਦਾ ਮੌਕਾ ਮਿਲਦਾ ਹੈ।

ਇਸ ਮੌਕੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦਾ ਉਦੇਸ਼ ਸੰਗਤਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਵਾਉਣਾ ਅਤੇ ਉਨ੍ਹਾਂ ਦੀ ਯਾਤਰਾ ਨੂੰ ਸੁਵਿਧਾਜਨਕ ਬਣਾਉਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਅਜਿਹੇ ਉਪਰਾਲੇ ਲਗਾਤਾਰ ਕੀਤੇ ਜਾ ਰਹੇ ਹਨ। ਇਸ ਮੌਕੇ ਨਗਰ ਕੌਂਸਲ ਲਾਲੜੂ ਦੇ ਪ੍ਰਧਾਨ ਸ. ਜੋਰਾਵਰ ਸਿੰਘ, ਕੌਂਸਲਰ ਸ੍ਰੀਮਤੀ ਪੂਜਾ ਰਾਣੀ, ਸ੍ਰੀ ਬਿਕਰਮ ਸਿੰਘ, ਸ. ਪ੍ਰਦੀਪ ਸਿੰਘ ਮਨੀ ਰੰਗੀ ਸਮੇਤ ਹੋਰ ਆਗੂ ਅਤੇ ਪਤਵੰਤੇ ਹਾਜ਼ਰ ਸਨ।

ਜਨਗਣਨਾ-2027 ਫੇਜ਼-99 ਸਬੰਧੀ ਫੀਲਡ ਟ੍ਰੇਨਰਾਂ ਦੀ ਤਿੰਨ ਰੋਜ਼ਾ ਸਿਖਲਾਈ ਸ਼ੁਰੂ



ਸਾਹਿਬਜ਼ਾਦਾ ਅਜੀਤ ਸਿੰਘ ਨਗਰ, 22 ਸਤੰਬਰ (ਪੈ.ਗਾਮ-ਏ-ਜਗਤ)

ਜਨਗਣਨਾ-2027 ਦੇ ਫੇਜ਼-99 (ਆਬਾਦੀ ਗਿਣਤੀ) ਦੇ ਸੁਚਾਰੂ ਅਤੇ ਸਹੀ ਢੰਗ ਨਾਲ ਸੰਚਾਲਨ ਲਈ ਫੀਲਡ ਟ੍ਰੇਨਰਾਂ (ਐਫ.ਟੀਜ਼) ਦੀ ਤਿੰਨ ਰੋਜ਼ਾ ਸਿਖਲਾਈ ਅੱਜ ਡਿਪਟੀ ਕਮਿਸ਼ਨਰ ਕੰਪਲੈਕਸ, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਕਾਨਫਰੰਸ ਹਾਲ ਵਿਖੇ ਸ਼ੁਰੂ ਹੋਈ। ਇਹ ਸਿਖਲਾਈ ਪ੍ਰੋਗਰਾਮ ਪ੍ਰਿੰਸੀਪਲ ਸੈਂਸਸ ਅਫ਼ਸਰ (ਪੀ.ਸੀ.ਓ.), ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੀ ਨਿਗਰਾਨੀ ਹੇਠ ਕਰਵਾਇਆ ਜਾ ਰਿਹਾ ਹੈ। ਨੈਸ਼ਨਲ ਟ੍ਰੇਨਰਾਂ ਵੱਲੋਂ ਸਿਖਲਾਈ ਪ੍ਰਾਪਤ ਦੋ ਮਾਸਟਰ ਟ੍ਰੇਨਰਾਂ ਵੱਲੋਂ ਫੀਲਡ ਟ੍ਰੇਨਰਾਂ ਨੂੰ ਸਿਖਲਾਈ ਦਿੱਤੀ ਜਾ ਰਹੀ ਹੈ।

ਵਧੀਕ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਸੈਂਸਸ ਅਫ਼ਸਰ ਸ੍ਰੀਮਤੀ ਗੀਤਿਕਾ ਸਿੰਘ ਨੇ ਸਿਖਲਾਈ ਪ੍ਰੋਗਰਾਮ ਦਾ ਉਦਘਾਟਨ ਕਰਦਿਆਂ ਫੀਲਡ ਟ੍ਰੇਨਰਾਂ ਨੂੰ ਆਪਣੀਆਂ ਜ਼ਿੰਮੇਵਾਰੀਆਂ ਪੂਰੀ ਇਮਾਨਦਾਰੀ, ਸਟੀਕਤਾ ਅਤੇ ਟੀਮ ਭਾਵਨਾ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਜਨਗਣਨਾ ਦੇ ਕੰਮ ਨੂੰ ਸੁਚਾਰੂ, ਪਾਰਦਰਸ਼ੀ ਅਤੇ ਸਹੀ ਢੰਗ ਨਾਲ ਨੇਪਰੇ ਚਾੜ੍ਹਨ ਲਈ ਹਰੇਕ ਪੱਧਰ 'ਤੇ ਬਿਹਤਰ ਤਾਲਮੇਲ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਨਾ ਜ਼ਰੂਰੀ ਹੈ।

ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਕੁੱਲ 76 ਫੀਲਡ ਟ੍ਰੇਨਰਾਂ ਨੂੰ ਦੋ ਬੈਚਾਂ ਵਿੱਚ ਸਿਖਲਾਈ ਦਿੱਤੀ ਜਾ ਰਹੀ ਹੈ। ਪਹਿਲੇ ਬੈਚ ਦੀ ਸਿਖਲਾਈ ਅੱਜ ਡਿਪਟੀ ਕਮਿਸ਼ਨਰ ਦਫ਼ਤਰ ਵਿਖੇ ਸ਼ੁਰੂ ਹੋਈ, ਜਦਕਿ ਦੂਜੇ ਬੈਚ ਦੀ ਸਿਖਲਾਈ ਨਗਰ ਨਿਗਮ ਦਫ਼ਤਰ ਵਿਖੇ ਕਰਵਾਈ ਜਾਵੇਗੀ। ਸਿਖਲਾਈ ਪੂਰੀ ਹੋਣ ਉਪਰੰਤ ਇਹ ਫੀਲਡ ਟ੍ਰੇਨਰ ਅੱਗੇ ਐਨੂਮੇਰੇਟਰਾਂ ਅਤੇ ਸੁਪਰਵਾਈਜ਼ਰਾਂ ਨੂੰ ਸਿਖਲਾਈ ਦੇਣਗੇ, ਜੋ ਜ਼ਿਲ੍ਹੇ ਵਿੱਚ ਆਬਾਦੀ ਗਿਣਤੀ ਦੇ ਮੈਦਾਨੀ ਪੱਧਰ 'ਤੇ ਅਸਲ ਕਾਰਜ ਨੂੰ ਅੰਜਾਮ ਦੇਣ ਵਾਲੀ ਟੀਮ ਹੋਵੇਗੀ।

ਸ੍ਰੀਮਤੀ ਗੀਤਿਕਾ ਸਿੰਘ ਨੇ ਦੱਸਿਆ ਕਿ 22 ਤੋਂ 24 ਸਤੰਬਰ 2026 ਤੱਕ ਚੱਲਣ ਵਾਲੀ ਇਸ ਤਿੰਨ ਰੋਜ਼ਾ ਸਿਖਲਾਈ ਦੌਰਾਨ ਆਬਾਦੀ ਗਿਣਤੀ ਨਾਲ ਸਬੰਧਤ ਸਾਰੇ ਅਹਿਮ ਪਹਿਲੂਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ। ਸਿਖਲਾਈ ਦੌਰਾਨ ਗਿਣਤੀ ਦੇ ਸਮੇਂ ਪੁੱਛੇ ਜਾਣ ਵਾਲੇ 40 ਸਵਾਲਾਂ, ਉਨ੍ਹਾਂ ਨੂੰ ਸਹੀ ਢੰਗ ਨਾਲ ਪੁੱਛਣ ਦੀ ਪ੍ਰਕਿਰਿਆ ਅਤੇ ਸਹੀ ਜਨਗਣਨਾ ਅੰਕੜੇ ਇਕੱਤਰ ਕਰਨ ਵਿੱਚ ਇਨ੍ਹਾਂ ਸਵਾਲਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਜਾਵੇਗੀ।

ਇਸ ਤੋਂ ਇਲਾਵਾ ਸਿਖਲਾਈ ਵਿੱਚ ਪਾਪੂਲੇਸ਼ਨ ਐਨੂਮੇਰੇਸ਼ਨ (ਪੀ.ਈ.) ਮੋਬਾਈਲ ਐਪ ਦੀ ਵਰਤੋਂ ਅਤੇ ਐਨੂਮੇਰੇਸ਼ਨ ਬਲਾਕ ਦੇ ਲੇਆਊਟ ਮੈਪ ਤਿਆਰ ਕਰਨ ਸਬੰਧੀ ਪ੍ਰੈਕਟੀਕਲ ਸਿਖਲਾਈ ਵੀ ਦਿੱਤੀ ਜਾ ਰਹੀ ਹੈ, ਤਾਂ ਜੋ ਫੀਲਡ ਟ੍ਰੇਨਰ ਅੱਗੇ ਐਨੂਮੇਰੇਟਰਾਂ ਅਤੇ ਸੁਪਰਵਾਈਜ਼ਰਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸਿਖਲਾਈ ਦੇ ਸਕਣ।

ਮਾਸਟਰ ਟ੍ਰੇਨਰ ਸ੍ਰੀ ਮੁਕੇਸ਼ ਕੁਮਾਰ ਅਤੇ ਸ੍ਰੀ ਵਿਸ਼ਾਲ ਦੂਮੜਾ ਵੱਲੋਂ ਫੀਲਡ ਟ੍ਰੇਨਰਾਂ ਨੂੰ ਸਿਖਲਾਈ ਦਿੱਤੀ ਜਾ ਰਹੀ ਹੈ। ਇਸ ਮੌਕੇ ਸ੍ਰੀ ਰਣਜੀਤ ਸਿੰਘ, ਏ.ਆਰ.ਓ., ਮੋਹਾਲੀ ਤੋਂ ਇਲਾਵਾ ਪੀ.ਸੀ.ਓ. ਪੱਧਰ 'ਤੇ ਸੈਂਸਸ ਸੈੱਲ ਦੇ ਸਟਾਫ਼ ਮੈਂਬਰ ਸ੍ਰੀਮਤੀ ਸਰਬਜੀਤ ਕੌਰ, ਸ੍ਰੀਮਤੀ ਰਿਪਲਦੀਪ ਕੌਰ ਅਤੇ ਸ੍ਰੀਮਤੀ ਅੰਮ੍ਰਿਤਪ੍ਰੀਤ ਕੌਰ ਵੀ ਹਾਜ਼ਰ ਸਨ।

ਇਹ ਸਿਖਲਾਈ ਪ੍ਰੋਗਰਾਮ ਇਸ ਤੋਂ ਪਹਿਲਾਂ 15 ਅਤੇ 16 ਸਤੰਬਰ 2026 ਨੂੰ ਇਸੇ ਸਥਾਨ 'ਤੇ ਕਰਵਾਈ ਗਈ ਚਾਰਜ ਅਫ਼ਸਰਾਂ ਅਤੇ ਹੋਰ ਸਬੰਧਤ ਅਧਿਕਾਰੀਆਂ ਦੀ ਦੋ ਰੋਜ਼ਾ ਸਿਖਲਾਈ ਤੋਂ ਬਾਅਦ ਕਰਵਾਇਆ ਜਾ ਰਿਹਾ ਹੈ। ਫੀਲਡ ਟ੍ਰੇਨਰਾਂ ਦੀ ਇਹ ਤਿੰਨ ਰੋਜ਼ਾ ਸਿਖਲਾਈ 24 ਸਤੰਬਰ 2026 ਨੂੰ ਸੰਪੰਨ ਹੋਵੇਗੀ।

ਸਮਾਜ ਸੇਵੀ ਸ਼ਿਵਕੁਮਾਰ ਗਰਗ ਵੱਲੋਂ ਆਪਣੇ ਪਿਤਾ ਜੀ ਲਖਮੀਚੰਦ ਦੀ ਬਰਸੀ 'ਤੇ ਮਾਂ ਦੀ ਰਸੋਈ ਵਿੱਚ ਕੀਤੀ ਲੰਗਰ ਸੇਵਾ



ਪੈਗਾਮ-ਏ-ਜਗਤ ਰਤੀਆ, 22 ਸਤੰਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

ਸਮਾਜ ਸੇਵੀ ਸ਼ਿਵਕੁਮਾਰ ਗਰਗ ਜੀ ਨੇ ਆਪਣੇ ਪਿਤਾ ਜੀ ਦੀ ਬਰਸੀ ਦੇ ਮੌਕੇ 'ਤੇ ਅੱਜ ਮਾਂ ਦੀ ਰਸੋਈ ਵਿੱਚ ਲੰਗਰ ਸੇਵਾ ਕੀਤੀ। ਉੱਥੇ ਸੇਵਾ ਕਰਨ ਵਾਲੇ ਸੇਵਕਾਂ ਅਤੇ ਮੁੱਖ ਸੇਵਾਦਾਰ ਰਾਜੂ ਮਹਿਤਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਂ ਦੀ ਰਸੋਈ ਵਿੱਚ ਹਰ ਰੋਜ਼ ਲਗਭਗ 500 ਤੋਂ 600 ਲੋਕ ਖਾਣਾ ਖਾਂਦੇ ਹਨ, ਉਨ੍ਹਾਂ ਕਿਹਾ ਕਿ ਸਾਡਾ ਮੁੱਖ ਮਕਸਦ ਹੀ ਲੋਕਾਂ ਦੀ ਸੇਵਾ ਕਰਨਾ ਹੈ 'ਭੁੱਖੇ ਨੂੰ ਅੰਨ ਪਿਆਸੇ ਨੂੰ ਪਾਣੀ ਜੈ ਹੋ ਬਾਬਾ ਬਰਫਾਨੀ' ਦੇ ਮਕਸਦ ਨੂੰ ਲੈ ਕੇ ਹੀ ਮਾਂ ਦੀ ਰਸੋਈ ਦਾ ਸੰਚਾਲਨ ਨਿਰੰਤਰ ਲੋਕਾਂ ਦੇ ਸਹਿਯੋਗ ਨਾਲ ਜਾਰੀ ਹੈ। ਇਸ ਮੌਕੇ 'ਤੇ ਲਾਇਨਜ਼ ਕਲੱਬ ਰਤੀਆ ਸਿਟੀ ਦੇ ਸਾਬਕਾ ਪ੍ਰਧਾਨ ਹਰਵੀਰ ਜੋੜਾ, ਨਗਰ ਪਾਲਿਕਾ ਦੇ ਸਾਬਕਾ ਪ੍ਰਧਾਨ ਵਿਜੇ ਗਰੋਵਰ, ਲਾਇਨਜ਼ ਕਲੱਬ ਟਾਊਨ ਦੇ ਸਕੱਤਰ ਸ਼ਿਵ ਸੋਨੀ ਗਰਗ ਹਾਜ਼ਰ ਸਨ।

ਪਿੰਡ ਬਲੋਪੁਰ, ਇਸਾਪੁਰ ਜੰਗੀ ਤੇ ਆਗਾਪੁਰ ਵਿਖੇ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਨੂੰ ਸਮਰਪਿਤ ਡਾਕੂਮੈਂਟਰੀ ਦਿਖਾਈ

• ਗੁਰੂ ਜੀ ਦੀਆਂ ਸਿੱਖਿਆਵਾਂ ਬਰਾਬਰੀ, ਭਾਈਚਾਰੇ ਤੇ ਸਦਭਾਵਨਾ ਦਾ ਸੰਦੇਸ਼ ਦਿੰਦੀਆਂ ਹਨ: ਕੁਲਜੀਤ ਰੰਧਾਵਾ



ਡੇਰਾਬੱਸੀ (ਸਾਹਿਬਜ਼ਾਦਾ ਅਜੀਤ ਸਿੰਘ ਨਗਰ) 22 ਸਤੰਬਰ, (ਪੈ.ਗਾਮ-ਏ-ਜਗਤ)

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮਾਂ ਤਹਿਤ ਡੇਰਾਬੱਸੀ ਬਲਾਕ ਦੇ ਪਿੰਡ ਬਲੋਪੁਰ, ਇਸਾਪੁਰ ਜੰਗੀ ਅਤੇ ਆਗਾਪੁਰ ਵਿਖੇ 30 ਮਿੰਟ ਦੀ ਵਿਸ਼ੇਸ਼ ਡਾਕੂਮੈਂਟਰੀ ਐਲ.ਈ.ਡੀ. ਸਕਰੀਨ ਰਾਹੀਂ ਦਿਖਾਈ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਡਾਕੂਮੈਂਟਰੀ ਦੇਖੀ ਅਤੇ ਗੁਰੂ ਜੀ ਦੇ ਜੀਵਨ ਤੇ ਵਿਚਾਰਧਾਰਾ ਬਾਰੇ ਜਾਣਕਾਰੀ ਹਾਸਲ ਕੀਤੀ।

ਡੇਰਾਬੱਸੀ ਦੇ ਵਿਧਾਇਕ ਸ੍ਰੀ ਕੁਲਜੀਤ ਸਿੰਘ ਰੰਧਾਵਾ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਨੇ ਆਪਣੀ ਬਾਣੀ ਰਾਹੀਂ ਮਨੁੱਖਤਾ ਨੂੰ ਬਰਾਬਰੀ, ਆਪਸੀ ਪਿਆਰ, ਭਾਈਚਾਰੇ ਅਤੇ ਸਦਭਾਵਨਾ ਦਾ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਜੀ ਦੀਆਂ ਸਿੱਖਿਆਵਾਂ ਅੱਜ ਵੀ ਸਮਾਜ ਲਈ ਪ੍ਰੇਰਣਾ ਦਾ ਸਰੋਤ ਹਨ ਅਤੇ ਨੌਜਵਾਨ ਪੀੜ੍ਹੀ ਨੂੰ ਇਨ੍ਹਾਂ ਮਹਾਨ ਵਿਚਾਰਾਂ ਨਾਲ ਜੋੜਨਾ ਜ਼ਰੂਰੀ ਹੈ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਤਿਆਰ ਕਰਵਾਈ ਗਈ ਇਹ ਡਾਕੂਮੈਂਟਰੀ ਗੁਰੂ ਜੀ ਦੇ ਜੀਵਨ, ਬਾਣੀ ਅਤੇ ਮਨੁੱਖਤਾ ਦੀ ਭਲਾਈ ਲਈ ਦਿੱਤੇ ਸੰਦੇਸ਼ ਨੂੰ ਲੋਕਾਂ ਤੱਕ ਪਹੁੰਚਾਉਣ ਦਾ ਸਾਰਥਕ ਉਪਰਾਲਾ ਹੈ। ਉਨ੍ਹਾਂ ਲੋਕਾਂ ਨੂੰ ਗੁਰੂ ਜੀ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਣਾਉਣ ਅਤੇ ਸਮਾਜ ਵਿੱਚ ਆਪਸੀ ਸਤਿਕਾਰ ਤੇ ਭਾਈਚਾਰੇ ਦੀ ਭਾਵਨਾ ਨੂੰ ਮਜ਼ਬੂਤ ਕਰਨ ਦੀ ਅਪੀਲ ਕੀਤੀ।

ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਐਲ.ਈ.ਡੀ. ਸਕਰੀਨ ਰਾਹੀਂ ਡਾਕੂਮੈਂਟਰੀ ਦਿਖਾਉਣ ਨਾਲ ਬੱਚਿਆਂ, ਨੌਜਵਾਨਾਂ ਅਤੇ ਆਮ ਲੋਕਾਂ ਨੂੰ ਸ੍ਰੀ ਗੁਰੂ ਰਵੀਦਾਸ ਜੀ ਮਹਾਰਾਜ ਦੇ ਜੀਵਨ ਅਤੇ ਉਨ੍ਹਾਂ ਦੀਆਂ ਸਿੱਖਿਆਵਾਂ ਬਾਰੇ ਜਾਣਨ ਦਾ ਮੌਕਾ ਮਿਲਿਆ ਹੈ।

ਅੰਬਾਲਾ ਦੀ ਦੀਪਤੀ ਗੁਪਤਾ ਨੇ ਅਮਰੀਕਾ ਵਿਚ ਸੁੰਦਰਤਾ ਮੁਕਾਬਲਾ ਜਿੱਤਿਆ



ਪੈ.ਗਾਮ-ਏ-ਜਗਤ/ਅੰਬਾਲਾ, 22 ਸਤੰਬਰ (ਆਰ.ਸਿੰਘ)

ਅੰਬਾਲਾ ਦੀ ਦੀਪਤੀ ਗੁਪਤਾ ਨੇ ਸੰਯੁਕਤ ਰਾਜ ਅਮਰੀਕਾ ਵਿੱਚ ਇੱਕ ਸੁੰਦਰਤਾ ਮੁਕਾਬਲਾ ਜਿੱਤ ਕੇ ਆਪਣੇ ਪਰਿਵਾਰ, ਅੰਬਾਲਾ ਅਤੇ ਭਾਰਤ ਨੂੰ ਅੰਤਰਰਾਸ਼ਟਰੀ ਪੱਧਰ 'ਤੇ ਮਾਣ ਦਿਵਾਇਆ ਹੈ।

ਦੀਪਤੀ ਨੇ ਅੰਤਰਰਾਸ਼ਟਰੀ ਮੰਚ 'ਤੇ ਆਪਣੀਆਂ ਭਾਰਤੀ ਜੜ੍ਹਾਂ, ਕਦਰਾਂ-ਕੀਮਤਾਂ ਅਤੇ ਅਵਿਸ਼ਵਾਸ਼ਯੋਗ ਆਤਮਵਿਸ਼ਵਾਸ ਦਾ ਪ੍ਰਦਰਸ਼ਨ ਕੀਤਾ। ਮੁਕਾਬਲੇ ਦੇ ਵੱਖ-ਵੱਖ ਗੇੜਾਂ ਦੌਰਾਨ ਉਸ ਨੇ ਆਪਣੀ ਬੁੱਧੀ, ਸ਼ਖ਼ਸੀਅਤ ਅਤੇ ਪ੍ਰਤਿਭਾ ਨਾਲ ਜੱਜਾਂ ਨੂੰ ਪ੍ਰਭਾਵਿਤ ਕੀਤਾ।

ਇਹ ਇਤਿਹਾਸਕ ਜਿੱਤ ਸਿਰਫ਼ ਸੁੰਦਰਤਾ ਮੁਕਾਬਲੇ ਦਾ ਤਾਜ ਜਿੱਤਣ ਬਾਰੇ ਨਹੀਂ ਹੈ ਸਗੋਂ ਉਨ੍ਹਾਂ ਸਾਰੀਆਂ ਧੀਆਂ ਲਈ ਪ੍ਰੇਰਨਾ ਦਾ ਸਰੋਤ ਹੈ ਜੋ ਵੱਡੇ ਸੁਪਨੇ ਦੇਖਣ ਦੀ ਹਿੰਮਤ ਕਰਦੀਆਂ ਹਨ। ਸਥਾਨਕ ਨਿਵਾਸੀਆਂ ਅਤੇ ਸਮਾਜਿਕ ਸੰਗਠਨਾਂ ਨੇ ਉਸ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ ਹੈ।

ਪਿੰਡ ਦਾਦੂਪੁਰ ਵਿੱਚ ਰਾਤਰੀ ਠਹਿਰਾਅ ਪ੍ਰੋਗਰਾਮ ਦੌਰਾਨ ਡੀਸੀ ਡਾ. ਵਿਵੇਕ ਭਾਰਤੀ ਅਤੇ ਐਸਪੀ ਨਿਕਿਤਾ ਖੱਟਰ ਸੁਣਨਗੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ

28 ਸਤੰਬਰ ਨੂੰ ਕਮਿਊਨਿਟੀ ਪਾਰਕ ਨੇੜੇ 5 ਪੌਂਡ ਸਿਸਟਮ ਵਿੱਚ ਆਯੋਜਿਤ ਹੋਵੇਗਾ ਪ੍ਰੋਗਰਾਮ



ਪੈਗਾਮ-ਏ-ਜਗਤ/ਰਤੀਆ, 22 ਸਤੰਬਰ (ਐਡਵੋਕੇਟ ਗੁਰਪ੍ਰੀਤ ਸਿੰਘ ਮੰਡੇਰ)

ਡਿਪਟੀ ਕਮਿਸ਼ਨਰ ਫਤਿਹਾਬਾਦ ਡਾ. ਵਿਵੇਕ ਭਾਰਤੀ ਅਤੇ ਪੁਲਿਸ ਅਧਿਕਾਰੀ ਨਿਕਿਤਾ ਖੱਟਰ 28 ਸਤੰਬਰ ਨੂੰ ਪਿੰਡ ਦਾਦੂਪੁਰ ਵਿੱਚ ਆਯੋਜਿਤ ਹੋਣ ਵਾਲੇ ਰਾਤਰੀ ਠਹਿਰਾਅ ਪ੍ਰੋਗਰਾਮ ਦੌਰਾਨ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣਨਗੇ। ਇਸ ਦੌਰਾਨ ਪਿੰਡ ਵਾਸੀਆਂ ਨਾਲ ਸਿੱਧਾ ਸੰਵਾਦ ਕਰਕੇ ਉਨ੍ਹਾਂ ਦੀਆਂ ਸ਼ਿਕਾਇਤਾਂ ਅਤੇ ਸਮੱਸਿਆਵਾਂ ਦਾ ਮੌਕੇ 'ਤੇ ਹੀ ਨੋਟਿਸ ਲਿਆ ਜਾਵੇਗਾ ਅਤੇ ਸਬੰਧਤ ਅਧਿਕਾਰੀਆਂ ਨੂੰ ਹੱਲ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ ਜਾਣਗੇ। ਐਸਡੀਐਮ ਰਤੀਆ ਸੁਰਿੰਦਰ ਸਿੰਘ ਨੇ ਦੱਸਿਆ ਕਿ ਹਰਿਆਣਾ ਸਰਕਾਰ ਦੇ ਨਿਰਦੇਸ਼ਾਂ ਅਨੁਸਾਰ ਪੇਂਡੂ ਖੇਤਰਾਂ ਵਿੱਚ ਹਰ ਮਹੀਨੇ ਰਾਤਰੀ ਠਹਿਰਾਅ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ। ਇਸ ਲੜੀ ਵਿੱਚ 28 ਸਤੰਬਰ, ਸੋਮਵਾਰ ਨੂੰ ਸ਼ਾਮ 5 ਵਜੇ ਪਿੰਡ ਦਾਦੂਪੁਰ ਸਥਿਤ ਕਮਿਊਨਿਟੀ ਪਾਰਕ ਨੇੜੇ 5 ਪੌਂਡ ਸਿਸਟਮ ਵਿੱਚ ਪ੍ਰੋਗਰਾਮ ਆਯੋਜਿਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਪ੍ਰੋਗਰਾਮ ਦੌਰਾਨ ਡਿਪਟੀ ਕਮਿਸ਼ਨਰ ਅਤੇ ਪੁਲਿਸ ਅਧਿਕਾਰੀ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣਨਗੇ। ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਮੌਕੇ 'ਤੇ ਹਾਜ਼ਰ ਰਹਿਣਗੇ, ਤਾਂ ਜੋ ਪਿੰਡ ਵਾਸੀਆਂ ਦੀਆਂ ਸ਼ਿਕਾਇਤਾਂ ਦਾ ਸਬੰਧਤ ਵਿਭਾਗਾਂ ਰਾਹੀਂ ਸਮਾਂਬੱਧ ਹੱਲ ਯਕੀਨੀ ਬਣਾਇਆ ਜਾ ਸਕੇ। ਐਸਡੀਐਮ ਸੁਰਿੰਦਰ ਸਿੰਘ ਨੇ ਪਿੰਡ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਪ੍ਰੋਗਰਾਮ ਵਿੱਚ ਪਹੁੰਚ ਕੇ ਆਪਣੀਆਂ ਸਮੱਸਿਆਵਾਂ ਅਤੇ ਸੁਝਾਅ ਪ੍ਰਸ਼ਾਸਨ ਸਾਹਮਣੇ ਰੱਖਣ। ਪ੍ਰੋਗਰਾਮ ਵਿੱਚ ਸਾਰੇ ਵਿਭਾਗਾਂ ਦੇ ਅਧਿਕਾਰੀ ਮੌਜੂਦ ਰਹਿਣਗੇ ਜੋ ਮੌਕੇ 'ਤੇ ਹੀ ਸਮੱਸਿਆਵਾਂ ਦਾ ਹੱਲ ਯਕੀਨੀ ਬਣਾਉਣਗੇ।

ਮੀਰੀ ਪੀਰੀ ਖਾਲਸਾ ਮਾਰਚ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਤੋਂ ਅਗਲੇ ਪੜਾਅ ਲਈ ਜੈਕਾਰਿਆਂ ਦੀ ਗੂੰਜ 'ਚ ਹੋਇਆ ਰਵਾਨਾ



ਪੈ.ਗਾਮ-ਏ-ਜਗਤ/ਧਾਰੀਵਾਲ/ਅੰਮ੍ਰਿਤਸਰ 22 ਸਤੰਬਰ-(ਹਰਿਮੰਦਿਰ ਸਿੰਘ ਨਾਗਪਾਲ)

ਮੀਰੀ ਪੀਰੀ ਖ਼ਾਲਸਾ ਮਾਰਚ ਤੀਜੇ ਪੜਾਅ ਤਹਿਤ ਅੱਜ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਤੋਂ ਖ਼ਾਲਸਈ ਜਾਹੋਜਲਾਲ ਨਾਲ ਆਪਣੇ ਅਗਲੇ ਪੜਾਅ ਗੁਰਦੁਆਰਾ ਪਾਤਸ਼ਾਹੀ ਪੰਜਵੀਂ ਓਠੀਆਂ (ਬਟਾਲਾ) ਲਈ ਰਵਾਨਾ ਹੋਇਆ। ਖ਼ਾਲਸਾ ਮਾਰਚ ਦੀ ਆਰੰਭਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ, ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਸਮੇਤ ਪ੍ਰਮੁੱਖ ਸਖਸ਼ੀਅਤਾਂ ਅਤੇ ਵੱਡੀ ਗਿਣਤੀ ਸੰਗਤਾਂ ਹਾਜ਼ਰ ਸਨ। ਇਸ ਮੌਕੇ ਸਜੇ ਧਾਰਮਿਕ ਦੀਵਾਨ ਸਮੇਂ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਸੰਗਤ ਨਾਲ ਗੁਰ-ਇਤਿਹਾਸ ਦੀ ਸਾਂਝ ਪਾਈ ਅਤੇ ਬਾਣੀ ਬਾਣੇ ਦੇ ਧਾਰਨੀ ਹੋਣ ਦੀ ਪ੍ਰੇਰਣਾ ਕੀਤੀ। ਇਸੇ ਦੌਰਾਨ ਹੈੱਡ ਪ੍ਰਚਾਰਕ ਭਾਈ ਸਰਬਜੀਤ ਸਿੰਘ ਢੋਟੀਆਂ ਨੇ ਵੀ ਸੰਗਤਾਂ ਨਾਲ ਇਤਿਹਾਸ ਦੀ ਸਾਂਝ ਪਾਈ।

ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਮੀਰੀ-ਪੀਰੀ ਦੇ ਸਿਧਾਂਤ ਨੂੰ ਅਮਲੀ ਰੂਪ ਦਿੰਦਿਆਂ ਦੋ ਸ੍ਰੀ ਸਾਹਿਬਾਂ ਧਾਰਨ ਕਰਕੇ ਦੁਨੀਆਂ ਨੂੰ ਸੰਤ-ਸਿਪਾਹੀ ਦਾ ਲਾਸਾਨੀ ਸੰਕਲਪ ਦਿੱਤਾ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿਰਜਣਾ ਰਾਹੀਂ ਸਿੱਖ ਨੂੰ ਅਨਿਆਂ ਅਤੇ ਜ਼ੁਲਮ ਦੇ ਵਿਰੁੱਧ ਖੜ੍ਹਨ ਦੀ ਪ੍ਰੇਰਣਾ ਦਿੱਤੀ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬਾਨ ਦਾ ਫ਼ਲਸਫ਼ਾ 'ਨਾਮ ਜਪੋ, ਕਿਰਤ ਕਰੋ ਤੇ ਵੰਡ ਛਕੋ' ਮਨੁੱਖ ਨੂੰ ਸੱਚੀ ਆਤਮਿਕਤਾ ਦੇ ਨਾਲ-ਨਾਲ ਸਮਾਜਿਕ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਉਂਦਾ ਹੈ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੇ ਜ਼ੁਲਮ ਵਿਰੁੱਧ ਲੰਮਾ ਸੰਘਰਸ਼ ਕੀਤਾ ਅਤੇ ਅਨੇਕਾਂ ਸ਼ਹਾਦਤਾਂ ਦੇ ਕੇ ਗੁਰੂ ਦੇ ਸਿਧਾਂਤ ਨੂੰ ਹਮੇਸ਼ਾ ਉੱਚਾ ਰੱਖਿਆ। ਉਨ੍ਹਾਂ ਕਿਹਾ ਕਿ ਮੀਰੀ-ਪੀਰੀ ਖ਼ਾਲਸਾ ਮਾਰਚ ਦਾ ਇਹੀ ਸੁਨੇਹਾ ਹੈ ਕਿ ਸਿੱਖ ਗੁਰੂ ਦੇ ਸਿਧਾਂਤ ਨਾਲ ਜੁੜ ਕੇ ਨਾਮ, ਬਾਣੀ, ਸੇਵਾ ਅਤੇ ਸੰਗਤ ਦੇ ਮਾਰਗ 'ਤੇ ਚੱਲੇ। ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣਾ ਅਤੇ ਉਨ੍ਹਾਂ ਨੂੰ ਗੁਰਬਾਣੀ, ਗੁਰਸਿੱਖੀ ਤੇ ਖੇਡਾਂ ਨਾਲ ਜੋੜਨਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ੇ ਦੀ ਦਲਦਲ ਵਿਚ ਧੱਕਣ ਵਾਲੀਆਂ ਤਾਕਤਾਂ ਵਿਰੁੱਧ ਇਕਜੁੱਟ ਹੋਣਾ ਸਮੇਂ ਦੀ ਲੋੜ ਹੈ। ਇਸ ਮੌਕੇ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਤੇ ਜਥੇਦਾਰ ਗਿਆਨੀ ਟੇਕ ਸਿੰਘ ਨੇ ਪੰਜ ਪਿਆਰਿਆਂ ਅਤੇ ਨਿਸ਼ਾਨਚੀ ਸਿੰਘਾਂ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨ ਦਿੱਤਾ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਪਾਲਕੀ ਸਾਹਿਬ ਵਿਚ ਸ਼ੁਸ਼ੋਭਿਤ ਕਰਨ ਦੀ ਸੇਵਾ ਸਿੰਘ ਸਾਹਿਬ ਗਿਆਨੀ ਗੁਰਮਿੰਦਰ ਸਿੰਘ ਨੇ ਨਿਭਾਈ। ਖ਼ਾਲਸਾ ਮਾਰਚ ਦੌਰਾਨ ਜਿਥੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੈਂਬਰ ਸ. ਗੁਰਿੰਦਰਪਾਲ ਸਿੰਘ ਗੋਰਾ, ਬੀਬੀ ਜਸਬੀਰ ਕੌਰ ਜ਼ਫ਼ਰਵਾਲ, ਅਕਾਲੀ ਆਗੂ ਸ. ਸੁੱਚਾ ਸਿੰਘ ਲੰਗਾਹ, ਸ. ਕੰਵਲਪ੍ਰੀਤ ਸਿੰਘ ਕਾਕੀ, ਸ. ਕੁਲਬੀਰ ਸਿੰਘ ਰਿਆੜ, ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਮੀਤ ਸਕੱਤਰ ਸ. ਮਨਜੀਤ ਸਿੰਘ ਤਲਵੰਡੀ, ਇੰਚਾਰਜ ਸ. ਰਾਜਵਿੰਦਰ ਸਿੰਘ ਜੋਗਾ, ਸ੍ਰੀ ਦਰਬਾਰ ਸਾਹਿਬ ਦੇ ਵਧੀਕ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਕਾਦੀਆਂ, ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ ਦੇ ਮੈਨੇਜਰ ਸ. ਸਤਨਾਮ ਸਿੰਘ ਗੋਸਲ, ਸ. ਰਣਜੀਤ ਸਿੰਘ ਕਲਿਆਣ ਅਤੇ ਵੱਡੀ ਗਿਣਤੀ ਸੰਗਤਾਂ ਮੌਜੂਦ ਸਨ।

ਵਿਕਰਮ ਚੋਪੜਾ ਬਣੇ ਹਾਂਸੀ ਭਾਜਪਾ ਜ਼ਿਲ੍ਹਾ ਮੀਡੀਆ ਇੰਚਾਰਜ

ਭਾਜਪਾ ਨੇ ਨਵੀਂ ਜ਼ਿਲ੍ਹਾ ਮੀਡੀਆ ਟੀਮ ਦਾ ਐਲਾਨ ਕੀਤਾ, ਕਮਲ ਹਿੰਦੂਜਾ ਅਤੇ ਕਪਿਲ ਗੁਰਾਨਾ ਬਣੇ ਸਹਿ-ਇੰਚਾਰਜ



ਪੈ.ਗਾਮ-ਏ-ਜਗਤ ਹਾਂਸੀ (ਦਿਨਕਰ ਗਾਵੜੀ)

ਭਾਰਤੀ ਜਨਤਾ ਪਾਰਟੀ ਨੇ ਜਥੇਬੰਦਕ ਜ਼ਿੰਮੇਵਾਰੀਆਂ ਦੇ ਨਿਰਵਾਹ ਵਿੱਚ ਸਰਗਰਮ ਭੂਮਿਕਾ ਨਿਭਾ ਰਹੇ ਵਿਕਰਮ ਚੋਪੜਾ ਨੂੰ ਹਾਂਸੀ ਜ਼ਿਲ੍ਹਾ ਮੀਡੀਆ ਇੰਚਾਰਜ ਦੀ ਮਹੱਤਵਪੂਰਨ ਜ਼ਿੰਮੇਵਾਰੀ ਸੌਂਪੀ ਹੈ। ਭਾਜਪਾ ਵੱਲੋਂ ਨਵੀਂ ਜ਼ਿਲ੍ਹਾ ਮੀਡੀਆ ਟੀਮ ਦੇ ਐਲਾਨ ਤੋਂ ਬਾਅਦ ਵਰਕਰਾਂ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

ਨਵੀਂ ਜ਼ਿੰਮੇਵਾਰੀ ਮਿਲਣ 'ਤੇ ਵਿਕਰਮ ਚੋਪੜਾ ਨੇ ਪਾਰਟੀ ਦੇ ਸਿਖਰਲੀ ਲੀਡਰਸ਼ਿਪ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਥੇਬੰਦੀ ਨੇ ਉਨ੍ਹਾਂ 'ਤੇ ਜੋ ਵਿਸ਼ਵਾਸ ਜਤਾਇਆ ਹੈ, ਉਹ ਉਨ੍ਹਾਂ ਲਈ ਮਾਣ ਦੇ ਨਾਲ-ਨਾਲ ਵੱਡੀ ਜ਼ਿੰਮੇਵਾਰੀ ਵੀ ਹੈ। ਉਨ੍ਹਾਂ ਕਿਹਾ ਕਿ ਉਹ ਪੂਰੀ ਵਫਾਦਾਰੀ, ਇਮਾਨਦਾਰੀ ਅਤੇ ਸਮਰਪਣ ਨਾਲ ਆਪਣੀ ਜ਼ਿੰਮੇਵਾਰੀ ਦਾ ਨਿਰਵਾਹ ਕਰਦਿਆਂ ਜਥੇਬੰਦੀ ਦੀਆਂ ਉਮੀਦਾਂ 'ਤੇ ਖਰਾ ਉਤਰਨ ਦਾ ਯਤਨ ਕਰਨਗੇ। ਵਿਕਰਮ ਚੋਪੜਾ ਇਸ ਤੋਂ ਪਹਿਲਾਂ ਭਾਜਪਾ ਯੁਵਾ ਮੋਰਚਾ ਵਿੱਚ ਜ਼ਿਲ੍ਹਾ ਉਪ ਪ੍ਰਧਾਨ ਦੀ ਜ਼ਿੰਮੇਵਾਰੀ ਦਾ ਨਿਰਵਾਹ ਕਰ ਰਹੇ ਸਨ। ਯੁਵਾ ਮੋਰਚਾ ਵਿੱਚ ਰਹਿੰਦਿਆਂ ਉਨ੍ਹਾਂ ਨੇ ਜਥੇਬੰਦਕ ਪ੍ਰੋਗਰਾਮਾਂ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ, ਵਰਕਰਾਂ ਨਾਲ ਨਿਰੰਤਰ ਸੰਵਾਦ ਬਣਾਈ ਰੱਖਣ ਅਤੇ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਕੰਮ ਕੀਤਾ। ਉਨ੍ਹਾਂ ਕਿਹਾ ਕਿ ਯੁਵਾ ਮੋਰਚਾ ਵਿੱਚ ਰਹਿੰਦਿਆਂ ਪ੍ਰਾਪਤ ਤਜਰਬਾ ਅਤੇ ਸਿੱਖਿਆ ਨਵੀਂ ਜ਼ਿੰਮੇਵਾਰੀ ਦੇ ਨਿਰਵਾਹ ਵਿੱਚ ਉਨ੍ਹਾਂ ਲਈ ਮਹੱਤਵਪੂਰਨ ਆਧਾਰ ਸਾਬਤ ਹੋਵੇਗਾ। ਚੋਪੜਾ ਨੇ ਭਾਜਪਾ ਸੂਬਾ ਪ੍ਰਧਾਨ ਡਾ. ਅਰਚਨਾ ਗੁਪਤਾ, ਸੂਬਾ ਮੀਡੀਆ ਇੰਚਾਰਜ ਡਾ. ਭੂਪੇਸ਼ਵਰ ਦਿਆਲ, ਹਾਂਸੀ ਵਿਧਾਇਕ ਵਿਨੋਦ ਭਿਆਣਾ, ਜ਼ਿਲ੍ਹਾ ਪ੍ਰਧਾਨ ਅਸ਼ੋਕ ਸੈਣੀ ਅਤੇ ਜ਼ਿਲ੍ਹਾ ਜਨਰਲ ਸਕੱਤਰ ਧਰਮਵੀਰ ਰਤੇਰੀਆ ਸਹਿਤ ਪਾਰਟੀ ਦੀ ਸਿਖਰਲੀ ਲੀਡਰਸ਼ਿਪ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਨੇ ਨਵ-ਨਿਯੁਕਤ ਜ਼ਿਲ੍ਹਾ ਮੀਡੀਆ ਸਹਿ-ਇੰਚਾਰਜ ਕਮਲ ਹਿੰਦੂਜਾ ਅਤੇ ਕਪਿਲ ਗੁਰਾਨਾ ਨੂੰ ਵੀ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਪੂਰੀ ਮੀਡੀਆ ਟੀਮ ਇੱਕਜੁੱਟ ਹੋ ਕੇ ਜਥੇਬੰਦੀ ਦੀਆਂ ਗਤੀਵਿਧੀਆਂ ਅਤੇ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਜਨਤਾ ਤੱਕ ਪਹੁੰਚਾਉਣ ਦਾ ਕੰਮ ਕਰੇਗੀ। ਵਿਕਰਮ ਚੋਪੜਾ ਨੇ ਕਿਹਾ ਕਿ ਮੀਡੀਆ ਜਥੇਬੰਦੀ ਅਤੇ ਜਨਤਾ ਵਿਚਾਲੇ ਸੰਵਾਦ ਦਾ ਇੱਕ ਸਸ਼ਕਤ ਪੁਲ ਹੈ। ਜ਼ਿਲ੍ਹਾ ਮੀਡੀਆ ਟੀਮ ਦਾ ਯਤਨ ਰਹੇਗਾ ਕਿ ਭਾਜਪਾ ਜਥੇਬੰਦੀ ਦੀਆਂ ਗਤੀਵਿਧੀਆਂ, ਵਰਕਰਾਂ ਦੀ ਮਿਹਨਤ, ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਅਤੇ ਖੇਤਰ ਵਿੱਚ ਹੋ ਰਹੇ ਵਿਕਾਸ ਕਾਰਜਾਂ ਦੀ ਜਾਣਕਾਰੀ ਪ੍ਰਭਾਵਸ਼ਾਲੀ, ਤੱਥਪੂਰਨ ਅਤੇ ਸਕਾਰਾਤਮਕ ਤਰੀਕੇ ਨਾਲ ਆਮ ਲੋਕਾਂ ਤੱਕ ਪਹੁੰਚੇ।

ਸੰਤੁਲਿਤ ਖੁਰਾਕ ਦੀ ਮਹੱਤਤਾ ਲਈ ਸਿੱਖਿਆ

ਸੰਤੁਲਿਤ ਅਤੇ ਸਿਹਤਮੰਦ ਖੁਰਾਕ ਇੱਕ ਅਜਿਹੀ ਖੁਰਾਕ ਹੈ, ਜੋ ਮਨੁੱਖ ਦੀ ਸਮੁੱਚੀ ਸਿਹਤ ਨੂੰ ਤੰਦਰੁਸਤ ਅਤੇ ਬਿਹਤਰ ਬਣਾਉਣ ਵਿੱਚ ਸਹਾਇਤਾ ਕਰਦੀ ਹੈ। ਸੰਤੁਲਿਤ ਖੁਰਾਕ ਹੀ ਮਨੁੱਖ ਨੂੰ ਲੋੜੀਂਦੀ ਜ਼ਰੂਰੀ ਸ਼ਕਤੀ ਪ੍ਰਦਾਨ ਕਰਦੀ ਹੈ। ਅਜਿਹੀ ਖੁਰਾਕ ਸਰੀਰ ਦੇ ਸਧਾਰਨ ਤਾਪਮਾਨ ਨੂੰ ਬਣਾਈ ਰੱਖਣ, ਸਰੀਰ ਦੇ ਵਾਧੇ ਅਤੇ ਟੁੱਟੇ ਹੋਏ ਤੰਤੂਆਂ ਦੀ ਮੁਰੰਮਤ ਕਰਨ ਵਿੱਚ ਸਹਾਈ ਹੁੰਦੀ ਹੈ। ਸੰਤੁਲਿਤ ਭੋਜਨ ਹੀ ਮਨੁੱਖ ਦੇ ਸਰੀਰਕ, ਮਾਨਸਿਕ ਅਤੇ ਤੰਦਰੁਸਤ ਜੀਵਨ ਦੇ ਸੁਚੱਜੇ ਵਿਕਾਸ ਵਿੱਚ ਮਦਦ ਕਰ ਸਕਦਾ ਹੈ ।ਅਜਿਹਾ ਭੋਜਨ ਜਿਸ ਵਿੱਚ ਸਾਰੇ ਲੋੜੀਂਦੇ ਪੋਸ਼ਟਿਕ ਤੱਤ ਮੌਜੂਦ ਹੋਣ ,ਉਹ ਸਵੇਰ ਦੇ ਨਾਸ਼ਤੇ ਤੋਂ ਲੈ ਕੇ ਰਾਤ ਦੇ ਖਾਣੇ ਤੱਕ ਸ਼ਾਮਿਲ ਕਰਨਾ ਬੇਹੱਦ ਜ਼ਰੂਰੀ ਹੈ। ਪੋਸ਼ਟਿਕ ਤੱਤ ਵਿਚਲੇ ਕਾਰਬੋਹਾਈਡਰੇਟ ਸਰੀਰ ਦਾ ਇੰਜਨ ਹਨ, ਇਹ ਸਰੀਰ ਲਈ ਲੋੜੀਂਦੀ ਗਰਮੀ ਅਤੇ ਸ਼ਕਤੀ ਪੈਦਾ ਕਰਦੇ ਹਨ। ਚਰਬੀ ਸਰੀਰ ਵਿੱਚ ਗਰਮੀ ਪੈਦਾ ਕਰਨ ਅਤੇ ਮਾਸਪੇਸ਼ੀਆਂ ਨੂੰ ਤਾਕਤ ਦਿੰਦੀ ਹੈ । ਪ੍ਰੋਟੀਨ ਜੀਵਨ ਲਈ ਅਤੀਅੰਤ ਜ਼ਰੂਰੀ ਹੈ ,ਇਹ ਨਵੇਂ ਤੰਤੂਆਂ ਦੇ ਨਿਰਮਾਣ ਵਿੱਚ ਸਹਾਈ ਹੁੰਦਾ ਹੈ । ਵੱਖ-ਵੱਖ ਤਰ੍ਹਾਂ ਦੇ ਵਿਟਾਮਨਾਂ ਨੂੰ ਭੋਜਨ ਲੜੀ ਵਿੱਚ ਸ਼ਾਮਿਲ ਕਰਨ ਨਾਲ ਹੀ ਤੰਦਰੁਸਤ ਜੀਵਨ ਸੰਭਵ ਹੈ, ਤਾਂ ਹੀ ਵਿਟਾਮਨਾ ਨੂੰ ਜੀਵਨਦਾਇਕ ਤੱਤ ਕਿਹਾ ਜਾਂਦਾ ਹੈ। ਇਸ ਤੋਂ ਇਲਾਵਾ ਭੋਜਨ ਵਿੱਚ ਅਨੇਕਾਂ ਖਣਿਜ ਸੋਡੀਅਮ ,ਲੋਹਾ, ਕੈਲਸ਼ੀਅਮ, ਆਇਓਡੀਨ, ਫਾਸਫੇਟ, ਸੋਡੀਅਮ ਕਲੋਰਾਈਡ, ਮੈਗਨੀਸ਼ੀਅਮ ਅਤੇ ਸਲਫਰ ਆਦਿ ਦਾ ਹੋਣਾ ਵੀ ਸਿਹਤਮੰਦ ਜੀਵਨ ਲਈ ਜ਼ਰੂਰੀ ਹੈ। ਅਸੀਂ ਆਪਣੇ ਪੁਰਾਤਨ ਸਮੇਂ ਦੀ ਖੁਰਾਕ ਵਿੱਚ ਨਜ਼ਰ ਮਾਰੀਏ ਤਾਂ ਇਹ ਲੋੜੀਦੀਆਂ

> "ਚੰਗੀ ਖੁਰਾਕ, ਚੰਗੀ ਸਿਹਤ ਅਤੇ ਚੰਗੀ ਸੋਚ— ਸਫਲ ਵਿਦਿਆਰਥੀ ਜੀਵਨ ਦੇ ਤਿੰਨ ਮਜ਼ਬੂਤ ਆਧਾਰ ਹਨ





ਡਾ. ਸਤਿੰਦਰ ਸਿੰਘ
ਨੈਸ਼ਨਲ ਅਵਾਰਡੀ
ਉਪ ਜ਼ਿਲ੍ਹਾ ਸਿੱਖਿਆ ਅਫ਼ਸਰ
ਸੈਕੰਡਰੀ ਫਿਰੋਜ਼ਪੁਰ

ਚੀਜ਼ਾਂ ਉਸ ਵਿੱਚ ਲੋੜੀਦੀ ਮਾਤਰਾ ਵਿੱਚ ਸ਼ਾਮਿਲ ਸਨ । ਮੋਟਾ ਅਨਾਜ, ਦਾਲਾਂ ,ਸੁੱਕੇ ਮੇਵੇ ,ਫਲ, ਹਰੀਆਂ ਸਬਜ਼ੀਆਂ, ਦੁੱਧ ,ਦਹੀ, ਪਨੀਰ, ਘਿਓ, ਮੱਖਣ, ਤੇਲ ਅਤੇ ਸ਼ਹਿਦ ਆਦਿ ਦੀ ਵਰਤੋਂ ਹਰ ਘਰ ਵਿੱਚ ਪ੍ਰਚਲਿਤ ਸੀ। ਸੰਤੁਲਿਤ ਖੁਰਾਕ ਦੇ ਨਾਲ ਨਾਲ ਸਰੀਰਕ ਕੰਮਾਂ ਨੂੰ ਤਰਜੀਹ ਦਿੱਤੀ ਜਾਂਦੀ ਸੀ । ਜਿਸ ਕਾਰਨ ਵਿਅਕਤੀ ਤੰਦਰੁਸਤ ਅਤੇ ਲੰਮਾ ਜੀਵਨ ਬਤੀਤ ਕਰਦੇ ਸੀ।

ਪਰੰਤੂ ਜਿਵੇਂ ਜਿਵੇਂ ਮਨੁੱਖ ਨੇ ਤਰੱਕੀ ਕੀਤੀ। ਨਵੀਆਂ ਖੋਜਾਂ, ਨਵੇਂ ਉਤਪਾਦ ਅਤੇ ਨਵੀਂ ਜਾਣਕਾਰੀ ਹੋਂਦ ਵਿੱਚ ਆ ਗਈ ਹੈ । ਡੱਬਾ ਬੰਦ ਖਾਦ ਸਮੱਗਰੀ ਨੇ ਲੋਕਾਂ ਦੀ ਜੀਵਨ ਸ਼ੈਲੀ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਂਦੀ ਹੈ ।ਘਰ ਦੇ ਬਣੇ ਪੋਸ਼ਟਿਕ ਭੋਜਨ ਦੀ ਥਾਂ ਜੰਕ ਫੂਡ ਨੇ ਲੈ ਲਈ ਹੈ ਇੰਟਰਨੈਟ, ਸੋਸ਼ਲ ਮੀਡੀਆ ਅਤੇ ਤੇਜ਼ ਸੰਚਾਰ ਸਾਧਨਾਂ ਨੇ ਪੂਰੇ ਵਿਸ਼ਵ ਨੂੰ ਇੱਕ ਬਾਜ਼ਾਰ ਬਣਾ ਦਿੱਤਾ ਹੈ। ਕੁਦਰਤ ਨੇ ਹਰ ਇਲਾਕੇ ਲਈ ਉਥੋਂ ਦੇ ਮੌਸਮ ,ਉਥੋਂ ਦੀ ਮਿੱਟੀ, ਉਥੋਂ ਦੇ ਲੋਕਾਂ ਦੀਆਂ ਜ਼ਰੂਰਤਾਂ, ਜੀਵਨ ਸ਼ੈਲੀ ਅਤੇ ਸਰੀਰਕ ਸਮਰੱਥਾ ਤੇ ਅਨੁਸਾਰ ਭੋਜਨ ਦਾ ਪ੍ਰਬੰਧ ਕੀਤਾ ਸੀ। ਲੇਕਿਨ ਹੁਣ ਅਜਿਹੀਆਂ ਗੱਲਾਂ ਬੀਤੇ ਸਮੇਂ ਦੀ ਗੱਲ ਹੋ ਗਈਆਂ ਹਨ । ਵਿਸ਼ਵ ਵਿੱਚ ਕਿਤੇ ਵੀ ਪੈਦਾ ਹੋਣ ਵਾਲੀ ਉਪਜ ਵਿਸ਼ਵ ਦੇ ਹਰ ਕੋਨੇ ਵਿੱਚ ਉਪਲਬਧ ਹੈ। ਲੋਕ ਦੇਖਾ ਦੇਖੀ ਅਤੇ ਇਸ਼ਤਿਹਾਰਬਾਜ਼ੀ ਦੇ ਪ੍ਰਭਾਵ ਨਾਲ ਉਪਭੋਗ ਕਰਦੇ ਹਨ। ਜਿਸ ਦੇ ਮਾੜੇ ਨਤੀਜੇ ਵੱਖ ਵੱਖ ਬਿਮਾਰੀਆਂ ਦੇ ਰੂਪ ਵਿੱਚ ਸਾਹਮਣੇ ਆ ਰਹੇ ਹਨ। ਆਨਲਾਈਨ ਖਾਣਾ ਖਰੀਦਣ ਦੀ ਮਿਲੀ ਸਹੂਲਤ ਨੇ ਅਨੇਕਾਂ ਘਰਾਂ ਦੀ ਰਸੋਈ ਦਾ ਕੰਮ ਘਟਾ ਦਿੱਤਾ ਹੈ। ਕੁਝ ਸਮਾਂ ਪਹਿਲਾਂ ਤੱਕ ਆਮ ਘਰਾਂ ਦੀ ਰਸੋਈ ਵੀ ਅਮੀਰ ਹੁੰਦੀ ਸੀ। ਅਰਥਾਤ ਆਪਣੀ ਜ਼ਰੂਰਤ ਲਈ ਖਾਣਾ ਬਣਾਉਣ ਤੋਂ ਇਲਾਵਾ ਮਹਿਮਾਨਾਂ ਲਈ ਵੀ ਖਾਣਾ ਹਮੇਸ਼ਾ ਤਿਆਰ ਰਹਿੰਦਾ ਸੀ। ਪਰੰਤੂ ਹੁਣ ਮਹਿਮਾਨਾਂ ਲਈ ਤਾਂ ਦੂਰ ਦੀ ਗੱਲ , ਘਰ ਦਾ ਹਰ ਮੈਂਬਰ ਆਪਣੀ ਜ਼ਰੂਰਤ ਅਤੇ ਸਵਾਦ ਅਨੁਸਾਰ ਖਾਣਾ ਮੋਬਾਇਲ ਦੇ ਇੱਕ ਕਲਿੱਕ ਤੇ ਆਰਡਰ ਕਰਨ ਨੂੰ ਤਰਜੀਹ ਦਿੰਦਾ ਹੈ । ਬੱਚਿਆਂ ਵਿੱਚ ਪੀਜ਼ਾ , ਬਰਗਰ, ਮੋਮੋਜ ,ਫਰੈਂਚ ਫਰਾਇਜ, ਨੂਡਲਸ, ਪਾਸਤਾ , ਸਪਰਿੰਗ ਰੋਲ , ਕੋਲਡ ਡਰਿੰਕਸ ਦੇ ਉਪਭੋਗ ਦੀ ਆਦਤ ਲਗਾਤਾਰ ਵੱਧ ਰਹੀ ਹੈ।

ਜੰਕ ਫੂਡ ਦੀ ਵੱਧਦੀ ਵਰਤੋਂ ਨੇ ਬੱਚਿਆਂ ਵਿੱਚ ਸਿਹਤ ਸੰਕਟ ਖੜਾ ਕਰ ਦਿੱਤਾ ਹੈ। ਇਹ ਸਥਿਤੀ ਦਿਨ ਬ ਦਿਨ ਗੰਭੀਰ ਰੂਪ ਧਾਰਨ ਕਰਦੀ ਜਾ ਰਹੀ ਹੈ। ਜੰਕ ਫੂਡ ਕਾਰਨ ਬੱਚਿਆਂ ਵਿੱਚ ਮੋਟਾਪਾ ਤੇਜ਼ੀ ਨਾਲ ਵੱਧ ਰਿਹਾ ਹੈ। ਅਨੇਕ ਖੋਜਾਂ ਦੌਰਾਨ ਇਹ ਤੱਥ ਸਾਹਮਣੇ ਆਏ ਹਨ ਕਿ ਬੱਚਾ ਜਿਸ ਸਮੇਂ ਮਾਨਸਿਕ ਅਤੇ ਸਰੀਰਕ ਵਿਕਾਸ ਤੇਜ਼ੀ ਨਾਲ ਕਰ ਰਿਹਾ ਹੁੰਦਾ ਹੈ, ਤਾਂ ਉਸ ਸਮੇਂ ਜੰਕ ਫੂਡ ਦੀ ਵਰਤੋਂ ਕਾਰਨ ਅਲਰਜੀ ਦਾ ਖ਼ਤਰਾ ਵੱਧ ਜਾਂਦਾ ਹੈ ਅਤੇ ਯਾਦਦਾਸ਼ਤ ਕਮਜ਼ੋਰ ਹੋ ਜਾਂਦੀ ਹੈ। ਇਸ ਦਾ ਬੱਚਿਆਂ ਦੇ ਮਾਨਸਿਕ ਅਤੇ ਸਰੀਰਕ ਵਿਕਾਸ ਤੇ ਮਾੜਾ ਪ੍ਰਭਾਵ ਪੈਂਦਾ ਹੈ। ਜਿਸ ਖਾਣੇ ਵਿੱਚ ਨਮਕ , ਚੀਨੀ ਅਤੇ ਮੈਦੇ ਦੀ ਵੱਧ ਮਾਤਰਾ ਵਿੱਚ ਹੋਵੇ , ਮਾਈਕ੍ਰੋਵੇਵ ਵਿੱਚ ਬਣਿਆ ਅਤੇ ਪ੍ਰੋਸੈਸਡ ਹੋਵੇ ਉਸ ਦਾ ਬੱਚਿਆਂ ਦੀ ਸਿਹਤ ਤੇ ਮਾੜਾ ਪ੍ਰਭਾਵ ਪੈਂਦਾ ਹੈ। ਹੱਡੀਆਂ ਤੱਕ ਕਮਜ਼ੋਰ ਹੋ ਜਾਂਦੀਆਂ ਹਨ , ਅਨੀਮੀਆ ਹੋਣ ਦਾ ਖਤਰਾ ਬਣਿਆ ਰਹਿੰਦਾ ਹੈ। ਅੱਖਾਂ ਦੇ ਰੋਗਾਂ ਕਾਰਨ ਬਚਪਨ ਵਿੱਚ ਹੀ ਐਨਕਾਂ ਲੱਗਣਾ ਆਮ ਗੱਲ ਹੋ ਚੁੱਕੀ ਹੈ। ਬੱਚੇ ਦੇਸ਼ ਦਾ ਭਵਿੱਖ ਹਨ । ਇਹਨਾਂ ਦਾ ਮਾਨਸਿਕ ਅਤੇ ਸਰੀਰਕ ਤੌਰ ਤੇ ਮਜ਼ਬੂਤ ਹੋਣਾ ਦੇਸ਼ ਦੇ ਸਮੁੱਚੇ ਵਿਕਾਸ ਲਈ ਬੇਹੱਦ ਜ਼ਰੂਰੀ ਹੈ। ਇਹਨਾਂ ਦੀਆਂ ਸਰੀਰਕ ਅਤੇ ਮਾਨਸਿਕ ਗਤੀਵਿਧੀਆਂ ਦੇ ਨਾਲ ਨਾਲ ਪੋਸ਼ਟਿਕ ਖੁਰਾਕ ਦਾ ਧਿਆਨ ਰੱਖਣਾ ਮਾਪਿਆਂ, ਅਧਿਆਪਕਾਂ ਅਤੇ ਸਮਾਜ ਦੀ ਜ਼ਿੰਮੇਵਾਰੀ ਬਣਦੀ ਹੈ। ਇੰਗਲੈਂਡ ਦੀ ਇੱਕ ਉੱਚ ਪੱਧਰੀ ਕਮੇਟੀ ਨੇ ਆਪਣੀ ਰਿਪੋਰਟ ਵਿੱਚ ਸਕੂਲਾਂ ਦੀਆਂ ਕੰਟੀਨਾਂ ਤੋਂ ਚਿਪਸ, ਚਾਕਲੇਟ, ਕਾਰਬੋਨੇਟਡ ਪੇਅ ਪਦਾਰਥ, ਮਠਿਆਈਆਂ ਅਤੇ ਜੰਕ ਫੂਡ ਨੂੰ ਹਟਾ ਦੇਣ ਦੀ ਸਿਫਾਰਿਸ਼ ਕੀਤੀ ਹੈ। ਕੋਵਿਡ-19 ਦੇ ਦੌਰਾਨ ਲੋਕਾਂ ਵਿੱਚ ਖਾਦ ਪਦਾਰਥਾਂ ਪ੍ਰਤੀ ਜਾਗਰੂਕਤਾ ਜ਼ਰੂਰ ਆਈ, ਪਰੰਤੂ ਉਹ ਚੰਗੀ ਆਦਤ ਲੰਮਾ ਸਮਾਂ ਨਹੀਂ ਚੱਲ ਸਕੀ।

ਇੱਕ ਪਾਸੇ ਬੱਚੇ ਜੰਕ ਫੂਡ ਕਾਰਨ ਸਿਹਤ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ, ਦੂਸਰੇ ਪਾਸੇ ਭਾਰਤ ਵਰਗੇ ਵਿਕਾਸਸ਼ੀਲ ਦੇਸ਼ ਦੇ ਲੱਖਾਂ ਬੱਚੇ ਅੱਜ ਵੀ ਇੱਕ ਕੁਪੋਸ਼ਨ ਦਾ ਸ਼ਿਕਾਰ ਹਨ। ਚਾਹੇ ਆਂਗਣਵਾੜੀ ਕੇਂਦਰਾਂ ਅਤੇ ਸਕੂਲਾਂ ਵਿੱਚ ਭੋਜਨ ਵਿਵਸਥਾ ਕੀਤੀ ਗਈ ਹੈ। ਪ੍ਰੰਤੂ ਅਜੇ ਵੀ ਅਨੇਕਾਂ ਕਦਮ ਚੁੱਕਣ ਦੀ ਜ਼ਰੂਰਤ ਹੈ । ਬੱਚਿਆਂ ਨੂੰ ਸਕੂਲੀ ਜੀਵਨ ਤੋਂ ਹੀ ਸੰਤੁਲਿਤ ਖੁਰਾਕ ਦੀ ਮਹੱਤਤਾ ਤੋਂ ਜਾਣੂ ਕਰਵਾਉਣ ਨਾਲ ਸਮੱਸਿਆ ਦਾ ਹੱਲ ਹੋ ਸਕਦਾ ਹੈ। ਸਕੂਲ ਦੇ ਪਾਠਕ੍ਰਮ ਵਿੱਚ ਪੋਸ਼ਣ, ਸਿਹਤ ਅਤੇ ਖੁਰਾਕ ਨੂੰ ਢੁਕਵਾਂ ਸਥਾਨ ਦੇਣਾ ਚਾਹੀਦਾ ਹੈ। ਮਾਪਿਆਂ ਨੂੰ ਵੀ ਚਾਹੀਦਾ ਹੈ ਕਿ ਉਹ ਬੱਚਿਆਂ ਨੂੰ ਘਰੇਲੂ ਅਤੇ ਪੋਸ਼ਟਿਕ ਭੋਜਨ ਖਾਣ ਲਈ ਪ੍ਰੇਰਿਤ ਕਰਨ ਅਤੇ ਖੁਦ ਵੀ ਸਿਹਤਮੰਦ ਆਦਤਾਂ ਅਪਨਾ ਕੇ ਰੋਲ ਮਾਡਲ ਬਣਨ।

ਸੰਤੁਲਤ ਭੋਜਨ ਸਬੰਧੀ ਸੁਚੱਜੀ ਸਿੱਖਿਆ ਅਤੇ ਜਾਣਕਾਰੀ ਤੰਦਰੁਸਤ ਸਮਾਜ ਦੀ ਨੀਂਹ ਹੈ। ਜੇ ਸਕੂਲ, ਮਾਪੇ ,ਸਮਾਜ, ਸਰਕਾਰ ਅਤੇ ਮੀਡੀਆ ਮਿਲ ਕੇ ਸਮਾਜਿਕ ਜ਼ਿੰਮੇਵਾਰੀ ਸਮਝਦੇ ਹੋਏ, ਸੰਤੁਲਤ ਖੁਰਾਕ ਸਬੰਧੀ ਜਾਗਰੂਕਤਾ ਪੈਦਾ ਕਰਨ ਤਾਂ ਸਿਹਤ ਸੰਕਟ ਨੂੰ ਘੱਟ ਕੀਤਾ ਜਾ ਸਕਦਾ ਹੈ। ਇਸ ਨਾਲ ਹੀ ਤੰਦਰੁਸਤ ,ਨਰੋਆ, ਸਮਰੱਥ ਅਤੇ ਖੁਸ਼ਹਾਲ ਸਮਾਜ ਦੀ ਸਿਰਜਣਾ ਕੀਤੀ ਜਾ ਸਕਦੀ ਹੈ। ਸਿਹਤ ਸਿੱਖਿਆ ਹਰ ਨਾਗਰਿਕ ਨੂੰ ਸਿਹਤਮੰਦ ਜੀਵਨ ਜਿਉਣ ਦਾ ਰਾਹ ਦਿਖਾਉਂਦੀ ਹੈ। "ਸਿਹਤਮੰਦ ਭੋਜਨ ਸਿਰਫ਼ ਸਰੀਰ ਨੂੰ ਤਾਕਤ ਹੀ ਨਹੀਂ ਦਿੰਦਾ, ਇਹ ਦਿਮਾਗ ਨੂੰ ਸਿੱਖਣ ਅਤੇ ਸੋਚਣ ਦੀ ਸਮਰੱਥਾ ਵੀ ਦਿੰਦਾ ਹੈ।

'ਸੂਰਜਾ ਸੂਰਜਾ ਫੱਟੀ ਸੁਕਾ...' ਤਾਂ ਹੁਣ ਪੂਰੀ ਤਰ੍ਹਾਂ ਵਿਸਰ ਚੁੱਕਾ ਹੈ


ਅੱਕਸਰ ਯਾਰ-ਦੋਸਤ ਜਾਂ ਛੋਟੇ-ਛੋਟੇ ਬੱਚਿਆਂ ਦੇ ਮਾਪੇ ਆਪਣੇ ਬੱਚੇ ਵੱਲ ਇਸ਼ਾਰਾ ਕਰ ਕੇ ਮੈਥੋਂ ਇਹ ਸਵਾਲ ਪੁੱਛ ਹੀ ਲੈਂਦੇ ਹਨ ਕਿ ਇਸ ਦੀ ਲਿਖਾਈ ਬੜੀ ਗੰਦੀ ਹੈ, 'ਲਿਖੇ ਮੂਸਾ, ਪੜ੍ਹੇ ਖੁਦਾ' ਵਾਲੀ ਗੱਲ ਹੈ। ਕਈ ਬਾਰ ਇਸਦੀ ਇਸਦੀ ਮੈਡਮ ਨੂੰ ਸਕੂਲੇ ਕਿਹਾ ਵੀ ਹੈ ਪਰ ਲਿਖਾਈ 'ਚ ਕੋਈ ਸੁਧਾਰ ਨਹੀਂ ਹੋਇਆ। ਨਾਲ ਹੀ ਪ੍ਰਸ਼ਨਵਾਚਕ ਨਿਗਾਹ ਨਾਲ ਕਹਿਣਗੇ ਕਿੱਥੇ ਲਾਈਏ ਇਸਨੂੰ ਟਿਊਸ਼ਨ, ਬਸ ਲਿਖਾਈ ਸੁਧਰਨੀ ਚਾਹੀਦੀ ਹੈ।

ਕਈ ਵਾਰ ਹਾਸੇ ਠੱਠੇ ਵਾਲਾ ਮਹੌਲ ਹੋਵੇ ਤਾਂ ਆਖ ਦਈਦਾ ਕਿ ਲਿਖਾਈ ਗੰਦੀ ਹੈ ਤਾਂ ਕੀ ਹੋਇਆ ਵੱਡਾ ਹੋ ਕੇ ਡਾਕਟਰ ਬਣਜੂ। ਨਾਲੇ ਫਿਰ ਆਪਣੀ ਗੱਲ ਵੀ ਸੁਣਾ ਦਈਦੀ ਹੈ ਕਿ ਅਸੀਂ ਤਾਂ ਫੱਟੀ ਲਿਖ ਲਿਖ ਆਪਣੀ ਲਿਖਾਈ ਬਣਾਈ ਸੀ।

ਅਸਲ 'ਚ ਫੱਟੀ ਦੀ ਥਾਂ 'ਤੇ ਕਾਪੀਆਂ ਆ ਜਾਣ ਕਾਰਨ ਅਭਿਆਸ ਲਈ ਫੱਟੀਆਂ ਤੇ ਲਿਖੇ ਜਾਂਦੇ ਵੱਡੇ ਅੱਖਰਾਂ ਦੀ ਥਾਂ ਹੁਣ ਕਾਪੀ ਦੀਆਂ ਛੋਟੀਆਂ ਛੋਟੀਆਂ ਲਾਈਨਾਂ 'ਚ ਪਾਏ ਜਾਣ ਵਾਲੇ ਨਿਕੜੇ ਅੱਖਰਾਂ ਨੇ ਲੈ ਲਈ ਹੈ। ਜਿਸ ਕਾਰਨ ਲਿਖਾਈ ਦੀ ਸੁੰਦਰਤਾ ਦਾ ਗ੍ਰਾਫ ਹੇਠਾਂ ਵੱਲ ਨੂੰ ਲੁੜਕਿਆ ਹੈ। ਰਹਿੰਦੀ ਖੂੰਹਦੀ ਜਖਣਾ ਕਲਮ, ਡੰਕ ਅਤੇ ਨਿੱਬ ਵਾਲੇ ਸ਼ਿਆਹੀ ਵਾਲੇ ਪੈਨਾਂ ਦੀ ਥਾਂ ਤੇ ਆਏ ਜੈਲ ਅਤੇ ਬਾਲ-ਪੈਨਾਂ ਨੇ ਮਾਰ ਸੁੱਟੀ ਹੈ। ਲਿਖਾਈ 'ਚ ਤੇਜ਼ੀ ਆ ਜਾਣ ਕਾਰਨ ਨਾ ਤਾਂ ਅੱਖਰਾਂ ਦੀ ਇਨ੍ਹਾਂ ਨਾਲ ਸਹੀ ਬਣਾਵਟ ਬਣਦੀ ਹੈ ਅਤੇ ਨਾ ਹੀ ਸੁੰਦਰਤਾ।

ਮੇਰੀ ਲਿਖਾਈ 'ਅਤਿ-ਉੱਤਮ' ਤਾਂ ਨਹੀਂ ਪਰ ਬਾਹਲਿਆਂ ਨਾਲੋਂ 'ਉੱਤਮ' ਹੈ। ਇਕ-ਦੋ ਦਿਨਾਂ 'ਚ ਨਹੀਂ ਬਣੀ। ਬੜੀ ਘਾਲਣਾ ਘਾਲੀ ਹੈ ਸਿਖਾਉਂਣ ਵਾਲੇ ਅਧਿਆਪਕਾਂ ਨੇ ਮੇਰੇ ਅੱਖਰਾਂ ਦੀ ਬਣਤਰ ਨੂੰ ਸਹੀ ਤੇ ਸੋਹਣਾ ਬਣਾਉਣ ਲਈ। ਮੈਨੂੰ ਅੱਜ ਵੀ ਯਾਦ ਹੈ ਪਹਿਲੀ ਜਮਾਤ 'ਚ ਪੜ੍ਹਾਉਣ ਵਾਲੇ ਆਂਟੀ ਪੁਸ਼ਪਾ ਦੇਵੀ ਜੀ, ਦੂਜੀ ਜਮਾਤ ਵਾਲੇ ਆਂਟੀ ਪ੍ਰੇਮ ਸਖੀ ਜੀ (ਸਾਡੇ ਸਕੂਲ 'ਚ ਉਸ ਵੇਲੇ ਮੈਡਮ ਨੂੰ ਆਂਟੀ ਜੀ ਹੀ ਕਿਹਾ ਜਾਂਦਾ ਸੀ), ਤੀਜੀ 'ਚ ਪੜ੍ਹਾਉਣ ਵਾਲੇ ਮਾਸਟਰ ਸਰਵਜੀਤ ਲਾਲ ਵਰਮਾ ਜੀ, ਚੌਥੀ 'ਚ ਸਿਖਾਉਂਣ ਵਾਲੇ ਰਾਜਿੰਦਰ ਕੁਮਾਰ ਜੀ ਅਤੇ ਪੰਜਵੀਂ 'ਚ ਜਮਾਤ ਦਾ ਮਨੀਟਰ ਬਣਾਉਣ ਵਾਲੇ ਗੁਲਸ਼ਨ ਗੋਇਲ ਜੀ ਸਭ ਨੇ ਫੱਟੀਆਂ ਲਿਖਵਾਈਆਂ, ਪਹਿਲਾਂ ਪੂਰਨੇ ਪਾ ਪਾ ਦਿੱਤੇ, ਫਿਰ ਅੱਖਰਾਂ ਦੀ ਬਣਾਵਟ ਸਹੀ ਕਰਵਾਈ ਤੇ ਬਾਅਦ 'ਚ ਤੇਜ਼ੀ ਨਾਲ ਸੋਹਣਾ ਲਿਖਣਾ ਸਿਖਾਇਆ। ਹੋਰ ਤਾਂ ਹੋਰ ਕਾਹਲੀ ਕਾਹਲੀ 'ਚ ਲਿਖਾਈ ਕੁੱਝ ਗੰਦੀ ਹੋ ਜਾਣ ਕਾਰਨ ਮਾਸਟਰ ਪਵਨ ਕੁਮਾਰ ਜੀ ਨੇ ਛੇਵੀਂ ਜਮਾਤ 'ਚ ਵੀ ਮੈਨੂੰ ਤਿੰਨ ਮਹੀਨਿਆਂ ਲਈ ਫੱਟੀ ਲਗਵਾ ਦਿੱਤੀ ਸੀ। ਨਤੀਜਾ ਇਹ ਹੋਇਆ ਕਿ ਅੱਜਤੱਕ ਵੀ ਕਾਫੀ ਹੱਦ ਤੱਕ ਲਿਖਾਈ ਵਧੀਆ ਹੈ। ਸਵੇਰ ਦੀ ਸਭਾ ਤੋਂ ਬਾਅਦ ਜਮਾਤ 'ਚ ਆ ਕੇ ਅਸੀਂ ਫੱਟੀਆਂ ਲਿਖਣੀਆਂ ਫਿਰ ਅੱਧੀ ਛੁੱਟੀ ਗਾਚੀ ਫੇਰ ਫੇਰ ਪੋਚਣੀਆਂ, 'ਸੂਰਜਾ ਸੂਰਜਾ ਫੱਟੀ ਸੁਕਾ' ਕਹਿ ਕੇ ਹਿਲਾ ਹਿਲਾ ਕੇ ਸੁਕਾਉਣੀਆਂ, ਬਾਅਦ 'ਚ ਫਿਰ ਲਿਖਣੀਆਂ, ਅਧਿਆਪਕਾਂ ਨੇ ਚੈਕ ਕਰਨੀਆਂ। ਹੁਣ ਇਸ ਦੀ ਜਗ?ਹਾ ਕਾਪੀਆਂ ਤੇ ਬਾਲ ਪੈਨਾਂ ਨੇ ਲੈ ਲਈ ਹੈ, ਜਿਸ ਨਾਲ ਲਿਖਾਈ ਦੀ ਸੁੰਦਰਤਾ ਵਿਗੜਦੀ ਜਾ ਰਹੀ ਹੈ। ਬੱਚੇ ਅੱਖਰ ਲਿਖ ਜ਼ਰੂਰ ਲੈਂਦੇ ਹਨ ਪਰ ਉਨ੍ਹਾਂ ਨੂੰ ਅੱਖਰਾਂ ਦੀ ਸਹੀ ਬਣਾਵਟ ਦਾ ਪਤਾ ਨਹੀਂ ਚਲਦਾ।





ਸੰਜੀਵ ਝਾਂਜੀ
ਜਗਰਾਉਂ
ਸੰਪਰਕ : 80049-10000

ਅੱਜ ਜੇ ਬੱਚਿਆਂ ਦੀ ਲਿਖਾਈ ਵੱਲ ਝਾਤ ਮਾਰੀਏ ਤਾਂ ਸੁੰਦਰ ਲਿਖਾਈ ਦੀ ਹਾਲਤ ਕਾਫੀ ਤਰਸਯੋਗ ਹੈ।

ਸਾਡੇ ਅਧਿਆਪਕਾਂ ਨੇ ਫੱਟੀ ਤੇ ਪੂਰਨੇ ਪਾ ਦੇਣੇ ਤੇ ਅਸੀਂ ਕਲਮ ਨੂੰ ਸਿਆਹੀ ਵਾਲੀ ਦਵਾਤ 'ਚ ਡਬੋ ਡਬੋ ਕੇ ਫੱਟੀ ਲਿਖ ਮਾਰਨੀ। ਇਸ ਨਾਲ ਬੱਚਿਆਂ ਦੀ ਲਿਖਾਈ ਵਿਚ ਬਹੁਤ ਸੁਧਾਰ ਹੁੰਦਾ ਸੀ ਪਰ ਅੱਜ ਆਧੁਨਿਕਤਾ ਦੀ ਹਨੇਰੀ ਸਾਡੇ ਸਮਾਜ 'ਚ ਇਸ ਤਰ੍ਹਾਂ ਆਈ ਕਿ ਇਹੀ ਫੱਟੀਆਂ ਸਾਨੂੰ ਪਿਛੜਾਪਨ ਜਾਪਣ ਲੱਗ ਪਈਆਂ? ਅੱਜ ਪੰਜਾਬ ਦਾ ਸ਼ਾਇਦ ਹੀ ਕੋਈ ਟਾਂਵਾ-ਟੱਲਾ ਸਕੂਲ ਹੋਵੇ ਜਿਸ 'ਚ ਇਨ੍ਹਾਂ ਫੱਟੀਆਂ ਤੇ ਲਿਖਾਈ ਸ਼ਿੰਗਾਰੀ ਜਾਂਦੀ ਹੋਵੇ। ਪਹਿਲਾਂ ਪ੍ਰਾਇਵੇਟ ਸਕੂਲਾਂ ਨੇ ਫੱਟੀ ਕੱਲਚਰ ਤੋਂ ਨਿਜ਼ਾਤ ਪਾ ਕੇ ਅਖੌਤੀ ਅਗਾਂਹਪ੍ਰਸਤੀ ਦਰਸ਼ਾਈ ਤੇ ਫਿਰ ਇਨ੍ਹਾਂ ਦੀ ਦੇਖਾ ਦੇਖੀ ਸਰਕਾਰੀ ਸਕੂਲ ਵੀ 'ਮਾਡਰਨ' ਵਿਖਾਉਣ ਲਈ ਇਸੇ ਕਤਾਰ 'ਚ ਆ ਖੜ੍ਹੇ। ਮੈਨੂੰ ਯਾਦ ਹੈ ਉਹ ਸਮਾਂ ਜਦੋਂ ਪ੍ਰਾਇਵੇਟ ਸਕੂਲ ਫੱਟੀ ਕੱਲਚਰ ਨੂੰ ਲਾਂਮੇ ਕਰਕੇ ਪ੍ਰਫੁਲੱਤ ਹੋ ਰਹੇ ਸਨ ਤਾਂ ਸਾਡੇ ਵਰਗੇ ਕੁੱਝ ਨਾਸਮਝ ਲੋਕ ਉਸ ਵੇਲੇ ਸਰਕਾਰੀ ਸਕੂਲਾਂ ਨੂੰ 'ਫੱਟੀ ਵਾਲੇ ਸਕੂਲ' ਨੱਕ ਚਿੜਾ ਕੇ ਕਿਹਾ ਕਰਦੇ ਸਨ। ਅੱਜ ਨਤੀਜਾ ਸਾਡੇ ਸਭ ਦੇ ਸਾਹਮਣੇ ਹੈ। ਇਹ ਫੱਟੀਆਂ, ਦਵਾਤਾਂ, ਕਲਮਾਂ ਅੱਜ ਗੁਮਨਾਮ ਜ਼ਿੰਦਗੀ ਜੀ ਰਹੀਆਂ ਹਨ। ਸਾਡੇ ਅਧਿਆਪਕ ਸਾਡੇ ਫੱਟੀਆਂ 'ਤੇ ਸੁੰਦਰ ਲਿਖਾਈ ਦੇ ਮੁਕਾਬਲੇ ਅਕਸਰ ਕਰਵਾਉਂਦੇ ਹੁੰਦੇ ਸਨ। ਅੱਜ ਸਕੂਲਾਂ 'ਚ ਮੁਕਾਬਲੇ ਤਾਂ ਮਨਾ-ਮੂਹੀਂ ਕਰਵਾਏ ਜਾਂਦੇ ਹਨ, ਪਰ ਸੁੰਦਰ ਲਿਖਾਈ ਦਾ ਆਧਾਰ ਤਿਆਰ ਕਰਨ ਵਾਲੇ 'ਫੱਟੀ ਲਿਖ ਸੁੰਦਰ ਲਿਖਾਈ ਮੁਕਾਬਲੇ' ਮੁਕਾਬਲਿਆਂ ਦੀ ਲਿਸਟ 'ਚੋਂ ਹੀ ਲੋਪ ਹਨ।

ਆਪਣੀ ਆਪਣੀ ਸੋਚ ਹੈ। ਸਕੂਲਾਂ ਚੋਂ ਫੱਟੀਆਂ ਖਤਮ ਹੋਣ ਪਿੱਛੇ ਮੈਂ ਸਰਕਾਰ ਨੂੰ ਦੋਸ਼ੀ ਨਹੀਂ ਮੰਨਦਾ। ਸਰਕਾਰ ਤਾਂ ਸਾਡੀ ਹੈ, ਲੋਕਾਂ ਦੀ ਹੈ, ਲੋਕਾਂ ਲਈ ਹੈ। ਲੋਕਾਂ ਨੇ ਆਪਣੇ ਆਪ ਨੂੰ ਅਖੌਤੀ ਉੱਚਾ ਦਰਸ਼ਾਉਣ ਲਈ ਫੱਟੀ ਸਿਸਟਮ ਦਾ ਤਿਆਗ ਕੀਤਾ ਤਾਂ ਸਰਕਾਰ ਨੇ ਵੀ ਅਜਿਹੀ ਨੀਤੀ ਘੜ ਦਿੱਤੀ ਸਰਕਾਰੀ ਸਕੂਲਾਂ ਨੂੰ ਬਚਾਉਣ ਅਤੇ ਪ੍ਰਾਇਵੇਟ ਜਿਹਾ ਵਿਖਾਉਣ ਲਈ। ਪਰ ਨੁਕਸਾਨ ਕਿਸ ਦਾ ਹੋਇਆ? ਇਹ ਸਾਨੂੰ ਸਭ ਨੂੰ ਰਲ ਕੇ ਸੋਚਣਾ ਪਵੇਗਾ, ਮਾਪਿਆਂ ਨੂੰ ਵੀ, ਅਧਿਆਪਕਾਂ ਨੂੰ ਵੀ, ਸਾਡੇ ਸਿੱਖਿਆ ਸ਼ਾਸਤਰੀਆਂ ਵੀ, ਨੀਤੀ ਧਾੜਿਆਂ ਨੂੰ ਵੀ ਤੇ ਸਰਕਾਰ ਨੂੰ ਵੀ।

ਸਿੱਖਿਆ ਅਤੇ ਸਾਹਿਤ ਦੇ ਸੁਮੇਲ ਦਾ ਮੱਘਦਾ ਸੂਰਜ.... ਰਘਬੀਰ ਸਿੰਘ ਭਰਤ

ਸਮਾਜਿਕ ਜੀਵਨ ਵਿੱਚ ਕੁੱਝ ਅਜਿਹੇ ਵਿਅਕਤੀ ਵੀ ਵਿਚਰਦੇ ਹਨ ਜੋ ਆਮ ਘਰਾਂ ਵਿੱਚ ਜਨਮ ਲੈ ਕੇ ਆਪਣੀ ਮਿਹਨਤ, ਸੋਚ, ਪੱਕੇ ਇਰਾਦੇ ਅਤੇ ਸਿਰੜ ਦੇ ਸਦਕਾ, ਸਮਾਜ ਵਿੱਚ ਬਹੁਤ ਉੱਚੀਆਂ ਉਚਾਈਆਂ ਨੂੰ ਛੂਹ ਜਾਂਦੇ ਹਨ ਅਤੇ ਲੋਕਾਂ ਵਿੱਚ ਆਪਣੀ ਵਿਅਕਤੀਗਤ ਜ਼ਿੰਦਗੀ ਦਾ ਅਹਿਸਾਸ ਕਰਵਾ ਦੇਂਦੇ ਹਨ। ਅਜਿਹੇ ਹੀ ਹਨ ਸਾਡੇ ਪੰਜਾਬੀ ਪ੍ਰੇਮੀ ਅਤੇ ਸਾਹਿਤ ਦੇ ਸਿਰੜੀ -ਰਘਬੀਰ ਸਿੰਘ ਭਰਤ।


ਪੰਜਾਬ ਵਿੱਚ ਮਾਛੀਵਾੜੇ ਸਾਹਿਬ ਦੇ ਨੇੜਲੇ ਪਿੰਡ ਸਹਿਜੋਮਾਜਰਾ ਵਿੱਚ ਜਨਮੇ ਰਘਬੀਰ ਸਿੰਘ ਭਰਤ ਸਿੱਖਿਆ ਅਤੇ ਸਾਹਿਤ ਦੇ ਖੇਤਰ ਵਿੱਚ ਅਜਿਹੇ ਚਮਕੇ ਕਿ ਉਹ ਪੰਜਾਬ ਦੇ ਅਧਿਆਪਕਾਂ ਅਤੇ ਸਾਹਿਤਕਾਰਾਂ ਲਈ ਚਾਨਣ- ਮੁਨਾਰਾ ਬਣ ਗਏ। ਬਹੁਤ ਹੀ ਸਧਾਰਨ ਦਿੱਖ ਵਾਲੇ ਅਤੇ ਸਧਾਰਨ ਪਹਿਰਾਵੇ ਵਾਲੇ ਭਰਤ ਜੀ ਨੇ 38 ਸਾਲ ਦੀ ਸਿੱਖਿਆ ਸੇਵਾ ਵਿੱਚ ਜੋ ਸਥਾਨ ਪ੍ਰਾਪਤ ਕਰ ਲਿਆ ਜੋ ਬਹੁਤ ਘੱਟ ਅਧਿਆਪਕਾਂ ਨੂੰ ਪ੍ਰਾਪਤ ਹੁੰਦਾ ਹੈ। ਉਨ੍ਹਾਂ ਨੇ ਉਰਦੂ ਅਤੇ ਪੰਜਾਬੀ ਵਿੱਚ ਐਮ.ਏ. ਕਰਕੇ ਬੀ.ਐਡ ਵੀ ਕੀਤੀ ਹੋਈ ਹੈ ਜਿਸ ਅਨੁਸਾਰ ਪਹਿਲਾ ਉਹ ਪ੍ਰਾਇਮਰੀ ਸਕੂਲਾਂ ਵਿੱਚ ਅਤੇ ਫਿਰ ਵੱਡੀਆਂ ਜਮਾਤਾਂ ਨੂੰ ਪੜ੍ਹਾਉਣ ਵਿੱਚ ਲੱਗੇ ਰਹੇ। ਲਿਖਣ-ਪੜ੍ਹਣ ਦਾ ਸ਼ੌਕ ਤਾਂ ਇੰਨਾ ਹੈ ਕਿ ਅੱਜ ਵੀ 84 ਸਾਲ ਦੀ ਉਮਰ ਵਿਚ ਉਹ ਨਿਰੰਤਰ ਲਿਖਦੇ ਰਹਿੰਦੇ ਹਨ। ਸਾਹਿਤ ਪ੍ਰਤੀ ਪਿਆਰ ਤਾਂ ਉਨ੍ਹਾਂ ਦੇ ਜੀਵਨ ਦਾ ਜੀਵਨ ਆਧਾਰ ਹੀ ਰਿਹਾ ਹੈ। ਪਿਛਲੇ 65 ਸਾਲਾਂ ਤੋਂ ਉਹ ਲਗਾਤਾਰ ਲਿਖਦੇ ਆ ਰਹੇ ਹਨ ਅਤੇ ਹੁਣ ਤੱਕ 17 ਪੁਸਤਕਾਂ ਪੰਜਾਬੀ ਪਾਠਕਾਂ ਦੀ ਝੋਲੀ ਪਾ ਚੁੱਕੇ ਹਨ। ਸਿੱਖਿਆ ਬਾਰੇ ਵੀ ਉਨ੍ਹਾਂ ਨੇ 70-80 ਲੇਖ ਕਹਿੰਦੇ ਕਹਾਉਂਦੇ ਮੈਗਜ਼ੀਨਾਂ ਅਤੇ ਅਖਬਾਰਾਂ ਵਿੱਚ ਛੱਪ ਚੁੱਕੇ ਹਨ।

ਸਾਹਿਤਕਾਰੀ ਬਾਰੇ ਤਾਂ ਰਘਬੀਰ ਸਿੰਘ ਭਰਤ ਜੀ ਆਪ ਹੀ ਲਿਖਦੇ ਹਨ "ਸਾਹਿਤ ਰਚਨਾ, ਸਾਹਿਤ ਅਲੋਚਨਾ ਅਤੇ ਸਾਹਿਤ ਅਧਿਐਨ ਮੇਰੇ ਨਿੱਤ ਨੇਮ ਵਿੱਚ ਸ਼ਾਮਲ ਹਨ।" ਉਨ੍ਹਾਂ ਦਾ ਪੂਰਾ ਜੀਵਨ ਸਿੱਖਿਆ ਅਤੇ ਸਾਹਿਤ ਨੂੰ ਸਮਰਪਿਤ ਰਿਹਾ ਹੈ ਅਤੇ ਉਹ ਆਪਣੇ ਅਧਿਆਪਕੀ ਸਫ਼ਰ ਦਾ ਜ਼ਿਕਰ ਕਰਦੇ ਹੋਏ ਲਿਖਦੇ ਹਨ, "ਸ੍ਰੀ ਗੁਰੂ ਨਾਨਕ ਦੇਵ ਜੀ ਨੇ ਆਚਰਣਕ ਸਿੱਖਿਆ ਦੇ ਗੁਣ ਇਸ ਪ੍ਰਕਾਰ ਪ੍ਰਗਟਾਏ ਹਨ, "ਸਤਿ, ਸੰਤੋਖ, ਦਇਆ, ਧਰਮ, ਦਾਨ, ਸਿਦਕ, ਸਬਰ, ਸੰਜਮ, ਖਿਮਾ, ਸੇਵਾ, ਪ੍ਰੇਮ, ਗਿਆਨ, ਸਾਧਨਾ, ਕਿਰਤ ਕਰਨੀ, ਵੰਡ ਛੱਕਣਾ ਅਤੇ ਸਿਮਰਨ ਕਰਨਾ ਆਦਿ, " ਕਹਿਣ ਦਾ ਭਾਵ ਕਿ ਉਹ ਸਿੱਖਿਆ ਅਤੇ ਸਾਹਿਤ ਦੇ ਖੇਤਰ ਦਾ ਅਮੁੱਲਾ ਭੰਡਾਰ ਹਨ। ਆਪਣੇ ਨਿੱਜੀ ਤਜਰਬੇ ਤੋਂ ਹੀ ਉਹ ਦੱਸਦੇ ਹਨ ਕਿ ਇੱਕ ਅਧਿਆਪਕ ਕੀ ਕੀ ਹੋ ਸਕਦਾ ਹੈ? ਉਨ੍ਹਾਂ ਅਨੁਸਾਰ ਅਧਿਆਪਕ "ਵਿਚਾਰਕ, ਸਿੱਖਿਆਦਾਤਾ , ਪੱਥ ਪ੍ਰਦਰਸ਼ਕ, ਲੇਖਕ, ਖੋਜ ਕਰਤਾ, ਚੰਗਾ ਬੁਲਾਰਾ, ਕੁਸ਼ਲ ਪ੍ਰਬੰਧਕ ਅਤੇ ਵਧੀਆ ਇਨਸਾਨ" ਹੋ ਸਕਦਾ ਹੈ। ਉਨ੍ਹਾਂ ਬਾਰੇ ਕਿਹਾ ਜਾਂਦਾ ਹੈ ਕਿ ਉਨ੍ਹਾਂ ਨੇ ਲੱਗਭਗ 45 ਸਾਲ ਮਾਛੀਵਾੜਾ ਸਾਹਿਬ ਦੇ ਖੇਤਰ ਵਿੱਚ ਗਿਆਨ ਦਾ ਅਥਾਹ ਲੰਗਰ ਚਲਾਇਆ ਹੈ ਅਤੇ ਸਿੱਖਿਆ ਦਾ ਪ੍ਰਸਾਰ ਕੀਤਾ ਹੈ। ਉਨ੍ਹਾਂ ਨੂੰ ਗਿਆਨ ਦਾ ਵਗਦਾ ਦਰਿਆ ਆਖਿਆ ਜਾਂਦਾ ਹੈ ਅਤੇ ਇਹੀ ਕਾਰਣ ਸੀ ਕਿ 10-11-2019 ਨੂੰ ਰਘਬੀਰ ਸਿੰਘ ਭਰਤ ਨੂੰ ਪੰਜਾਬ ਸਰਕਾਰ ਵਲੋਂ ਸਿੱਖਿਆ ਸ਼ਾਸਤਰੀ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ।

ਜੇ ਅਸੀਂ ਰਘਬੀਰ ਸਿੰਘ ਭਰਤ ਦੇ ਜੀਵਨ ਤੇ ਇੱਕ ਪੰਛੀ ਝਾਤ ਮਾਰੀਏ ਤਾਂ ਪਤਾ ਚਲਦਾ ਹੈ ਕਿ ਉਨ੍ਹਾਂ ਨੇ ਆਪਣਾ ਅਧਿਆਪਕੀ ਸਫ਼ਰ 8-2-1958 ਨੂੰ ਬਤੌਰ ਜੇ.ਬੀ.ਟੀ. ਅਧਿਆਪਕ ਸ਼ੁਰੂ ਕੀਤਾ ਸੀ ਅਤੇ 47 ਸਾਲ ਤੱਕ ਅਧਿਆਪਣ ਦਾ ਕੰਮ ਕੀਤਾ ਸੀ ਅਤੇ 47 ਸਾਲ ਤੱਕ ਅਧਿਆਪਣ ਦਾ ਕੰਮ ਕੀਤਾ। ਸੁਹਿਰਦ ਅਧਿਆਪਕ ਹੋਣ ਦੇ ਨਾਲ-ਨਾਲ ਆਪਣੀ ਪੜ੍ਹਾਈ ਸਾਰੀ ਉਮਰ ਜਾਰੀ ਰੱਖੀ। ਪ੍ਰਾਈਵੇਟ ਤੌਰ ਤੇ ਮੈਟ੍ਰਿਕ, ਜੇ.ਬੀ.ਟੀ. ਤੋਂ ਬਾਅਦ ਗਿਆਨੀ, ਐਫ.ਏ., ਬੀ.ਏ., ਬੀ.ਐਡ, ਐਮ.ਈ. (ਪੰਜਾਬੀ ਅਤੇ ਉਰਦੂ) ਅਤੇ ਫਿਰ ਪੀ.ਐਚ.ਡੀ. ਵੀ ਘਰ ਬੈਠਿਆਂ ਹੀ ਸ਼ੁਰੂ ਕੀਤੀ। ਪਰ ਪੀ.ਐਚ.ਡੀ. ਦਾ ਕਾਰਜ ਸੰਪੰਨ ਨਾ ਕਰ ਸਕੇ। ਸਿੱਖਿਆ ਦੇ ਨਾਲ ਹੀ ਉਨ੍ਹਾਂ ਦੀਆਂ ਸਾਹਿਤਕ ਦਿਲਚਸਪੀਆਂ ਵੱਧਦੀਆਂ ਗਈਆਂ ਅਤੇ ਉਨ੍ਹਾਂ ਨੇ 17 ਪੁਸਤਕਾਂ ਹੁਣ ਤੱਕ ਲਿਖ ਦਿੱਤੀਆਂ ਹਨ। ਉਹ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਾਛੀਵਾੜਾ ਮੈਗਜ਼ੀਨ ਦੇ "ਦਸਮੇਸ਼ ਦਰਪਨ" ਅਤੇ ਸ਼ਕਤੀ ਪਬਲਿਕ ਸਕੂਲ ਮਾਛੀਵਾੜਾ ਦੇ ਸ਼ਕਤੀ ਮੈਗਜ਼ੀਨ ਦੇ ਸੰਪਾਦਕ ਰਹੇ। 39 ਸਾਲ ਦੀ ਸਰਕਾਰੀ ਸੇਵਾ ਤੋਂ ਬਾਅਦ ਉਹ 8 ਸਾਲ ਤੱਕ ਸ਼ਕਤੀ ਪਬਲਿਕ ਸਕੂਲ ਮਾਛੀਵਾੜਾ ਵਿਖੇ ਪੰਜਾਬੀ ਦੇ ਲੈਕਚਰਾਰ ਦੇ ਤੌਰ ਤੇ ਕੰਮ ਕਰਦੇ ਰਹੇ।



ਸ੍ਰ. ਰਘਬੀਰ ਸਿੰਘ ਜੀ ਭਰਤ ਦਾ ਜਨਮ ਪਿਤਾ ਸਵ: ਸ. ਪਰਸਾ ਸਿੰਘ ਦੇ ਘਰ ਮਾਤਾ ਸਵ: ਸ੍ਰੀ ਮਤੀ ਹਰਭਜਨ ਕੌਰ ਦੀ ਕੁੱਖੋ 8-1-1939 ਈ: ਨੂੰ ਬਹੁਤ ਹੀ ਪਵਿੱਤਰ ਨਗਰ ਮਾਛੀਵਾੜਾ ਸਾਹਿਬ ਦੇ ਪਾਸ ਪਿੰਡ ਸਹਿਜੋਮਾਜਰਾ ਵਿਖੇ ਹੋਇਆ। ਉਨ੍ਹਾਂ ਦੀ ਧਰਮ ਪਤਨੀ ਸ੍ਰੀਮਤੀ ਅਮਰਜੀਤ ਕੌਰ ਦੇ ਘਰੇਲੂ ਸਹਿਯੋਗ ਸਦਕਾ ਭਰਤ ਜੀ ਨੇ ਪੰਜਾਬ ਦੇ ਨਾਮੀ ਸਾਹਿਤਕਾਰਾਂ ਵਿੱਚ ਆਪਣੀ ਪਹਿਚਾਣ ਬਣਾਈ। ਉਨ੍ਹਾਂ ਦੀਆਂ ਛਪੀਆਂ ਪੁਸਤਕਾਂ ਵਿੱਚ ਢੋਲ ਸਿਪਾਹੀ (1968), ਪੰਜਾਬੀ ਕਵਿਤਾ ਦਾ ਵਿਕਾਸ (1976), ਸਮਕਾਲੀ ਪੰਜਾਬੀ ਕਵਿਤਾ, ਗੁਰਮਤਿ ਦਰਪਨ ਆਲੋਚਨਾ, ਭਗਤ ਨਾਮ ਦੇਵ ਜੀ, ਮਾਛੀਵਾੜਾ ਸਾਹਿਬ ਸਰਵੇਖਣ ਪੁਸਤਕ ਭਾਸ਼ਾ ਵਿਭਾਗ ਪੰਜਾਬ -2011, ਪੱਕਾ ਪੁਲ, ਸਾਂਝਾ ਝਰੋਖਾ, ਫਤਹਿਨਾਮਾ ਅਤੇ ਜ਼ਫ਼ਰਨਾਮਾ ਦੇ ਕਾਵਿ ਅਨੁਵਾਦ ਅਤੇ ਹੋਰ ਲੇਖ, ਸਿੱਖਿਆ ਦਾ ਆਦਰਸ਼ ਅਤੇ ਉਦੇਸ਼, ਮੇਰਾ ਜੀਵਨ ਸਫ਼ਰ, ਰੋਸ਼ਨੀ ਦਾ ਸਫ਼ਰ, ਪਹਾੜ ਵਾਸੀ ਅਤੇ ਪਾਕਿਸਤਾਨੀ ਪੰਜਾਬੀ ਇਕਾਂਗੀ ਨਾਟਕ ਦਾ ਆਲੋਚਨਾਤਮਕ ਅਧਿਐਨ ਬਹੁਤ ਹੀ ਵਰਨਣਯੋਗ ਹਨ ਜਿਨ੍ਹਾਂ ਨੂੰ ਪਾਠਕਾਂ ਵਲੋਂ ਭਰਪੂਰ ਹੁੰਗਾਰਾ ਮਿਲਿਆ। ਉਨ੍ਹਾਂ ਵਲੋਂ ਮਾਂ ਬੋਲੀ ਪੰਜਾਬੀ ਦੀ ਸੇਵਾ ਨੂੰ ਕੋਈ ਵੀ ਭੁਲਾ ਨਹੀਂ ਸਕਦਾ। ਪਰ ਮੈ ਤਾਂ ਰਘਬੀਰ ਸਿੰਘ ਭਰਤ ਜੀ ਦੀ ਸਾਹਿਤਕ ਰਚਨਾ ਦਾ ਮੁਰੀਦ ਹਾਂ ਕਿਉਂਕਿ ਮੈਂ ਆਪਣੇ ਬਚਪਨ ਵਿੱਚ ਉਨ੍ਹਾਂ ਦਾ ਵਿਦਿਆਰਥੀ ਰਿਹਾ ਹਾਂ ਅਤੇ ਮੈਨੂੰ ਸਾਹਿਤ ਦੀ ਚੇਸ਼ਟਾ ਉਨ੍ਹਾਂ ਦੀਆਂ ਸਾਹਿਤਕ ਰਚਨਾਵਾਂ ਤੋਂ ਹੀ ਲੱਗੀ ਹੈ। ਸਿੱਖਿਆ ਅਤੇ ਸਾਹਿਤ ਦੇ ਮੱਘਦੇ ਇਸ ਸੂਰਜ ਨੂੰ ਮੇਰਾ ਸਲਾਮ ਹੈ।



ਬਹਾਦਰ ਸਿੰਘ ਗੋਸਲ
ਮਕਾਨ ਨੰਬਰ 3098,
ਸੈਕਟਰ-37ਡੀ, ਚੰਡੀਗੜ੍ਹ

ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਲਈ ਸ਼੍ਰੋਮਣੀ ਕਮੇਟੀ ਪ੍ਰਧਾਨ ਵੱਲੋਂ ਕਮੇਟੀ ਗਠਿਤ

ਪੈ.ਗਾਮ-ਏ-ਜਗਤ/ਅੰਮ੍ਰਿਤਸਰ
22 ਸਤੰਬਰ (ਹਰਮਿੰਦਰ ਸਿੰਘ ਨਾਗਪਾਲ)

ਸ੍ਰੀ ਅਨੰਦਪੁਰ ਸਾਹਿਬ ਨਾਲ ਸਬੰਧਤ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਮੈਂਬਰਾਂ 'ਤੇ ਅਧਾਰਿਤ ਇਕ ਕਮੇਟੀ ਦਾ ਗਠਤ ਕੀਤਾ ਹੈ। ਇਸ ਕਮੇਟੀ ਵਿਚ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਬਲਦੇਵ ਸਿੰਘ ਕਾਇਮਪੁਰ, ਮੈਂਬਰ ਸ. ਗੁਰਮੀਤ ਸਿੰਘ ਬੂਹ, ਭਾਈ ਗੁਰਬਖ਼ਸ਼ ਸਿੰਘ ਖ਼ਾਲਸਾ ਤੇ ਬੀਬੀ ਗੁਰਿੰਦਰ ਕੌਰ ਭੋਲੂਵਾਲਾ ਨੂੰ ਸ਼ਾਮਲ ਕੀਤਾ ਗਿਆ ਹੈ, ਜਦਕਿ ਇਸ ਦੇ ਕੋਆਰਡੀਨੇਟਰ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ ਹੋਣਗੇ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਭਾਵੇਂ ਪਹਿਲਾਂ ਵੀ ਵਿਭਾਗੀ ਤੌਰ 'ਤੇ ਇਸ ਮਾਮਲੇ ਦੀ ਜਾਂਚ ਚੱਲ ਰਹੀ ਹੈ। ਬਣਾਈ ਗਈ ਇਹ ਕਮੇਟੀ ਮਾਮਲੇ ਨਾਲ ਸਬੰਧਤ ਹਰ ਪੱਖ ਦੀ ਜਾਂਚ ਕਰਕੇ 15 ਦਿਨਾਂ ਦੇ ਅੰਦਰ-ਅੰਦਰ ਆਪਣੀ ਰਿਪੋਰਟ ਸ਼੍ਰੋਮਣੀ ਕਮੇਟੀ ਨੂੰ ਸੌਂਪੇਗੀ। ਉਨ੍ਹਾਂ ਕਿਹਾ ਕਿ ਸੰਗਤਾਂ ਵੱਲੋਂ ਉਠਾਏ ਜਾ ਰਹੇ ਹਰ ਸਵਾਲ ਦਾ ਜਵਾਬ ਕਮੇਟੀ ਦੀ ਰਿਪੋਰਟ ਆਉਣ ਮਗਰੋਂ ਤੱਥਾਂ ਸਮੇਤ ਦਿੱਤਾ ਜਾਵੇਗਾ। ਐਡਵੋਕੇਟ ਧਾਮੀ ਨੇ ਕਿਹਾ ਕਿ ਬਹਿਰੀਨ ਨਾਲ ਸਬੰਧਿਤ ਬੀਬੀ ਵੱਲੋਂ ਲਗਾਏ ਗਏ ਦੋਸ਼ਾਂ ਦੇ ਮਾਮਲੇ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫੈਸਲੇ ਅਨੁਸਾਰ ਮੁਅੱਤਲਸ਼ੁਦਾ ਵਧੀਕ ਹੈੱਡ ਗ੍ਰੰਥੀ ਭਾਈ ਮਲਕੀਤ ਸਿੰਘ ਨੂੰ ਸੇਵਾਵਾਂ ਤੋਂ ਫਾਰਗ ਕਰਨ ਦੇ ਨਾਲ ਭਾਈ ਅਮਰਜੀਤ ਸਿੰਘ ਵੱਲੋਂ ਵੀਡੀਓ ਰਾਹੀਂ ਸ਼੍ਰੋਮਣੀ ਕਮੇਟੀ ਮੈਂਬਰ ਵਜੋਂ ਦਿੱਤੇ ਅਸਤੀਫ਼ੇ ਨੂੰ ਵੀ ਪ੍ਰਵਾਨ ਕਰ ਲਿਆ ਗਿਆ ਹੈ।

> • ਸੰਗਤ ਵੱਲੋਂ ਉਠਾਏ ਜਾ ਰਹੇ ਹਰ ਸਵਾਲ ਦਾ ਜਵਾਬ ਕਮੇਟੀ ਦੀ ਰਿਪੋਰਟ ਮਗਰੋਂ ਤੱਥਾਂ ਸਮੇਤ ਦਿੱਤਾ ਜਾਵੇਗਾ- ਐਡਵੋਕੇਟ ਧਾਮੀ



ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਬੀਬੀ ਕਿਥੋਂ ਆਈ ਅਤੇ ਇਸ ਨੂੰ ਕੌਣ ਲੈ ਕੇ ਆਇਆ, ਇਸ ਸਬੰਧੀ ਉਨ੍ਹਾਂ ਨੂੰ ਕੋਈ ਵੀ ਜਾਣਕਾਰੀ ਨਹੀਂ ਹੈ। ਉਨ੍ਹਾਂ ਕਿਹਾ ਕਿ ਇਹ ਬੀਬੀ ਉਨ੍ਹਾਂ ਨੂੰ ਇਕ ਦੋ ਵਾਰ ਮਿਲੀ ਜ਼ਰੂਰ ਹੈ, ਪਰ ਉਸ ਵੱਲੋਂ ਕਿਸੇ ਤਰ੍ਹਾਂ ਦੀ ਅਨੈਤਿਕ ਹਰਕਤ ਹੋਣ ਬਾਰੇ ਮੇਰੇ ਨਾਲ ਕੋਈ ਗੱਲ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਇਹ ਹੋ ਹੀ ਨਹੀਂ ਸਕਦਾ ਕਿ ਮੈਨੂੰ ਅਜਿਹੇ ਮਾਮਲੇ ਬਾਰੇ ਦੱਸਿਆ ਗਿਆ ਹੋਵੇ ਅਤੇ ਮੈਂ ਕਾਰਵਾਈ ਨਾ ਕਰਾਂ। ਉਨ੍ਹਾਂ ਸ਼ੋਸ਼ਲ ਮੀਡੀਆ 'ਤੇ ਕੀਤੇ ਜਾ ਰਹੇ ਪ੍ਰਚਾਰ ਬਾਰੇ ਆਖਿਆ ਕਿ ਇਸ ਦੀ ਇਕ ਮਰਯਾਦਾ ਹੋਣੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਵੱਡੀ ਚਿੰਤਾ ਵਾਲੀ ਗੱਲ ਇਹ ਹੈ ਕਿ ਕਿਸੇ ਵੀ ਵਿਅਕਤੀ ਬਾਰੇ ਆਪਣੀ ਮਰਜ਼ੀ ਨਾਲ ਰਾਏ ਬਣਾ ਕੇ ਸ਼ੋਸ਼ਲ ਮੀਡੀਆ 'ਤੇ ਫੈਸਲੇ ਸੁਣਾਏ ਜਾ ਰਹੇ ਹਨ ਅਤੇ ਇਸ ਮਾਮਲੇ ਵਿਚ ਵੀ ਅਜਿਹਾ ਹੀ ਹੋ ਰਿਹਾ ਹੈ।

ਐਡਵੋਕੇਟ ਧਾਮੀ ਨੇ ਕਿਹਾ ਕਿ ਮੈਂ ਸੰਗਤ ਨੂੰ ਜਵਾਬਦੇਹ ਹਾਂ ਅਤੇ ਇਸ ਮਾਮਲੇ ਵਿਚ ਜਾਂਚ ਦੀ ਰਿਪੋਰਟ ਆਉਣ ਮਗਰੋਂ ਪੂਰੀ ਪਾਰਦਸ਼ਤਾ ਨਾਲ ਸਾਰੀ ਜਾਣਕਾਰੀ ਸੰਗਤਾਂ ਨਾਲ ਸਾਂਝੀ ਕੀਤੀ ਜਾਵੇਗੀ। ਕਿਉਂਕਿ ਇਹ ਸੰਵੇਦਨਸ਼ੀਲ ਮਾਮਲਾ ਹੈ ਅਤੇ ਇਸ ਵਿਚ ਕਿਸੇ ਵੀ ਵਿਅਕਤੀ ਨਾਲ ਬੇਇਨਸਾਫ਼ੀ ਨਹੀਂ ਹੋਣੀ ਚਾਹੀਦੀ। ਉਨ੍ਹਾਂ ਕਿਹਾ ਕਿ ਪੁਲਿਸ ਦੀ ਪੜਤਾਲ ਵੀ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਹੋਵੇ, ਤਾਂ ਜੋ ਮਾਮਲੇ ਵਿਚ ਇਨਸਾਫ਼ ਹੋ ਸਕੇ।

ਜ਼ਿਲ੍ਹੇ ਵਿੱਚ ਇੱਕ ਅਕਤੂਬਰ ਤੋਂ ਹੋਵੇਗੀ ਝੋਨੇ ਦੀ ਸਰਕਾਰੀ ਖਰੀਦ; 18 ਖਰੀਦ ਕੇਂਦਰ ਸਥਾਪਿਤ

ਸਾਹਿਬਜ਼ਾਦਾ ਅਜੀਤ ਸਿੰਘ ਨਗਰ
22 ਸਤੰਬਰ (ਪੈ.ਗਾਮ-ਏ-ਜਗਤ)

ਝੋਨੇ ਦੀ ਆਗਾਮੀ ਖਰੀਦ ਸੀਜ਼ਨ ਸਬੰਧੀ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਖੁਰਾਕ, ਸਿਵਲ ਸਪਲਾਈਜ਼ ਤੇ ਖਪਤਕਾਰ ਮਾਮਲੇ ਵਿਭਾਗ ਦੇ ਪ੍ਰਮੁੱਖ ਸਕੱਤਰ ਵੱਲੋਂ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨਾਲ ਆਨਲਾਈਨ ਮੀਟਿੰਗ ਕੀਤੀ ਗਈ।


ਮੀਟਿੰਗ ਦੌਰਾਨ ਝੋਨੇ ਦੀ ਖਰੀਦ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ, ਝੋਨੇ ਦੀ ਨਮੀ ਦੇ ਨਿਰਧਾਰਤ ਮਾਪਦੰਡਾਂ ਦੀ ਪਾਲਣਾ, ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਅਤੇ ਗੁਆਂਢੀ ਰਾਜਾਂ ਤੋਂ ਝੋਨੇ ਦੀ ਗੈਰ-ਕਾਨੂੰਨੀ ਆਮਦ ਨੂੰ ਰੋਕਣ ਸਬੰਧੀ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ। ਮੀਟਿੰਗ ਦੌਰਾਨ ਹਦਾਇਤ ਕੀਤੀ ਗਈ ਕਿ ਝੋਨੇ ਦੀ ਖਰੀਦ ਨਮੀ ਦੇ ਤੈਅ ਮਾਪਦੰਡਾਂ ਅਨੁਸਾਰ ਹੀ ਕੀਤੀ ਜਾਵੇ। ਇਸ ਸਬੰਧੀ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਮੰਡੀਆਂ ਵਿੱਚ ਸੁੱਕਾ ਝੋਨਾ ਹੀ ਲੈ ਕੇ ਆਉਣ, ਤਾਂ ਜੋ ਖਰੀਦ ਪ੍ਰਕਿਰਿਆ ਸੁਚਾਰੂ ਢੰਗ ਨਾਲ ਚੱਲ ਸਕੇ। ਡਿਪਟੀ ਕਮਿਸ਼ਨਰ ਸ੍ਰੀਮਤੀ ਕੋਮਲ ਮਿੱਤਲ ਨੇ ਉਨ੍ਹਾਂ ਨੂੰ ਦਸਿਆ ਕਿ ਨਮੀ ਦੇ ਮੱਦੇਨਜ਼ਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ ਝੋਨੇ ਦੀ ਕਟਾਈ ਲਈ ਕੰਬਾਈਨ ਹਾਰਵੈਸਟਰਾਂ ਦੀ ਵਰਤੋਂ ਸ਼ਾਮ 7 ਵਜੇ ਤੋਂ ਸਵੇਰੇ 9 ਵਜੇ ਤੱਕ ਵਰਜਿਤ ਹੈ। ਸਮੂਹ ਕਿਸਾਨਾਂ ਅਤੇ ਕੰਬਾਈਨ ਹਾਰਵੈਸਟਰ ਮਾਲਕਾਂ ਨੂੰ ਇਸ ਹਦਾਇਤ ਦੀ ਸਖ਼ਤੀ ਨਾਲ ਪਾਲਣਾ ਕਰਨ ਦੀ ਅਪੀਲ ਕੀਤੀ ਗਈ ਹੈ। ਇਸ ਤੋਂ ਇਲਾਵਾ, ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਖ਼ਤ ਪ੍ਰਬੰਧ ਕੀਤੇ ਗਏ ਹਨ ਅਤੇ ਸਬੰਧਤ ਵਿਭਾਗਾਂ ਨੂੰ ਇਸ ਸਬੰਧੀ ਲੋੜੀਂਦੀ ਨਿਗਰਾਨੀ ਯਕੀਨੀ ਬਣਾਉਣ ਲਈ ਹਦਾਇਤਾਂ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਗੁਆਂਢੀ ਰਾਜਾਂ ਤੋਂ ਘੱਟ ਕੀਮਤ 'ਤੇ ਝੋਨਾ ਖਰੀਦ ਕੇ ਪੰਜਾਬ ਦੀਆਂ ਮੰਡੀਆਂ ਵਿੱਚ ਐਮ.ਐਸ.ਪੀ. 'ਤੇ ਵੇਚਣ ਦੀਆਂ ਸੰਭਾਵਨਾਵਾਂ ਨੂੰ ਰੋਕਣ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਖ਼ਤ ਨਿਗਰਾਨੀ ਅਤੇ ਚੈਕਿੰਗ ਪ੍ਰਬੰਧ ਕੀਤੇ ਗਏ ਹਨ। ਇਸ ਤਹਿਤ ਜ਼ਿਲ੍ਹੇ ਵਿੱਚ ਝਰਮੜੀ ਬੈਰੀਅਰ, ਲਾਲੜੂ; ਬੱਸ ਸਟੈਂਡ, ਹੰਡੇਸਰਾ; ਸੀਸਵਾਂ ਟੀ-ਪੁਆਇੰਟ, ਮਾਜਰਾ; ਸੇਖੋਂ ਬੈਂਕਵੈਟ, ਢਕੌਲੀ, ਜ਼ੀਰਕਪੁਰ; ਬੇਹੜਾ ਮੋੜ, ਡੇਰਾਬੱਸੀ ਅਤੇ ਰਾਮਗੜ੍ਹ-ਦਫ਼ਰਪੁਰ ਰੋਡ, ਮੁਬਾਰਕਪੁਰ ਵਿਖੇ ਛੇ ਨਾਕੇ ਸਥਾਪਿਤ ਕੀਤੇ ਗਏ ਹਨ।

ਸਰਕਾਰ ਨੇ ਯੂਪੀਆਈ 'ਤੇ ਐਮਡੀਆਰ ਚਾਰਜ ਲਗਾ ਕੇ ਦੇਸ਼ ਤੇ ਪ੍ਰਦੇਸ਼ ਵਾਸੀਆਂ ਦੀਆਂ ਜੇਬਾਂ 'ਤੇ ਡਾਕਾ ਮਾਰਿਆ : ਰਾਜੇਂਦਰ ਸੋਰਖੀ

ਪੈ.ਗਾਮ-ਏ-ਜਗਤ
ਹਾਂਸੀ (ਦਿਨਕਰ ਗਾਵੜੀ)

ਆਮ ਆਦਮੀ ਪਾਰਟੀ ਨੇ ਕਿਹਾ ਕਿ ਭਾਜਪਾ ਸਰਕਾਰ ਵੱਲੋਂ ਯੂਪੀਆਈ 'ਤੇ ਐਮਡੀਆਰ ਚਾਰਜ ਲਗਾਉਣ ਦਾ ਫੈਸਲਾ ਸਿੱਧੇ ਤੌਰ 'ਤੇ ਦੇਸ਼ ਤੇ ਪ੍ਰਦੇਸ਼ ਦੀ ਜਨਤਾ ਦੀਆਂ ਜੇਬਾਂ 'ਤੇ ਡਾਕਾ ਮਾਰਨ ਦੀ ਕੋਸ਼ਿਸ਼ ਹੈ। ਪਾਰਟੀ ਜਨਤਾ ਦੇ ਨਾਲ ਮਿਲ ਕੇ ਇਸ ਲੋਕ-ਵਿਰੋਧੀ ਫੈਸਲੇ ਦਾ ਹਰ ਪੱਧਰ 'ਤੇ ਡੱਟ ਕੇ ਵਿਰੋਧ ਕਰੇਗੀ ਅਤੇ ਇਸ ਫੈਸਲੇ ਨੂੰ ਵਾਪਸ ਲੈਣ ਤੱਕ ਚੈਨ ਨਾਲ ਨਹੀਂ ਬੈਠੇਗੀ। ਪਾਰਟੀ ਦੀ ਰਾਸ਼ਟਰੀ ਪਰਿਸ਼ਦ ਦੇ ਮੈਂਬਰ ਅਤੇ ਹਾਂਸੀ ਜ਼ਿਲ੍ਹਾ ਪ੍ਰਧਾਨ ਰਾਜੇਂਦਰ ਸੋਰਖੀ ਨੇ ਪ੍ਰੈਸ ਲਈ ਜਾਰੀ ਬਿਆਨ ਵਿੱਚ ਕਿਹਾ ਕਿ ਯੂਪੀਆਈ 'ਤੇ ਐਮਡੀਆਰ ਚਾਰਜ ਲਗਾਉਣ ਨਾਲ ਦੇਸ਼ ਤੇ ਪ੍ਰਦੇਸ਼ ਦੇ ਹਰ ਵਰਗ 'ਤੇ ਵਿਸ਼ੇਸ਼ ਕਰਕੇ ਵਪਾਰੀ ਵਰਗ 'ਤੇ ਭਾਰੀ ਅਸਰ ਪਵੇਗਾ।

ਇੱਥੇ ਜ਼ਿਕਰਯੋਗ ਹੈ ਕਿ ਯੂਪੀਆਈ ਰਾਹੀਂ ਲੈਣ-ਦੇਣ ਵਧਾਉਣ ਲਈ ਹੀ ਸਰਕਾਰ ਨੇ ਨੋਟਬੰਦੀ ਦਾ ਫੈਸਲਾ ਲਿਆ ਸੀ ਅਤੇ ਹੁਣ ਆਪਣੇ ਹੀ ਫੈਸਲੇ ਦੇ ਉਲਟ ਉਸ 'ਤੇ ਵਾਧੂ ਚਾਰਜ ਲਗਾ ਕੇ ਜਨਤਾ 'ਤੇ ਬੋਝ ਪਾਉਣ ਦਾ ਕੰਮ ਕਰ ਰਹੀ ਹੈ। ਯੂਪੀਆਈ ਅੱਜ-ਕੱਲ੍ਹ ਦੇਸ਼ ਤੇ ਪ੍ਰਦੇਸ਼ ਵਿੱਚ ਡਿਜੀਟਲ ਭੁਗਤਾਨ ਦਾ ਮਹੱਤਵਪੂਰਨ ਮਾਧਿਅਮ ਬਣ ਚੁੱਕਾ ਹੈ। ਛੋਟੇ ਤੋਂ ਲੈ ਕੇ ਵੱਡੇ ਦੁਕਾਨਦਾਰ ਜਾਂ ਗਾਹਕ ਤੱਕ ਹਰ ਰੋਜ਼ ਯੂਪੀਆਈ ਦੇ ਮਾਧਿਅਮ ਰਾਹੀਂ ਲੈਣ-ਦੇਣ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਨੇ ਖੁਦ ਹੀ ਯੂਪੀਆਈ ਨੂੰ ਉਤਸ਼ਾਹਿਤ ਕਰਨ ਲਈ ਡਿਜੀਟਲ ਭੁਗਤਾਨ ਕਰਨ ਦਾ ਸੱਦਾ ਦਿੱਤਾ ਸੀ ਅਤੇ ਹੁਣ ਜਦੋਂ ਲੋਕਾਂ ਨੇ ਯੂਪੀਆਈ ਦੇ ਚਲਣ ਨੂੰ ਵਧਾਵਾ ਦੇ ਦਿੱਤਾ ਤਾਂ ਸਰਕਾਰ ਜਨਤਾ 'ਤੇ ਹੀ ਇਸ ਦੇ ਬਦਲੇ ਚਾਰਜ ਲਗਾਉਣ ਦਾ ਹੁਕਮ ਦੇ ਰਹੀ ਹੈ। ਸਰਕਾਰ ਦਾ ਇਹ ਫੈਸਲਾ ਸਿੱਧੇ ਤੌਰ 'ਤੇ ਜਨਤਾ ਦੀ ਪਿੱਠ ਵਿੱਚ ਛੁਰਾ ਮਾਰਨ ਦੇ ਬਰਾਬਰ ਹੈ।



ਆਪ ਦੇ ਸੀਨੀਅਰ ਆਗੂ ਰਾਜੇਂਦਰ ਸੋਰਖੀ ਨੇ ਕਿਹਾ ਕਿ ਦੇਸ਼ ਦਾ ਵਪਾਰੀ ਵਰਗ ਪਹਿਲਾਂ ਹੀ ਜੀਐਸਟੀ, ਆਮਦਨ ਕਰ, ਆਬਕਾਰੀ ਡਿਊਟੀ, ਬਿਜਲੀ ਬਿੱਲ, ਭਾਰੀ-ਭਰਕਮ ਹੋਰ ਖਰਚਿਆਂ ਨਾਲ ਜੂਝ ਰਿਹਾ ਹੈ, ਅਜਿਹੇ ਵਿੱਚ ਤੁਗਲਕੀ ਫਰਮਾਨ ਜਾਰੀ ਕਰਦੇ ਹੋਏ ਯੂਪੀਆਈ 'ਤੇ ਐਮਡੀਆਰ ਚਾਰਜ ਲਗਾਉਣ ਦਾ ਫੈਸਲਾ ਘੋਰ ਅਨਿਆਂਪੂਰਨ ਹੈ। ਉਨ੍ਹਾਂ ਕਿਹਾ ਕਿ ਜਨਤਾ ਪਹਿਲਾਂ ਹੀ ਵਧਦੀ ਮਹਿੰਗਾਈ ਦੇ ਬੋਝ ਹੇਠ ਪਿਸ ਰਹੀ ਹੈ। ਇੱਕ ਆਮ ਮਨੁੱਖ ਦਾ ਦਿਨ-ਰਾਤ ਮਿਹਨਤ-ਮਜ਼ਦੂਰੀ ਕਰਨ 'ਤੇ ਵੀ ਘਰ ਚਲਾਉਣਾ ਮੁਸ਼ਕਲ ਹੋ ਗਿਆ ਹੈ। ਇਸ 'ਤੇ ਵੀ ਸਰਕਾਰ ਆਏ ਦਿਨ ਕਦੇ ਕਿਸੇ ਚੀਜ਼ ਦੇ ਤਾਂ ਕਦੇ ਕਿਸੇ ਚੀਜ਼ ਦੇ ਭਾਅ ਵਧਾ ਕੇ ਲੋਕਾਂ ਨੂੰ ਤਿਲ-ਤਿਲ ਕਰਕੇ ਮਰਨ ਲਈ ਮਜਬੂਰ ਕਰ ਰਹੀ ਹੈ। ਦੇਸ਼ ਤੇ ਪ੍ਰਦੇਸ਼ ਦੀ ਭੋਲੀ-ਭਾਲੀ ਜਨਤਾ ਨੂੰ ਵਰਗਲਾ ਕੇ ਵੋਟਾਂ ਹਥਿਆ ਕੇ ਸੱਤਾ ਵਿੱਚ ਆਈ ਭਾਜਪਾ ਨੇ ਮਹਿੰਗਾਈ ਦੇ ਪਿਛਲੇ ਸਾਰੇ ਰਿਕਾਰਡ ਤੋੜ ਕੇ ਨਵਾਂ ਕੀਰਤੀਮਾਨ ਸਥਾਪਤ ਕੀਤਾ ਹੈ। ਜਨਤਾ ਹੁਣ ਭਾਜਪਾ ਨੂੰ ਵੋਟ ਦੇ ਕੇ ਪਛਤਾ ਰਹੀ ਹੈ ਅਤੇ ਅਗਲੀਆਂ ਚੋਣਾਂ ਦੀ ਬੇਸਬਰੀ ਨਾਲ ਉਡੀਕ ਕਰ ਰਹੀ ਹੈ। ਆਪ ਦੇ ਸੀਨੀਅਰ ਆਗੂ ਰਾਜੇਂਦਰ ਸੋਰਖੀ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਯੂਪੀਆਈ ਲੈਣ-ਦੇਣ 'ਤੇ ਐਮਡੀਆਰ ਚਾਰਜ ਦੇ ਫੈਸਲੇ ਨੂੰ ਤੁਰੰਤ ਵਾਪਸ ਲਿਆ ਜਾਵੇ ਤਾਂ ਜੋ ਜਨਤਾ ਕੁਝ ਰਾਹਤ ਮਹਿਸੂਸ ਕਰ ਸਕੇ। ਜੇਕਰ ਸਰਕਾਰ ਨੇ ਇਸ ਲੋਕ-ਵਿਰੋਧੀ ਫੈਸਲੇ ਨੂੰ ਵਾਪਸ ਨਾ ਲਿਆ ਤਾਂ ਆਮ ਆਦਮੀ ਪਾਰਟੀ ਜਨਤਾ ਦੇ ਨਾਲ ਮਿਲ ਕੇ ਅੰਦੋਲਨ ਕਰੇਗੀ।

ਜ਼ਿਲ੍ਹਾ ਚੋਣ ਅਫ਼ਸਰ ਵਲੋਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੀ ਮੌਜੂਦਗੀ 'ਚ ਈ.ਵੀ.ਐਮ. ਵੇਅਰਹਾਊਸ ਦਾ ਤਿਮਾਹੀ ਨਿਰੀਖਣ

ਪੈ.ਗਾਮ-ਏ-ਜਗਤ
ਹੁਸ਼ਿਆਰਪੁਰ (ਦਲਜੀਤ ਅਜਨੋਹਾ)

ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਤਹਿਤ ਡਿਪਟੀ ਕਮਿਸ਼ਨਰ-ਕਮ- ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਅੱਜ ਜ਼ਿਲ੍ਹਾ ਪੱਧਰ 'ਤੇ ਬਣਾਏ ਗਏ ਈ.ਵੀ.ਐਮ ਵੇਅਰਹਾਊਸ ਦੀ ਸਤੰਬਰ- 2026 ਦੀ ਤਿਮਾਹੀ ਪੜਤਾਲ ਕਰਦਿਆਂ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਵਿਚ ਵੇਅਰਹਾਊਸ ਨੂੰ ਖੋਲ੍ਹ ਕੇ ਅੰਦਰੂਨੀ ਨਿਰੀਖਣ ਕੀਤਾ ਗਿਆ।

ਜ਼ਿਲ੍ਹਾ ਚੋਣ ਅਫ਼ਸਰ ਨੇ ਸਬੰਧਤ ਅਧਿਕਾਰੀਆਂ ਅਤੇ ਨੁਮਾਇੰਦਿਆਂ ਸਮੇਤ ਪੜਤਾਲ ਪ੍ਰਕਿਰਿਆ ਤਹਿਤ ਵੇਅਰਹਾਊਸ ਨੂੰ ਖੋਲ੍ਹ ਕੇ ਈ.ਵੀ.ਐਮਜ਼ ਅਤੇ ਵੀ.ਵੀ.ਪੈਟ ਮਸ਼ੀਨਾਂ ਦੀ ਸਥਿਤੀ, ਸੁਰੱਖਿਆ ਪ੍ਰਬੰਧ, ਸੀਲਿੰਗ ਵਿਵਸਥਾ ਅਤੇ ਸੀ.ਸੀ.ਟੀ.ਵੀ ਨਿਗਰਾਨੀ ਵਿਵਸਥਾ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਮੁਕੰਮਲ ਰਿਕਾਰਡ, ਲਾਗ ਬੁੱਕ ਅਤੇ ਐਂਟਰੀ ਰਜਿਸਟਰਾਂ ਦੀ ਵੀ ਸਮੀਖਿਆ ਕੀਤੀ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਕਿਹਾ ਕਿ ਈ.ਵੀ.ਐਮ ਵੇਅਰਹਾਊਸ ਦੀ ਤਿਮਾਹੀ ਪੜਤਾਲ ਇਕ ਨਿਯਮਿਤ ਅਤੇ ਜ਼ਰੂਰੀ ਪ੍ਰਕਿਰਿਆ ਹੈ, ਜੋ ਹਰੇਕ ਜ਼ਿਲ੍ਹੇ ਵਿਚ ਸਮੇਂ-ਸਮੇਂ ਸਿਰ ਕੀਤੀ ਜਾਂਦੀ ਹੈ। ਇਸ ਦਾ ਉਦੇਸ਼ ਚੋਣ ਪ੍ਰਕਿਰਿਆ ਦੀ ਨਿਰਪੱਖਤਾ, ਸੁਰੱਖਿਆ ਅਤੇ ਪਾਰਦਰਸ਼ਤਾ ਬਣਾਏ ਰੱਖਣਾ ਹੈ।



ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨਿਧੀ ਕੁਮੁਦ ਬੰਬਾਹ, ਜ਼ਿਲ੍ਹਾ ਮਾਲ ਅਫ਼ਸਰ ਅਮਨਦੀਪ ਸਿੰਘ ਚਾਵਲਾ, ਸਹਾਇਕ ਡਾਇਰੈਕਟਰ ਬਾਗਬਾਨੀ ਜਸਪਾਲ ਸਿੰਘ ਢੇਰੀ, ਚੋਣ ਤਹਿਸੀਲਦਾਰ ਰਮਨਦੀਪ ਕੌਰ, ਕਾਨੂੰਗੋ ਲਖਵੀਰ ਰਾਣਾ ਤੋਂ ਇਲਾਵਾ ਰਾਜਨੀਤਿਕ ਪਾਰਟੀ ਦੇ ਨੁਮਾਇੰਦਿਆਂ ਕਾਂਗਰਸ ਪਾਰਟੀ ਵਲੋਂ ਰਜਨੀਸ਼ ਟੰਡਨ, ਆਮ ਆਦਮੀ ਪਾਰਟੀ ਵਲੋਂ ਖੁਸ਼ੀ ਰਾਮ ਧੀਮਾਨ, ਸੀ.ਆਈ.ਐਮ. ਵਲੋਂ ਬਲਵਿੰਦਰ ਸਿੰਘ ਆਦਿ ਮੌਜੂਦ ਸਨ।